@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 7 May 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 7 ਮਈ 2025, 24 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 176, qpatrika@gmail.com ਫੋਨ : 9971359517 www.qaumipatrika.org

# ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਕੀਤੀ ਮੁਲਾਕਾਤ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 6 ਮਈ। ਜੰਮੂ-ਕਸ਼ਮੀਰ ਦੇ ਪਹਿਲਗਾਮ ’ਚ ਹੋਏ ਅੱਤਵਾਦੀ ਹਮਲੇ ਮਗਰੋਂ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦਾ ਮਾਹੌਲ ਬਣਿਆ ਹੋਇਆ ਹੈ। ਇਸ ਹਮਲੇ ਵਿਚ 26 ਬੇਕਸੂਰ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਪ੍ਰਧਾਨ ਮੰਤਰੀ ਨਰਿੰਦਰ ਵਲੋਂ ਇਸ ਹਮਲੇ ਮਗਰੋਂ ਲਗਾਤਾਰ ਉੱਚ-ਪੱਧਰੀ ਬੈਠਕਾਂ ਦਾ ਸਿਲਸਿਲਾ ਜਾਰੀ ਹੈ। ਇਸ ਦਰਮਿਆਨ ਅੱਜ ਯਾਨੀ ਕਿ ਮੰਗਲਵਾਰ ਨੂੰ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਨੇ ਪੀ. ਐੱਮ. ਆਵਾਸ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਨੂੰ ਲੈ ਕੇ ਕਈ ਕਿਆਸਰਾਈਆਂ ਲਾਈਆਂ ਜਾ ਰਹੀਆਂ ਹਨ ਕਿ ਭਾਰਤ, ਪਾਕਿਸਤਾਨ ਖਿਲਾਫ਼ ਕੁਝ ਤਾਂ ਵੱਡਾ ਕਰਨ ਦੀ ਤਿਆਰੀ ਵਿਚ ਹੈ। 5 ਮਈ ਯਾਨੀ ਕਿ ਕੱਲ ਵੀ ਪ੍ਰਧਾਨ ਮੰਤਰੀ ਮੋਦੀ ਨੇ ਅਜੀਤ ਡੋਭਾਲ ਨਾਲ ਅਹਿਮ ਬੈਠਕ ਕੀਤੀ ਸੀ। ਇਸ ਬੈਠਕ ਵਿਚ ਜੰਮੂ-ਕਸ਼ਮੀਰ ਦੀ ਸੁਰੱਖਿਆ ਸਥਿਤੀ, ਅੱਤਵਾਦੀ ਨੈੱਟਵਰਕ ਖਿਲਾਫ਼ ਆਪ੍ਰੇਸ਼ਨ ਅਤੇ ਪਾਕਿਸਤਾਨ ’ਤੇ ਕੂਟਨੀਤਕ ਦਬਾਅ ਵਧਾਉਣ ਦੀ



ਰਣਨੀਤੀ ’ਤੇ ਸਲਾਹ-ਮਸ਼ਵਰਾ ਕੀਤਾ ਗਿਆ। ਜ਼ਿਕਰਯੋਗ ਹੈ ਕਿ ਕਿ ਸੁਰੱਖਿਆ ਮਾਮਲਿਆਂ ਦੀ ਕੈਬਨਿਟ ਕਮੇਟੀ ਦੀ ਬੈਠਕ ਵਿਚ ਪਾਕਿਸਤਾਨ ਖ਼?ਲਾਫ਼ ਸਖ਼ਤ ਕਦਮਾਂ ’ਤੇ ਚਰਚਾ ਹੋਈ। ਜਿਸ ਵਿਚ ਭਾਰਤ ਨੇ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਅਤੇ ਅਟਾਰੀ-ਵਾਹਘਾ ਬਾਰਡਰ ਨੂੰ ਬੰਦ ਕਰਨ ਵਰਗੇ ਇਤਿਹਾਸਕ ਫ਼ੈਸਲੇ ਲਏ ਹਨ। 29 ਅਪ੍ਰੈਲ ਨੂੰ ਪ੍ਰਧਾਨ ਮੰਤਰੀ ਮੋਦੀ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ, ਅਜੀਤ ਡੋਭਾਲ, ਚੀਫ਼ ਆਫ਼ ਡਿਫੈਂਸ ਸਟਾਫ ਜਨਰਲ ਅਨਿਲ ਚੌਹਾਨ ਅਤੇ ਤਿੰਨਾਂ ਸੈਨਾਵਾਂ ਦੇ ਮੁਖੀਆਂ ਨਾਲ 90 ਮਿੰਟ ਦੀ ਹਾਈ ਲੈਵਲ ਬੈਠਕ ਕੀਤੀ ਸੀ, ਜਿਸ ਵਿਚ ਹਥਿਆਰਬੰਦ ਫ਼ੌਜੀਆਂ ਨੂੰ ਖੁੱਲ੍ਹੀ ਛੁੱਟ ਦੇਣ ਦਾ ਫ਼ੈਸਲਾ ਲਿਆ ਗਿਆ। ਉਧਰ ਕੱਲ ਹੋਈ ਬੈਠਕ ਵਿਚ ਗ੍ਰਹਿ ਮੰਤਰਾਲੇ ਨੇ ਕਈ ਸੂਬਿਆਂ ਨੂੰ 7 ਮਈ ਨੂੰ ਪ੍ਰਭਾਵਸ਼ਾਲੀ ਸਿਵਲ ਡਿਫੈਂਸ ਲਈ ਮੌਕ ਡ੍ਰਿਲ ਕਰਨ ਲਈ ਕਿਹਾ ਹੈ। ਇਸ ਮੌਕ ਡ੍ਰਿਲ ਵਿਚ ਕਈ ਉਪਾਅ ਕੀਤੇ ਜਾਣਗੇ। ਮੌਕ ਡਰਿੱਲ ਦੌਰਾਨ ਬਲੈਕਆਊਟ ਹੁੰਦਾ ਹੈ। ਕੱਲ੍ਹ (ਬੁੱਧਵਾਰ) ਸਾਇਰਨ ਵੱਜੇਗਾ ਅਤੇ ਹਮਲੇ ਦੌਰਾਨ ਲੋਕਾਂ ਨੂੰ ਲੁਕਣਾ ਪਵੇਗਾ। ਮੌਕ ਡਰਿੱਲ ਵਿਚ ਲੋਕਾਂ ਨੂੰ ਇਹ ਸਿਖਾਇਆ ਜਾਂਦਾ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਸੁਰੱਖਿਅਤ ਥਾਂ ’ਤੇ ਲਿਜਾਣ ਦਾ ਕੰਮ ਵੀ ਕੀਤਾ ਜਾਂਦਾ ਹੈ। ਲੋਕਾਂ ਨੂੰ ਹਵਾਈ ਹਮਲੇ ਵਰਗੀ ਸਥਿਤੀ ਲਈ ਤਿਆਰ ਰਹਿਣਾ ਪਵੇਗਾ।

## ਖ਼ੁਫੀਆ ਏਜੰਸੀਆਂ ਨੇ ਬਾਰਡਰ ਏਰੀਏ ਨੂੰ ਕਰ’ਤਾ ਅਲਰਟ !

ਨੈਸ਼ਨਲ ਡੈਸਕ 6 ਮਈ। 22 ਅਪ੍ਰੈਲ ਨੂੰ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧਦੇ ਤਣਾਅ ਦੇ ਵਿਚਕਾਰ, ਰਾਜਸਥਾਨ ਦੀਆਂ ਖੁਫੀਆ ਏਜੰਸੀਆਂ ਨੇ ਸਰਹੱਦੀ ਖੇਤਰਾਂ ਵਿੱਚ ਜਾਸੂਸੀ ਗਤੀਵਿਧੀਆਂ ਦੇ ਵਧਣ ਬਾਰੇ ਅਲਰਟ ਜਾਰੀ ਕੀਤੇ ਹਨ। ਸੁਰੱਖਿਆ ਏਜੰਸੀਆਂ ਨੇ ਡਿਫੈਂਸ ਏਰੀਆ ਦੇ ਨੇੜੇ ਦੇ ਖੇਤਰਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਸ਼ੱਕੀ ਜਾਸੂਸੀ ਕਾਲਾਂ ਵਿੱਚ ਵਾਧਾ ਦਰਜ ਕੀਤਾ ਹੈ। ਇਨ੍ਹਾਂ ਕਾਲਾਂ ਵਿੱਚ ਅਕਸਰ ਫੌਜ ਜਾਂ ਸਰਕਾਰੀ ਅਧਿਕਾਰੀਆਂ ਦਾ ਰੂਪ ਧਾਰਨ ਕਰਨ ਵਾਲੇ ਵਿਅਕਤੀ ਸ਼ਾਮਲ ਹੁੰਦੇ ਹਨ, ਜੋ ਫੌਜੀ ਗਤੀਵਿਧੀਆਂ ਅਤੇ ਸਥਾਪਨਾਵਾਂ ਬਾਰੇ ਸੰਵੇਦਨਸ਼ੀਲ ਜਾਣਕਾਰੀ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਦੇ ਹਨ। ਜਵਾਬ ਵਿੱਚ ਜੈਸਲਮੇਰ ਦੇ ਪੁਲਸ ਸੁਪਰਡੈਂਟ ਸਮੇਤ ਸਥਾਨਕ ਅਧਿਕਾਰੀਆਂ ਨੇ ਸੀਮਾ ਸੁਰੱਖਿਆ ਬਲ ਦੇ ਸਹਿਯੋਗ ਨਾਲ ਚੈਕਿੰਗ ਅਤੇ ਭਾਈਚਾਰਕ ਜਾਗਰੂਕਤਾ ਮੁਹਿੰਮਾਂ ਨੂੰ ਤੇਜ਼ ਕਰ ਦਿੱਤਾ ਹੈ। ਇਸ ਸਿਲਸਿਲੇ ’ਚ ਰਾਜਸਥਾਨ ਇੰਟੈਲੀਜੈਂਸ ਨੇ ਜੈਸਲਮੇਰ ਦੇ ਨਿਵਾਸੀ ਪਠਾਨ ਖਾਨ ਨੂੰ ਪਾਕਿਸਤਾਨ ਦੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ ਲਈ ਕਥਿਤ ਤੌਰ ’ਤੇ ਜਾਸੂਸੀ ਕਰਨ ਦੇ ਦੋਸ਼ ਵਿੱਚ ਸਰਕਾਰੀ ਗੁਪਤ ਕਾਨੂੰਨ ਦੇ ਤਹਿਤ ਗ੍ਰਿਫਤਾਰ ਕੀਤਾ ਹੈ।

## ਦਿੱਲੀ ਦੰਗੇ: ਅਦਾਲਤ ਨੇ ਕਤਲ, ਸਾਜ਼ਿਸ਼ ਦੇ ਦੋਸ਼ਾਂ ’ਚੋਂ 12 ਨੂੰ ਲੋਕਾਂ ਨੂੰ ਕੀਤਾ ਬਰੀ

ਨਵੀਂ ਦਿੱਲੀ 6 ਮਈ। ਦਿੱਲੀ ਦੀ ਇਕ ਸਥਾਨਕ ਅਦਾਲਤ ਨੇ 2020 ਦੇ ਉੱਤਰ-ਪੂਰਬੀ ਦਿੱਲੀ ਦੰਗਿਆਂ ਨਾਲ ਸਬੰਧਤ ਇਕ ਮਾਮਲੇ ’ਚ ਕਤਲ ਅਤੇ ਅਪਰਾਧਿਕ ਸਾਜ਼ਿਸ਼ ਦੇ ਮੁਲਜ਼ਮ 12 ਲੋਕਾਂ ਨੂੰ ਬਰੀ ਕਰ ਦਿੱਤਾ ਹੈ। ਇਸਤਗਾਸਾ ਪੱਖ ਮੁਤਾਬਕ ਦੋਸ਼ੀ ਉਸ ਦੰਗਾਕਾਰੀ ਭੀੜ ਦਾ ਹਿੱਸਾ ਸਨ, ਜਿਸ ਨੇ 26 ਫਰਵਰੀ, 2020 ਨੂੰ ਗੋਕਲਪੁਰੀ ਖੇਤਰ ਵਿਚ ਹਾਸ਼ਿਮ ਅਲੀ ਨਾਮਕ ਇਕ ਵਿਅਕਤੀ ਦਾ ਕਤਲ ਕਰ ਦਿੱਤਾ ਸੀ। ਵਧੀਕ ਸੈਸ਼ਨ ਜੱਜ ਪੁਲਾਸਤਿਆ ਪ੍ਰਮਾਚਲਾ ਨੇ ਕਿਹਾ ਕਿ ਹਾਲਾਤੀ ਸਬੂਤ ਮੁਲਜ਼ਮ ਦੀ ਭੀੜ ਦਾ ਹਿੱਸਾ ਹੋਣ ਵਜੋਂ ਪਛਾਣ ਸਥਾਪਤ ਕਰਨ ਲਈ ਕਾਫ਼ੀ ਨਹੀਂ ਸਨ। 30 ਅਪ੍ਰੈਲ ਨੂੰ ਦਿੱਤੇ ਆਪਣੇ 52 ਪੰਨਿਆਂ ਦੇ ਆਦੇਸ਼ ਵਿਚ ਜੱਜ ਨੇ ਕਿਹਾ ਕਿ ਮੈਨੂੰ ਪਤਾ ਲੱਗਿਆ ਹੈ ਕਿ ਹਾਲਾਤੀ ਸਬੂਤ ਦੇ ਨਾਮ ’ਤੇ ਕੁਝ ਸਬੂਤ ਹਨ, ਜੋ ਕਿਸੇ ਵੀ ਮੁਲਜ਼ਮ ਨੂੰ ਅਪਰਾਧੀ ਭੀੜ ਦਾ ਮੈਂਬਰ ਦਿਖਾਉਣ ਲਈ ਕਾਫ਼ੀ ਨਹੀਂ ਹਨ। ਫਿਰ ਅਦਾਲਤ ਨੇ ਲੋਕੇਸ਼ ਕੁਮਾਰ ਸੋਲੰਕੀ, ਪੰਕਜ ਸ਼ਰਮਾ, ਅੰਕਿਤ ਚੌਧਰੀ, ਪ੍ਰਿੰਸ, ਜਤਿਨ ਸ਼ਰਮਾ, ਹਿਮਾਂਸ਼ੂ ਠਾਕੁਰ, ਵਿਵੇਕ ਪੰਚਾਲ, ਰਿਸ਼ਭ ਚੌਧਰੀ, ਸੁਮਿਤ ਚੌਧਰੀ, ਟਿੰਕੂ ਅਰੋੜਾ, ਸੰਦੀਪ ਅਤੇ ਸਾਹਿਲ ਨੂੰ ਬਰੀ ਕਰ ਦਿੱਤਾ। ਇਸ ’ਚ ਕਿਹਾ



ਗਿਆ ਹੈ ਕਿ ਇਸਤਗਾਸਾ ਪੱਖ ਨੇ ਹਾਲਾਤੀ ਸਬੂਤਾਂ ’ਤੇ ਭਰੋਸਾ ਕੀਤਾ ਸੀ ਕਿਉਂਕਿ ਚਸ਼ਮਦੀਦਾਂ ਨੇ ਮੁਲਜ਼ਮ ਦੀ ਪਛਾਣ ਕਰਨ ਲਈ ਇਸ ਦੇ ਕੇਸ ਦਾ ਸਮਰਥਨ ਨਹੀਂ ਕੀਤਾ ਸੀ। ਅਦਾਲਤ ਨੇ ਇਸਤਗਾਸਾ ਪੱਖ ਦੀ ਇਸ ਦਲੀਲ ਨੂੰ ਵੀ ਰੱਦ ਕਰ ਦਿੱਤਾ ਕਿ ਕੁਝ ਮੁਲਜ਼ਮਾਂ (ਜੋ ਕਟੜ ਹਿੰਦੂ ਏਕਤਾ ਨਾਮਕ ਇਕ ਵਟਸਐਪ ਗਰੁੱਪ ਦਾ ਹਿੱਸਾ ਸਨ) ਨੇ ਆਪਣੀਆਂ ਚੈਟਾਂ ’ਚ ਕਤਲ ਦਾ ਇਕਬਾਲ ਕੀਤਾ ਸੀ। ਇਸ ’ਚ ਕਿਹਾ ਗਿਆ ਹੈ ਕਿ ਅਜਿਹੀਆਂ ਪੋਸਟਾਂ ਜਾਂ ਸੁਨੇਹੇ ਸਿਰਫ਼ ਦੂਜੇ ਗਰੁੱਪ ਮੈਂਬਰਾਂ ਦੀਆਂ ਨਜ਼ਰਾਂ ’ਚ ਹੀਰੋ ਬਣਨ ਦੇ ਇਰਾਦੇ ਨਾਲ ਹੀ ਗਰੁੱਪ ਵਿਚ ਪਾਏ ਜਾ ਸਕਦੇ ਹਨ। ਇਸ ’ਚ ਕਿਹਾ ਗਿਆ ਹੈ ਕਿ ਇਨ੍ਹਾਂ ਪੋਸਟਾਂ ਨੂੰ ਕਤਲ ਸਾਬਤ ਕਰਨ ਲਈ ਠੋਸ ਸਬੂਤ ਵਜੋਂ ਨਹੀਂ ਵਰਤਿਆ ਜਾ ਸਕਦਾ। ਮੁਲਜ਼ਮਾਂ ਵਿਰੁੱਧ ਦੰਗੇ, ਕਤਲ ਅਤੇ ਅਪਰਾਧਿਕ ਸਾਜ਼ਿਸ਼ ਸਮੇਤ ਭਾਰਤੀ ਦੰਡ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ FIR ਦਰਜ ਕੀਤੀ ਗਈ ਹੈ।

# ਹਰਿਆਣਾ ਵਿੱਚ ਡੀਡੀਯੂ-ਜੀਕੇਵਾਈ 2.0 ਲਈ ਤਿਆਰੀ ਦਾ ਵੀ ਕੀਤਾ ਮੁਲਾਂਕਨ

**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ, 6 ਮਈ। ਭਾਰਤ ਸਰਕਾਰ ਦੇ ਗ੍ਰਾਮੀਣ ਵਿਕਾਸ ਮੰਤਰਾਲੇ ਦੇ ਕੌਮੀ ਮਿਸ਼ਨ ਪ੍ਰਬੰਧਕ (ਕੌਸ਼ਲ) ਅਤੇ ਹਰਿਆਣਾ ਦੇ ਨੋਡਲ ਅਧਿਕਾਰੀ ਸ੍ਰੀ ਅਬੂ ਓਸਾਮਾ ਸੈਫੀ ਨੇ ਸਕਿਲ ਵਿਕਾਸ ਪ੍ਰੋਗਰਾਮਾਂ ਦੀ ਵਿਆਪਕ ਰਾਜ ਪੱਧਰੀ



ਸਮੀਖਿਆ ਤਹਿਤ ਕੁਰੂਕਸ਼ੇਤਰ ਵਿੱਚ ਡੀਡੀਯੂ-ਜੀਕੇਵਾਈ ਸਕਿਲ ਵਿਕਾਸ ਕੇਂਦਰਾਂ ਅਤੇ ਅੰਬਾਲਾ ਵਿੱਚ ਗ੍ਰਾਮੀਣ ਸਵੈ ਰੁਜਗਾਰ ਸਿਖਲਾਈ ਸੰਸਥਾਨ (ਆਰਐਸਈਟੀ) ਦਾ ਦੌਰਾ ਕੀਤਾ। ਇਸ ਦੌਰੇ ਵਿੱਚ ਡੀਡੀਯੂ-ਜੀਕੇਵਾਈ 1.0 ਦੇ ਲਾਗੂ ਕਰਨ ਦੀ ਪ੍ਰਗਤੀ ਦਾ ਮੁਲਾਂਕਨ ਕਰਨ ਅਤੇ ਹਰਿਆਣਾ ਵਿੱਚ ਡੀਡੀਯੂ-ਜੀਕੇਵਾਈ 2.0 ਦੇ ਲਾਗੂ ਕਰਨ ਦੀ ਤਿਆਰੀਆਂ ਦਾ ਮੁਲਾਂਕਨ ਕਰਨ ’ਤੇ ਧਿਆਨ ਕੇਂਦ੍ਰਿਤ ਕੀਤਾ ਗਿਆ। ਕੁਰੂਕਸ਼ੇਤਰ ਵਿੱਚ ਦੋ ਜੀਡੀਯੂ-ਜੀਕੇਵਾਈ ਕੇਂਦਰਾਂ ’ਤੇ ਅਚਾਨਕ ਨਿਰੀਖਣ ਦੌਰਾਨ ਸ੍ਰੀ ਸੈਫੀ ਨੇ ਟ?ਰੇਨੀਆਂ, ਟੇ?ਰਨਰ ਅਤੇ ਕਰਮਚਾਰੀਆਂ ਨਾਲ ਗਲਬਾਦ ਕੀਤੀ ਅਤੇ ਸਿਖਲਾਈ ਮਾਡੀਊਲ, ਪਲੇਸਮੈਂਟ ਪ੍ਰਕ੍ਰਿਆਂਵਾਂ ਅਤੇ ਪਰਿਯੋਜਨਾ ਲਾਗੂ ਕਰਨ ਏਜੰਸੀਆਂ (ਸੀਆਈਏ) ਦੇ ਕੰਮਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਗਾਮ?ਰੀਣ ਨੌਜੁਆਨਾਂ ਨੂੰ ਰੁਜਗਾਰ ਯੋਗ ਸਕਿਲ ਨਾਲ ਲੈਸ ਕਰਨ ਵਿੱਚ ਲਾਗੂ ਕਰਨ ਟੀਮਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਗ੍ਰਾਮੀਣ-ਸ਼ਹਿਰੀ ਸਕਿਲ ਅੰਤਰ ਨੂੰ ਘੱਟ ਕਰਨ ਵਿੱਚ ਕੇਂਦਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਆਰਐਸਈਟੀਆਈ ਅੰਬਾਲਾ ਵਿੱਚ ਸ੍ਰੀ ਸੈਫੀ ਨੇ ਮਹਿਲਾ ਟ?ਰੇਨੀਆਂ ਨਾਲ ਗਲਬਾਤ ਕੀਤੀ ਅਤੇ ਉਨ੍ਹਾਂ ਦੇ ਉਦਮਸ਼ੀਲਤਾ ਦੇ ਜਜਬੇ ਅਤੇ ਆਤਕਨਿਰਭਰਤਾ ਦੇ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਮਹਿਲਾ ਅਗਵਾਈ ਵਾਲੇ ਉਦਮਾਂ ਨੂੰ ਪ੍ਰੋਤਸਾਹਿਤ ਕਰਨ ਅਤੇ ਸਥਾਨਕ ਉਦਮਤਾ ਨੂੰ ਪ੍ਰੋਤਸਾਹਨ ਦੇਣ ਵਿੱਚ ਆਰਐਸਈਟੀਆਈ ਦੀ ਮਹਤੱਵਪੂਰਣ ਭੂਕਿਮਾ ਨੂੰ ਮਾਨਤਾ ਦਿੱਤੀ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਵਿੱਚ ਇਹ ਕੇਂਦਰ ਗ੍ਰਾਮੀਣ ਨੌਜੁਆਨਾਂ ਨੂੰ ਟ?ਰੇਨਡ ਕਰਨ ਤਐ ਉਨ੍ਹਾਂ ਨੂੰ ਮਜਬੂਤ ਬਨਾਉਣ ਵਿੱਚ ਸ਼ਲਾਘਾਯੋਗ ਯਤਨ ਕਰ ਰਹੇ ਹਨ। ਟ?ਰੇਨੀਆਂ ਦਾ ਉਤਸਾਹ ਅਤੇ ਸਿਖਲਾਈ ਕਰਮਚਾਰੀਆਂ ਦੀ ਪ੍ਰਤੀਬੱਧਤਾ ਸਮਾਵੇਸ਼ੀ ਵਿਕਾਸ ਨੂੰ ਅੱਗੇ ਵਧਾਉਣ ਵਿੱਚ ਇੰਨ੍ਹਾਂ ਪ੍ਰੋਗਰਾਮਾਂ ਦੀ ਸਮਰੱਥਾ ਨੂੰ ਦਰਸ਼ਾਉਂਦੀ ਹੈ। ਸ੍ਰੀ ਸੈਫੀ ਨੇ ਡੀਡੀਯੂ-ਜੀਕੇਵਾਈ ਅਤੇ ਆਰਐਸਈਟੀਆਈ ਤਹਿਤ ਸਾਰੀ ਸਿਖਲਾਈ ਪ੍ਰੋਗਰਾਮਾਂ ਵਿੱਚ ਬੁਨਿਆਦੀ ਆਈਟੀ ਅਤੇ ?ਡਜੀਟਲ ਸਾਖਰਤਾ ਨੂੰ ਏਕੀਕ੍ਰਿਤ ਕਰਨ ਦੀ ਜਰੂਰਤ ’ਤੇ ਜੋਰ ਦਿੱਤਾ ਅਤੇ ਤੇਜੀ ਨਾਲ ਡਿਜੀਟਲ ਹੁੰਦੇ ਜਾ ਰਹੇ ਜਾਬ ਮਾਰਕਿਟ ਦੀ ਮੰਗਾਂ ਦੀ ਪੂਰਾ ਕਰਨ ਵਿੱਚ ਇਸ ਦੇ ਮਹਤੱਵ ਨੂੰ ਰੇਖਾਂਕਿਤ ਕੀਤਾ। ਫੀਲਡ ਦੌਰਾਨ ਕਰਨ ਦੇ ਬਾਅਦ ਪੰਚਕੂਲਾ ਵਿੱਚ ਐਚਐਸਆਰਐਸਐਮ ਰਾਜ ਮੁੱਖ ਦਫਤਰ ਵਿੱਚ ਇੱਕ ਵਿਸਤਾਰ ਸਮੀਖਿਆ ਮੀਟਿੰਗ ਹੋਈ, ਜਿਸ ਵਿੱਚ ਡੀਡੀਯੂ-ਜੀਕੇਵਾਈ ਪ੍ਰੋਗਰਾਮ ਦੀ ਪ੍ਰਗਤੀ ਅਤੇ ਕੰਮਾਂ ’ਤੇ ਚਰਚਾ ਕੀਤੀ ਗਈ। ਸਮੀਖਿਆ ਮੀਟਿੰਗ ਦੀ ਅਗਵਾਈ ਐਚਐਮਆਰਐਲਐਮ ਦੇ ਸੀਈਓ ਸ੍ਰੀ ਸੂਰਜ ਭਾਨ, ਆਈਐਫਐਸ (ਸੇਵਾਮੁਕਤ) ਨੇ ਕੀਤੀ। ਸੈਸ਼ਨ ਦੌਰਾਨ, ਉਨ੍ਹਾਂ ਨੇ ਪਰਿਯੋਜਨਾ ਲਾਗੂ ਕਰਨ ਏਜੰਸੀਆਂ (ਪੀਆਈਏ) ਨੂੰ ਸੰਬੋਧਿਤ ਕੀਤਾ ਅਤੇ ਉਨ੍ਹਾਂ ਦੇ ਟੀਚਿਆਂ, ਸਮੇਂ ਸੀਮਾ ਅਤੇ ਚਣੌਤੀਆਂ ਦੇ ਬਾਰੇ ਵਿੱਚ ਉਨ੍ਹਾਂ ਨਾਲ ਨਿਜੀ ਚਰਚਾ ਕੀਤੀ। ਉਨ੍ਹਾਂ ਨੇ ਡੀਡੀਯੂ-ਜੀਕੇਵਾਈ 2.0 ਦੇ ਪ੍ਰਭਾਵੀ ਲਾਗੂ ਕਰਨ ਲਈ ਰਾਜ ਦੇ ਰਣਨੀਤਿਕ ਦ੍ਰਿਸ਼ਟੀਕੋਣ ’ਤੇ ਅਣਮੁੱਲੇ ਵਿਚਾਰ ਸਾਂਝਾ ਕੀਤੇ। ਇਸ ਯਾਤਰਾ ਨੇ ਇੱਕ ਮਜਬੂਤ ਅਤੇ ਭਵਿੱਖ ਲਈ ਤਿਆਰ ਡੀਡੀਯੂ-ਜੀਕੇਵਾਈ 2.0 ਢਾਂਚੇ ਰਾਹੀਂ ਸਕਿਲ ਵਿਕਾਸ ਨੂੰ ਅੱਗੇ ਵਧਾਉਣ ਲਈ ਗ੍ਰਾਮੀਣ ਵਿਕਾਸ ਮੰਤਰਾਲੇ ਦੀ ਪ੍ਰਤੀਬੱਧਤਾ ਦੀ ਪੁਸ਼ਟੀ ਕੀਤੀ, ਜਿਸ ਦਾ ਉਦੇਸ਼ ਗ੍ਰਾਮੀਣ ਭਾਰਤ ਵਿੱਚ ਰੁਜਗਾਰ ਸਮਰੱਥਾ ਨੂੰ ਵਧਾਉਣਾ ਅਤੇ ਸਥਾਈ ਆਜੀਵਿਕਾ ਨੂੰ ਪ੍ਰੋਤਸਾਹਨ ਦੇਣਾ ਹੈ।

# ਸੁਪਰੀਮ ਕੋਰਟ ਨੇ ਸੈਲਾਨੀਆਂ ਦੀ ਸੁਰੱਖਿਆ ਦੀ ਮੰਗ ਵਾਲੀ ਜਨਹਿੱਤ ਪਟੀਸ਼ਨ ਕੀਤੀ ਖਾਰਜ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 6 ਮਈ। ਸੁਪਰੀਮ ਕੋਰਟ ਨੇ ਹਾਲ ’ਚ ਪਹਿਲਗਾਮ ’ਚ ਹੋਏ ਅੱਤਵਾਦੀ ਹਮਲੇ ’ਚ 26 ਲੋਕਾਂ ਦੀ ਮੌਤ ਦੇ ਮੱਦੇਨਜ਼ਰ ਜੰਮੂ ਕਸ਼ਮੀਰ ਦੇ ਸੁਦੂਰ ਪਹਾੜੀ ਇਲਾਕੇ ’ਚ ਸੈਲਾਨੀਆਂ ਦੀ ਸੁਰੱਖਿਆ ਦੀ ਮੰਗ ਕਰਨ ਵਾਲੀ ਇਕ ਜਨਹਿੱਤ ਪਟੀਸ਼ਨ ਸੋਮਵਾਰ ਨੂੰ ਖਾਰਜ ਕਰ ਦਿੱਤੀ। ਜੱਜ ਸੂਰੀਆਕਾਂਤ ਅਤੇ ਜੱਜ ਐੱਨ. ਕੋਟਿਸ਼ਵਰ ਸਿੰਘ ਦੀ ਬੈਂਚ ਨੇ ਜਨਹਿੱਤ ਪਟੀਸ਼ਨ ਦਾਇਰ ਕਰਨ ਲਈ ਐਡਵੋਕੇਟ ਵਿਸ਼ਾਲ ਤਿਵਾੜੀ ਦੀ ਖਿੱਚਾਈ ਕੀਤੀ ਅਤੇ ਕਿਹਾ ਕਿ ਇਸ ਨੂੰ ਬਿਨਾਂ ਕਿਸੇ ਜਨਤਕ ਹਿੱਤ ਦੇ ਸਿਰਫ਼ ਪ੍ਰਚਾਰ ਪਾਉਣ ਲਈ ਦਾਖ਼ਲ ਕੀਤਾ ਗਿਆ ਹੈ। ਜੱਜ ਸੂਰੀਆਕਾਂਤ ਨੇ ਤਿਵਾੜੀ ਨੂੰ ਕਿਹਾ,”ਤੁਸੀਂ ਇਸ ਤਰ੍ਹਾਂ ਦੀ ਜਨਹਿੱਤ ਪਟੀਸ਼ਨ ਕਿਉਂ ਦਾਇਰ ਕੀਤੀ ਹੈ? ਤੁਹਾਡਾ ਅਸਲੀ ਮਕਸਦ ਕੀ ਹੈ? ਕੀ ਤੁਸੀਂ ਇਸ ਮੁੱਦੇ ਦੀ ਸੰਵੇਦਨਸ਼ੀਲਤਾ ਨੂੰ ਨਹੀਂ ਸਮਝਦੇ? ਮੈਨੂੰ ਲੱਗਦਾ ਹੈ ਕਿ ਇਸ ਜਨਹਿੱਤ ਪਟੀਸ਼ਨ ਨੂੰ ਦਾਇਰ ਕਰਨ ਲਈ ਤੁਹਾਡੇ ਉੱਪਰ ਭਾਰੀ ਜੁਰਮਾਨਾ ਲੱਗਣਾ



ਚਾਹੀਦਾ।” ਪਟੀਸ਼ਨਕਰਤਾ ਵਕੀਲ ਨੇ ਕਿਹਾ ਕਿ ਪਹਿਲੀ ਵਾਰ ਅਜਿਹਾ ਹੋਇਆ ਹੈ ਕਿ ਜੰਮੂ ਕਸ਼ਮੀਰ ’ਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਇਸ ਲਈ ਉਹ ਉਨ੍ਹਾਂ ਦੀ ਸੁਰੱਖਿਆ ਲਈ ਨਿਰਦੇਸ਼ ਜਾਰੀ ਕਰਨ ਦੀ ਅਪੀਲ ਕਰ ਰਹੇ ਹਨ। ਬੈਂਚ ਨੇ ਆਪਣੇ ਆਦੇਸ਼ ’ਚ ਕਿਹਾ,”ਪਟੀਸ਼ਨਕਰਤਾ ਇਕ ਤੋਂ ਬਾਅਦ ਇਕ ਜਨਹਿੱਤ ਪਟੀਸ਼ਨ ਦਾਇਰ ਕਰਨ ’ਚ ਸ਼ਾਮਲ ਹੈ, ਜਿਸ ਦਾ ਮੁੱਖ ਉਦੇਸ਼ ਜਨਤਕ ਹਿੱਤ ’ਚ ਕੋਈ ਅਸਲ ਰੁਚੀ ਦੇ ਬਿਨਾਂ ਪ੍ਰਚਾਰ ਹਾਸਲ ਕਰਨਾ ਪ੍ਰਤੀਤ ਹੁੰਦਾ ਹੈ।” 22 ਅਪ੍ਰੈਲ ਨੂੰ ਅੱਤਵਾਦੀਆਂ ਨੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਦੇ ਉੱਪਰੀ ਇਲਾਕਿਆਂ ’ਚ ਸਥਿਤ ਲੋਕਪ੍ਰਿਯ ਸੈਰ-ਸਪਾਟਾ ਸਥਾਨ ਬੈਸਰਨ ’ਚ ਗੋਲੀਬਾਰੀ ਕੀਤੀ, ਜਿਸ ’ਚ 26 ਲੋਕ ਮਾਰੇ ਗਏ। ਮ੍ਰਿਤਕਾਂ ’ਚ ਜ਼ਿਆਦਾਤਰ ਸੈਲਾਨੀ ਸਨ। ਇਸ ਘਟਨਾ ਨੇ ਭਾਰਤ-ਪਾਕਿਸਤਾਨ ਵਿਚਾਲੇ ਤਣਾਅ ਨੂੰ ਹੋਰ ਵਧਾ ਦਿੱਤਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਕਾਤਲਾਂ ਦਾ ’ਧਰਤੀ ਦੇ ਆਖ਼ਰੀ ਕੋਨੇ’ ਤੱਕ ਪਿੱਛਾ ਕੀਤਾ ਜਾਵੇਗਾ।

# ਪ੍ਰਧਾਨ ਮੰਤਰੀ ਨੂੰ ਪਹਿਲਾਂ ਹੀ ਮਿਲ ਗਈ ਸੀ ਹਮਲੇ ਦੀ ਖੁਫੀਆ ਜਾਣਕਾਰੀ: ਮਲਿਕਾਰਜੁਨ ਖੜਗੇ

**ਏਜੰਸੀਆਂ**

ਰਾਂਚੀ, 6 ਮਈ: ਕਾਂਗਰਸ ਪ੍ਰਧਾਨ ਨੇ ਮੰਗਲਵਾਰ ਨੂੰ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 22 ਅਪ੍ਰੈਲ ਨੂੰ ਪਹਿਲਗਾਮ ਅੱਤਵਾਦੀ ਹਮਲੇ ਤੋਂ ਤਿੰਨ ਦਿਨ ਪਹਿਲਾਂ ਖੁਫੀਆ ਰਿਪੋਰਟਾਂ ਦੇ ਆਧਾਰ ’ਤੇ ਆਪਣਾ ਜੰਮੂ-ਕਸ਼ਮੀਰ ਦੌਰਾ ਰੱਦ ਕਰ ਦਿੱਤਾ ਸੀ। ਇੱਥੇ ਕਾਂਗਰਸ ਦੀ ’ਸੰਵਿਧਾਨ ਬਚਾਓ ਰੈਲੀ’ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਇਹ ਵੀ ਪੁੱਛਿਆ ਕਿ ਇਸ ਖੁਫੀਆ ਰਿਪੋਰਟ ਦੇ ਆਧਾਰ ’ਤੇ ਲੋਕਾਂ ਦੀ ਸੁਰੱਖਿਆ ਕਿਉਂ ਨਹੀਂ ਕੀਤੀ ਗਈ? ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲਗਾਮ ਅੱਤਵਾਦੀ ਹਮਲੇ ਸਬੰਧੀ ਖੁਫੀਆ ਅਸਫਲਤਾ ਨੂੰ ਸਵੀਕਾਰ ਕਰ ਲਿਆ ਹੈ ਅਤੇ ਅਜਿਹੀ ਸਥਿਤੀ ਵਿੱਚ ਉਸਨੂੰ 26 ਲੋਕਾਂ ਦੀ ਮੌਤ ਦੀ ਜ਼ਿੰਮੇਵਾਰੀ ਵੀ ਲੈਣੀ ਚਾਹੀਦੀ ਹੈ। ਖੜਗੇ ਨੇ ਦੁਹਰਾਇਆ ਕਿ ਕਾਂਗਰਸ ਪਾਕਿਸਤਾਨ ਸਪਾਂਸਰਡ ਅੱਤਵਾਦ ਵਿਰੁੱਧ ਚੁੱਕੇ ਗਏ ਹਰ ਕਦਮ ਦਾ ਸਮਰਥਨ ਕਰੇਗੀ ਅਤੇ ਸਰਕਾਰ ਦੇ ਨਾਲ ਖੜ੍ਹੀ ਰਹੇਗੀ। 22 ਅਪ੍ਰੈਲ ਨੂੰ, ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਅੱਤਵਾਦੀਆਂ ਨੇ ਘੱਟੋ-ਘੱਟ 26 ਲੋਕਾਂ



ਨੂੰ ਬੇਰਹਿਮੀ ਨਾਲ ਮਾਰ ਦਿੱਤਾ ਸੀ। ਉਨ੍ਹਾਂ ਵਿੱਚੋਂ ਜ਼ਿਆਦਾਤਰ ਸੈਲਾਨੀ ਸਨ। ਭਾਰਤ ਨੇ ਇਸ ਭਿਆਨਕ ਘਟਨਾ ਲਈ ਪਾਕਿਸਤਾਨ ਸਥਿਤ ਅੱਤਵਾਦੀ ਸਮੂਹਾਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਪਹਿਲਗਾਮ ਅੱਤਵਾਦੀ ਹਮਲੇ ਦਾ ਹਵਾਲਾ ਦਿੰਦੇ ਹੋਏ ਖੜਗੇ ਨੇ ਕਿਹਾ, “22 ਅਪ੍ਰੈਲ ਨੂੰ ਦੇਸ਼ ਵਿੱਚ ਇੱਕ ਵੱਡਾ ਅੱਤਵਾਦੀ ਹਮਲਾ ਹੋਇਆ ਜਿਸ ਵਿੱਚ 26 ਨਿਰਦੋਸ਼ ਲੋਕ ਮਾਰੇ ਗਏ। ਸਰਕਾਰ ਨੇ ਮੰਨਿਆ ਕਿ ਇਹ ਇੱਕ ਖੁਫੀਆ ਅਸਫਲਤਾ ਸੀ ਅਤੇ ਇਸਨੂੰ ਸੁਧਾਰਨ ਦੀ ਲੋੜ ਹੈ। ਉਨ੍ਹਾਂ ਪੁੱਛਿਆ, “ਜਦੋਂ ਤੁਸੀਂ ਇਹ (ਖੁਫੀਆ ਅਸਫਲਤਾ) ਜਾਣਦੇ ਹੋ, ਤਾਂ ਪਹਿਲਾਂ ਬਿਹਤਰ ਪ੍ਰਬੰਧ ਕਿਉਂ ਨਹੀਂ ਕੀਤੇ ਗਏ?”ਖੜਗੇ ਨੇ ਜ਼ੋਰ ਦੇ ਕੇ ਕਿਹਾ, “ਜਦੋਂ ਤੁਸੀਂ ਗਲਤੀ ਨੂੰ ਸਵੀਕਾਰ ਕਰ ਰਹੇ ਹੋ, ਤਾਂ ਤੁਹਾਨੂੰ ਇੰਨੇ ਸਾਰੇ ਲੋਕਾਂ ਦੀ ਮੌਤ ਦੀ ਜ਼ਿੰਮੇਵਾਰੀ ਵੀ ਲੈਣੀ ਚਾਹੀਦੀ ਹੈ।”ਉਨ੍ਹਾਂ ਕਿਹਾ ਕਿ “ਸਰਕਾਰ ਪਾਕਿਸਤਾਨ ਦੀਆਂ ਅੱਤਵਾਦੀ ਗਤੀਵਿਧੀਆਂ ਵਿਰੁੱਧ ਲੜਨ ਲਈ ਜੋ ਵੀ ਕਦਮ ਚੁੱਕੇਗੀ, ਅਸੀਂ ਉਸਦਾ ਪੂਰਾ ਸਮਰਥਨ ਕਰਾਂਗੇ।”ਉਨ੍ਹਾਂ ਦਾਅਵਾ ਕੀਤਾ ਕਿ “ਮੈਨੂੰ ਇਹ ਜਾਣਕਾਰੀ ਵੀ ਮਿਲੀ ਹੈ, ਅਖ਼ਬਾਰਾਂ ਵਿੱਚ ਇਹ ਵੀ ਆਇਆ ਹੈ ਕਿ ਹਮਲੇ ਤੋਂ ਤਿੰਨ ਦਿਨ ਪਹਿਲਾਂ, ਉੱਥੋਂ ਮੋਦੀ ਜੀ ਨੂੰ ਇੱਕ ਖੁਫੀਆ ਰਿਪੋਰਟ ਭੇਜੀ ਗਈ ਸੀ।

ਤੁਹਾਡੀ ਸੁਰੱਖਿਆ ... ਤੁਹਾਡੇ ਹੱਥ

DELHI POLICE
SHANTI SEWA NYAYA



21ਵਾਂ ਗ੍ਰੀਸ਼ਮਕਾਲੀਨ ਸ਼ਿਵਿਰ 2025

ਸਿਖਲਾਈ ਪ੍ਰੋਗਰਾਮ ਦੀਆਂ ਮਿਤੀਆਂ: ਮਈ 27 ਤੋਂ 10 ਜੂਨ, 2025
ਸਮਾਂ: ਸਵੇਰੇ 8 ਵਜੇ ਤੋਂ ਸਵੇਰੇ: 10 ਵਜੇ ਤੱਕ (ਐਤਵਾਰ ਨੂੰ ਛੱਡਕੇ)



ਸਾਰੀਆਂ ਮਹਿਲਾਵਾਂ ਦੇ ਲਈ ਨਿਹੱਥਾ ਪਤਿਰੋਧ ਅਤੇ ਆਤਮਰੱਖਿਆ ਤਕਨੀਕਾਂ ’ਤੇ ਟ੍ਰੇਨਿੰਗ

ਸਥਾਨ

| ਕ੍ਰ.ਸੰ. | ਸਥਾਨ | ਸਵੈ-ਰੱਖਿਆ ਸਿਖਲਾਈ ਪ੍ਰੋਗਰਾਮ ਦੀ ਮਿਤੀ ਅਤੇ ਸਮਾਂ (ਐਤਵਾਰ ਨੂੰ ਛੱਡਕੇ) | ਨਵੇਂ ਕਾਨੂੰਨ ‘ਤੇ ਨੁੱਕੜ ਨਾਟਕ ਪ੍ਰੋਗਰਾਮ ਦੀ ਮਿਤੀ | ਲੈਂਗਿਕ ਸੰਵੇਦਨਸੀਲਤਾ ਪ੍ਰੋਗਰਾਮ ਦੀ ਮਿਤੀ |
|---|---|---|---|---|
| 1 | ਐਮਸੀਡੀ ਪ੍ਰਾਇਮਰੀ ਕੋ-ਐਡ ਸਕੂਲ, ਨਾਨਕਪੁਰਾ, ਨਵੀਂ ਦਿੱਲੀ-110021 | 27.05.2025 ਤੋਂ 10.06.2025 (ਸਵੇਰੇ 8.00 ਤੋਂ 10.00 ਵਜੇ) | 02.06.2025 | 03.06.2025 |
| 2 | ਵਿਦਿਆ ਬਾਲ ਭਵਨ ਸੀਨੀਅਰ ਸੈਕੰਡਰੀ ਸਕੂਲ, ਪਾਕੇਟ-5, ਕੋਂਡਲੀ, ਮਯੂਰ ਵਿਹਾਰ ਫੇਜ-3, ਦਿੱਲੀ-110096 | 27.05.2025 ਤੋਂ 10.06.2025 (ਸਵੇਰੇ 8.00 ਤੋਂ 10.00 ਵਜੇ) | 03.06.2025 | 04.06.2025 |
| 3 | ਛੋਟੂ ਰਾਮ ਪਬਲਿਕ ਸਕੂਲ, ਸੀਨੀਅਰ ਸੈਕੰਡਰੀ, ਬਖਤਾਵਰਪੁਰ, ਅਲੀਪੁਰ, ਦਿੱਲੀ-110036 | 27.05.2025 ਤੋਂ 10.06.2025 (ਸਵੇਰੇ 8.00 ਤੋਂ 10.00 ਵਜੇ) | 04.06.2025 | 05.06.2025 |
| 4 | ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਗੋਇਲਾ ਖੁਰਦ, ਦਿੱਲੀ-110043 | 27.05.2025 ਤੋਂ 10.06.2025 (ਸਵੇਰੇ 8.00 ਤੋਂ 10.00 ਵਜੇ) | 05.06.2025 | 06.06.2025 |

ਵਿਸ਼ੇਸ਼ ਪ੍ਰੋਗਰਾਮ: ਨਵੇਂ ਕਾਨੂੰਨਾਂ ਅਤੇ ਮਹਿਲਾ ਸਸ਼ਕਤੀਕਰਨ ‘ਤੇ ਨੁੱਕੜ ਨਾਟਕ

ਰਜਿਸਟਰੇਸ਼ਨ ਲਈ
06 ਮਈ 2025 ਤੋਂ 16 ਮਈ 2025 ਤੱਕ ਸਵੇਰੇ 10:00 ਵਜੇ ਤੋਂ ਸਾਮ 04:00 ਵਜੇ ਤੱਕ ਨਿਰਧਾਰਤ ਸਥਾਨ ‘ਤੇ ਆਓ।

DP/9776/2025

24x7 ਵਿਸ਼ੇਸ਼ ਮਹਿਲਾ ਹੈਲਪਲਾਈਨ ਨੰ. 1091/7835075012

ਸਾਈਬਰ ਅਪਰਾਧਾਂ ਦੀ ਸੂਚਨਾ ਤੁਰੰਤ 1930 ਤੇ ਦਿਓ

ਆਨਲਾਈਨ ਰਜਿਸਟ੍ਰੇਸ਼ਨ ਲਈ www.spuwac.in ‘ਤੇ ਜਾਓ

ਸਾਨੂੰ ਫੌਲੋ ਕਰੋ @DelhiPoliceOffcial @DelhiPolice @Delhi.Police_official @DelhiPoliceofficial delhiPoliceofficial

ਪੁਲਿਸ ਕਮਿਸ਼ਨਰ, ਦਿੱਲੀ ਈ-ਮੇਲ: cp.sanjayarora@delhipolice.gov.in | ਪੁਲਿਸ ਕਮਿਸ਼ਨਰ, ਦਿੱਲੀ ਨੂੰ ਲਿਖੋ : ਪੋਸਟ ਬਾਕਸ ਨੰ: 171, ਜੀਪੀਓ, ਨਵੀਂ ਦਿੱਲੀ

ਤੁਰੰਤ ਪੁਲਿਸ ਸਹਾਇਤਾ ਲਈ ਕੱਾਲ ਕਰੋ 112 ਜਾਣਕਾਰੀ ਸਾਂਝੀ ਕਰਨ ਲਈ ਕੱਾਲ ਕਰੋ 14547

# ਪੀ. ਏ. ਯੂ. ਦੀ ਪੁਲਸ ਨੇ ਲੁੱਟ ਦੀ ਵਾਰਦਾਤ ਨੂੰ 12 ਘੰਟਿਆਂ 'ਚ ਸੁਲਝਾਇਆ, 3 ਮੁਲਜ਼ਮ ਕੀਤੇ ਗ੍ਰਿਫ਼ਤਾਰ

ਲੁਧਿਆਣਾ 6 ਮਈ। ਥਾਣਾ ਪੀ. ਏ. ਯੂ. ਦੀ ਪੁਲਸ ਨੇ 12 ਘੰਟਿਆਂ 'ਚ ਡਿਪਾਰਟਮੈਂਟਲ ਸਟੋਰ 'ਚ ਲੁੱਟ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ 3 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਡੀ. ਸੀ. ਪੀ. ਹੈੱਡ ਕੁਆਰਟਰ ਸਨੇਹਦੀਪ ਸ਼ਰਮਾ ਨੇ ਵਧੀਕ ਡਿਪਟੀ ਕਮਿਸ਼ਨਰ ਕਮਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਬੁੱਧਵਾਰ ਦੀ ਰਾਤ ਕਿਚਲੂ ਨਗਰ ਇਲਾਕੇ 'ਚ ਏ. ਵੀ. ਇੰਟਰਨੈਸ਼ਨਲ ਡਿਪਾਰਟਮੈਂਟਲ ਸਟੋਰ 'ਚ 4 ਅਣਪਛਾਤੇ ਵਿਅਕਤੀ ਹਥਿਆਰ ਦੀ ਨੋਕ 'ਤੇ ਦਾਖਲ ਹੋ ਕੇ ਸਟੋਰ 'ਚ ਬੈਠੇ ਵਿਨੀਤ ਅਨੇਜਾ ਅਤੇ ਉਸ ਦੀ ਪਤਨੀ ਆਰਤੀ ਅਨੇਜਾ ਨੂੰ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਡਰਾ-ਧਮਕਾ ਕੇ ਉਨ੍ਹਾਂ ਤੋਂ 10,000 ਦੀ ਨਕਦੀ ਅਤੇ 2 ਮੋਬਾਈਲ ਫੋਨ ਲੁੱਟ ਕੇ ਫਰਾਰ ਹੋ ਗਏ, ਜਿਸ ਤੋਂ ਬਾਅਦ ਪੁਲਸ ਨੇ ਉਕਤ ਮਾਮਲੇ 'ਤੇ ਕਾਰਵਾਈ ਕਰਦਿਆਂ ਅਣਪਛਾਤੇ ਲੁਟੇਰਿਆਂ ਖਿਲਾਫ ਥਾਣਾ ਪੀ. ਏ. ਯੂ. 'ਚ ਲੁੱਟ ਦਾ ਕੇਸ ਦਰਜ ਕੀਤਾ ਹੈ। ਡੀ. ਸੀ. ਪੀ. ਸਨੇਹਦੀਪ ਸ਼ਰਮਾ ਨੇ ਦੱਸਿਆ ਕਿ ਜਿਸ ਤੋਂ ਬਾਅਦ ਥਾਣਾ ਪੀ. ਏ. ਯੂ. ਮੁਖੀ ਇੰਸ. ਹਰਸ਼ਵੀਰ ਸਿੰਘ ਦੀ ਪੁਲਸ ਟੀਮ ਨੇ ਉਕਤ ਇਲਾਕੇ 'ਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਦੀ ਫੁਟੇਜ ਚੈੱਕ ਕੀਤੀ ਅਤੇ ਲੁੱਟ ਦੀ ਵਾਰਦਾਤ ਕਰਨ ਵਾਲੇ 3 ਮੁਲਜ਼ਮਾਂ ਨੂੰ ਥਾਣਾ ਲਾਡੋਵਾਲ ਦੇ ਅਧੀਨ ਆਉਂਦੇ ਪਿੰਡ ਚਾਹੜਾਂ ਅਤੇ ਰੱਜੋਵਾਲ ਤੋਂ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਜਗਜੀਤ ਸਿੰਘ ਉਰਫ ਮੱਖਣ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਚਾਹੜਾਂ, ਬਬਲੂ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਪਿੰਡ ਰੱਜੋਵਾਲ ਅਤੇ ਸਮੀਰ ਪੁੱਤਰ ਫਗੂ ਲਾਲ ਵਾਸੀ ਪਿੰਡ ਚਾਹੜਾਂ ਵਜੋਂ





ਕੀਤੀ ਗਈ ਹੈ, ਜਦੋਂਕਿ ਉਨ੍ਹਾਂ ਦਾ ਚੌਥਾ ਸਾਥੀ ਗੋਲੂ ਵਾਸੀ ਰੱਜੋਵਾਲ ਅਜੇ ਤੱਕ ਫਰਾਰ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮੁਲਜ਼ਮ ਦੇ ਕਬਜ਼ੇ 'ਚੋਂ 4 ਮੋਟਰਸਾਈਕਲ, ਚਾਰ ਮੋਬਾਈਲ ਫੋਨ ਅਤੇ ਇਕ ਸਵਿਫਟ ਕਾਰ ਬਰਾਮਦ ਕੀਤੀ ਹੈ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ 3 ਲੋਹੇ ਦੇ ਤੇਜ਼ਧਾਰ ਦਾਤਰ, 1 ਦਸਤਾ ਵੀ ਬਰਾਮਦ ਕੀਤਾ ਹੈ। ਪੁਲਸ ਮੁਲਜ਼ਮਾਂ ਨੂੰ ਅਦਾਲਤ 'ਚ ਪੇਸ਼ ਕਰ ਕੇ ਪੁਲਸ ਰਿਮਾਂਡ ਹਾਸਲ ਕਰੇਗੀ ਤਾਂ ਕਿ ਮੁਲਜ਼ਮਾਂ ਤੋਂ ਅੱਗੇ ਦੀ ਪੁੱਛਗਿੱਛ ਕੀਤੀ ਜਾ ਸਕੇ, ਜਿਸ ਦਾ ਖੁਲਾਸਾ ਪੁਲਸ ਆਉਣ ਵਾਲੇ ਦਿਨਾਂ 'ਚ ਕਰ ਸਕਦੀ ਹੈ। ਡਿਪਟੀ ਕਮਿਸ਼ਨਰ ਹੈੱਡ ਕੁਆਰਟਰ ਸਨੇਹਦੀਪ ਸ਼ਰਮਾ ਨੇ ਦੱਸਿਆ ਕਿ ਲੁਟੇਰਿਆਂ ਵਲੋਂ ਜਦੋਂ ਡਿਪਾਰਟਮੈਂਟਲ ਸਟੋਰ ਨੂੰ ਲੁੱਟ ਕੇ ਫਰਾਰ ਹੋ ਰਹੇ ਸਨ ਤਾਂ ਉਕਤ ਮੁਲਜ਼ਮ ਗ੍ਰੇਅ ਕਲਰ ਦੀ ਸਵਿਫਟ ਕਾਰ 'ਚ ਬੈਠ ਕੇ ਫਰਾਰ ਹੋਏ ਸਨ, ਜਿਸ ਤੋਂ ਬਾਅਦ ਪੁਲਸ ਵਲੋਂ ਉਸ ਕਾਰ ਦੀ ਸੀ. ਸੀ. ਟੀ. ਵੀ. ਫੁਟੇਜ ਚੈੱਕ ਕਰਨੀ ਸ਼ੁਰੂ ਕਰ ਦਿੱਤੀ ਗਈ, ਜਿਸ 'ਚ ਉਕਤ ਸਵਿਫਟ ਕਾਰ ਫਿਰੋਜ਼ਪੁਰ ਬਾਈਪਾਸ ਤੋਂ ਲਾਡੋਵਾਲ ਬਾਈਪਾਸ ਵੱਲ ਜਾਂਦੀ ਹੋਈ ਦਿਖਾਈ ਦਿੱਤੀ। ਪੁਲਸ ਵਲੋਂ ਉਕਤ ਰਸਤੇ 'ਤੇ ਲੱਗੇ ਸਾਰੇ ਕੈਮਰਿਆਂ ਦਾ ਰਿਕਾਰਡ ਚੈੱਕ ਕੀਤਾ ਗਿਆ। ਲੁਟੇਰਿਆਂ ਦੀ ਕਾਰ ਬੱਗਾ ਕਲਾਂ ਕੋਲ ਜਾ ਕੇ ਲਾਡੋਵਾਲ ਵੱਲ ਚਲੀ ਗਈ, ਜਿਸ ਤੋਂ ਬਾਅਦ ਪੁਲਸ ਨੇ ਉਕਤ ਰਸਤੇ 'ਤੇ ਲੱਗੇ ਹੋਏ ਕੈਮਰਿਆਂ ਦੀ ਫੁਟੇਜ ਚੈੱਕ ਕੀਤੀ ਅਤੇ ਪੁਲਸ ਲੁੱਟ ਦੀ ਵਾਰਦਾਤ ਕਰਨ ਵਾਲੇ ਮੁਲਜ਼ਮਾਂ ਤੱਕ ਪੁੱਜ ਗਈ ਅਤੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

## ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਕੁੜੀ ਨਾਲ ਜਬਰ-ਜ਼ਿਨਾਹ, ਮਾਮਲਾ ਦਰਜ

ਮੋਹਾਲੀ 6 ਮਈ। ਇੱਥੇ ਥਾਣਾ ਫੇਜ਼-1 ਅਧੀਨ ਆਉਂਦੇ ਇਲਾਕੇ 'ਚ ਇਕ 25 ਸਾਲਾ ਕੁੜੀ ਨਾਲ ਜਬਰ-ਜ਼ਿਨਾਹ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਪਿਛਲੇ 5 ਸਾਲਾਂ ਤੋਂ ਕੁੜੀ ਦੇ ਸੰਪਰਕ 'ਚ ਸੀ ਅਤੇ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਉਸ ਨਾਲ ਜਬਰ-ਜ਼ਿਨਾਹ ਕਰਦਾ ਰਿਹਾ। ਪੀੜਤ ਲੜਕੀ ਦੇ ਬਿਆਨਾਂ 'ਤੇ ਥਾਣਾ ਫੇਜ਼-1 ਵਿਖੇ ਮੁਲਜ਼ਮ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮ ਫ਼ਰਾਰ ਦੱਸਿਆ ਜਾ ਰਿਹਾ ਹੈ ਤੇ ਉਸ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਨੂੰ ਦਿੱਤੇ ਬਿਆਨ 'ਚ ਪੀੜਤਾ ਨੇ ਕਿਹਾ ਕਿ ਉਹ 5 ਸਾਲ ਪਹਿਲਾਂ ਸੋਸ਼ਲ ਮੀਡੀਆ ਰਾਹੀਂ ਪ੍ਰਭਜੋਤ ਸਿੰਘ ਦੇ ਸੰਪਰਕ 'ਚ ਆਈ ਸੀ। ਸ਼ੁਰੂ 'ਚ ਉਹ ਚੰਗੇ ਦੋਸਤ ਸਨ ਅਤੇ ਬਾਅਦ 'ਚ ਮੁਲਜ਼ਮ ਨੇ ਆਪਣੇ ਪਿਆਰ ਦਾ ਇਜ਼ਹਾਰ ਕੀਤਾ। ਕੁੱਝ ਸਮੇਂ ਬਾਅਦ ਮੁਲਜ਼ਮ ਨੇ ਉਸ ਨਾਲ



ਵਿਆਹ ਕਰਵਾਉਣ ਦਾ ਪ੍ਰਸਤਾਵ ਦਿੱਤਾ। ਉਨ੍ਹਾਂ ਕਿਹਾ ਕਿ ਉਹ ਉਸ ਨੂੰ ਜਲਦੀ ਹੀ ਉਸ ਦੇ ਮਾਪਿਆਂ ਨਾਲ ਮਿਲਾਏਗਾ। ਕੁੜੀ ਨੂੰ ਧੋਖਾ ਦੇਣ ਤੋਂ ਬਾਅਦ, ਉਹ ਉਸ ਨੂੰ ਕਈ ਵਾਰ ਮਿਲਿਆ ਤੇ ਵਿਆਹ ਦੇ ਬਹਾਨੇ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਉਂਦਾ ਰਿਹਾ। ਪੀੜਤਾ ਨੇ ਉਸ 'ਤੇ ਵਿਆਹ ਲਈ ਦਬਾਅ ਪਾਇਆ ਤਾਂ ਉਸ ਨੇ ਉਸ ਨਾਲ ਵਿਆਹ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਉਸ ਨਾਲ ਸਾਰੇ ਰਿਸ਼ਤੇ ਤੋੜ ਦਿੱਤੇ। ਪੀੜਤ ਕੁੜੀ ਨੇ ਇਸ ਬਾਰੇ ਪੁਲਸ ਨੂੰ ਸ਼ਿਕਾਇਤ ਕੀਤੀ। ਸ਼ਿਕਾਇਤ ਤੋਂ ਬਾਅਦ ਉਸ ਖ਼?ਲਾਫ਼ ਜਬਰ-ਜ਼ਿਨਾਹ ਦਾ ਮਾਮਲਾ ਦਰਜ ਕੀਤਾ ਗਿਆ।

## ਤੇਜ਼ ਰਫ਼ਤਾਰ ਬੁਲੇਟ ਸਵਾਰ ਤਿੰਨ ਨੌਜਵਾਨਾਂ ਨੇ ਕਾਰ ਨੂੰ ਮਾਰੀ ਟੱਕਰ

ਅਬੋਹਰ 6 ਮਈ। ਅਬੋਹਰ ਸੀਤੋ ਗੁੰਨੋ ਸੜਕ 'ਤੇ ਬੀਤੀ ਦੇਰ ਰਾਤ ਪਿੰਡ ਕਾਲਾ ਟਿੱਬਾ ਨੇੜੇ ਤੇਜ਼ ਰਫ਼ਤਾਰ ਬੁਲੇਟ ਸਵਾਰ ਤਿੰਨ ਨੌਜਵਾਨਾਂ ਦੀ ਸਾਹਮਣੇ ਤੋਂ ਆ ਰਹੀ ਇੱਕ ਕਾਰ ਨਾਲ ਟੱਕਰ ਹੋ ਗਈ। ਇਸ ਕਾਰਨ ਤਿੰਨੋਂ ਸੜਕ 'ਤੇ ਡਿੱਗ ਪਏ ਅਤੇ ਜ਼ਖਮੀ ਹੋ ਗਏ। ਕਾਰ ਚਾਲਕ ਨੇ ਖ਼ੁਦ ਐੱਸ. ਐੱਸ. ਐੱਫ. ਟੀਮ ਦੀ ਮਦਦ ਨਾਲ ਉਨ੍ਹਾਂ ਨੂੰ ਹਸਪਤਾਲ ਦਾਖ਼ਲ ਕਰਵਾਇਆ, ਜਿੱਥੋਂ ਉਨ੍ਹਾਂ ਨੂੰ ਰੈਫ਼ਰ ਕੀਤਾ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਬੁਲੇਟ ਸਵਾਰ ਤਿੰਨੋਂ ਨੌਜਵਾਨ 31 ਮਾਰਚ ਨੂੰ ਸ਼ਰਾਬ ਦੇ ਨਸ਼ੇ ਵਿੱਚ ਸਨ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਇੱਥੇ ਐਮਰਜੈਂਸੀ ਡਾਕਟਰਾਂ ਦੇ ਅਨੁਸਾਰ ਦੋ ਮੁੰਡਿਆਂ ਦੀ ਹਾਲਤ ਬਹੁਤ ਗੰਭੀਰ ਸੀ। ਉਨ੍ਹਾਂ ਦੀਆਂ




ਲੱਤਾਂ ਟੁੱਟ ਗਈਆਂ ਸਨ, ਜਦੋਂ ਕਿ ਇੱਕ ਨੌਜਵਾਨ ਦੀ ਲੱਤ ਬੁਰੀ ਤਰ੍ਹਾਂ ਫੱਟ ਗਈ ਸੀ। ਇਸ ਕਾਰਨ ਉਨ੍ਹਾਂ ਨੂੰ ਰੈਫ਼ਰ ਕਰਨਾ ਪਿਆ। ਘਟਨਾ ਦੀ ਜਾਣਕਾਰੀ ਪੁਲਸ ਨੂੰ ਦੇ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਅਬੋਹਰ ਦੇ ਰਹਿਣ ਵਾਲੇ ਕਾਰ ਚਾਲਕ ਲਲਿਤ ਸੋਨੀ ਨੇ ਦੱਸਿਆ ਕਿ ਉਸਦੀ ਸੀਤੋ ਗੁੰਨੋ ਪਿੰਡ ਵਿੱਚ ਸੁਨਿਆਰੇ ਦੀ ਦੁਕਾਨ ਹੈ। ਬੀਤੀ ਰਾਤ ਉਹ ਆਪਣੀ ਦੁਕਾਨ ਤੋਂ ਸ਼ਹਿਰ ਵਾਪਸ ਆ ਰਿਹਾ ਸੀ। ਜਦੋਂ ਉਹ ਰਾਤ 9:30 ਵਜੇ ਦੇ ਕਰੀਬ ਕਾਲਾ ਟਿੱਬਾ ਨੇੜੇ ਪਹੁੰਚਿਆ ਤਾਂ ਸ਼ਹਿਰ ਵਾਲੇ ਪਾਸਿਓਂ ਆ ਰਹੇ ਤੇਜ਼ ਰਫ਼ਤਾਰ ਬੁਲੇਟ ਸਵਾਰ ਤਿੰਨ ਨੌਜਵਾਨਾਂ ਨੇ ਉਸਦੀ ਕਾਰ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਤਿੰਨੋਂ ਸੜਕ 'ਤੇ ਡਿੱਗ ਪਏ ਅਤੇ ਜ਼ਖਮੀ ਹੋ ਗਏ। ਉਸਨੇ ਤੁਰੰਤ ਇਸ ਬਾਰੇ ਐੱਸ. ਐੱਸ. ਐੱਫ. ਟੀਮ ਨੂੰ ਸੂਚਿਤ ਕੀਤਾ। ਜਿਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਤੁਰੰਤ ਤਿੰਨਾਂ ਜ਼ਖਮੀ ਨੌਜਵਾਨਾਂ ਨੂੰ ਹਸਪਤਾਲ ਪਹੁੰਚਾਇਆ।

# ਪੰਜਾਬ 'ਚ ਵੱਡੀ ਵਾਰਦਾਤ, ਨੌਜਵਾਨ ਨੂੰ ਰਾਹ 'ਚ ਘੇਰ ਕੇ ਕਰ 'ਤਾ ਕਤਲ, ਵਜ?ਹਾ ਕਰੇਗੀ ਹੈਰਾਨ

ਸ੍ਰੀ ਮੁਕਤਸਰ ਸਾਹਿਬ 6 ਮਈ। ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਬੱਲਮਗੜ੍ਹ ਵਿਚ ਰੰਜਿਸ਼ 'ਚ ਕੁਝ ਲੋਕਾਂ ਵੱਲੋਂ ਇਕ ਨੌਜਵਾਨ ਦੀ ਕਿਰਚ ਮਾਰ ਕੇ ਕਤਲ ਕਰ ਦਿੱਤਾ ਗਿਆ। ਸਿਵਲ ਹਸਪਤਾਲ ਦੀ ਮੋਰਚਰੀ ਵਿਚ ਲਾਸ਼ ਨੂੰ ਪੋਸਟਮਾਰਟਮ ਲਈ ਰੱਖ ਦਿੱਤਾ ਗਿਆ ਹੈ। ਮੁਲਜ਼ਮ ਘਟਨਾ ਤੋਂ ਬਾਅਦ ਫਰਾਰ ਹੋ ਗਏ ਹਨ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਜਦ ਤੱਕ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਹੀਂ ਹੁੰਦੀ, ਤਦ ਤੱਕ ਉਹ ਲਾਸ਼ ਦਾ ਪੋਸਟਮਾਰਟਮ ਨਹੀਂ ਕਰਵਾਉਣਗੇ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਮ੍ਰਿਤਕ ਦੀ ਪਛਾਣ ਜਗਦੀਪ ਸਿੰਘ ਵਜੋਂ ਹੋਈ ਹੈ। ਮ੍ਰਿਤਕ ਦੇ ਪਿਤਾ ਹਰਪਾਲ ਸਿੰਘ ਨੇ ਦੱਸਿਆ ਕਿ ਉਸ ਦਾ ਪੁੱਤਰ ਜਗਦੀਪ ਸਿੰਘ ਅਜੇ ਕੁਆਰਾ ਸੀ ਅਤੇ ਖੇਤੀਬਾੜੀ ਕਰਦਾ ਸੀ। ਦੋ ਦਿਨ ਪਹਿਲਾਂ ਉਸ ਨੇ ਪਿੰਡ ਦੀ ਇਕ ਕੁੜੀ ਨੂੰ ਕਿਸੇ ਮੁੰਡੇ ਨਾਲ ਆਉਂਦਿਆਂ ਵੇਖਿਆ ਸੀ। ਕੁੜੀ ਨੇ ਸੋਚਿਆ ਕਿ ਜਗਦੀਪ ਹੁਣ ਉਸ ਬਾਰੇ ਉਸ ਦੇ ਘਰ ਵਿਚ ਦੱਸ ਦੇਵੇਗਾ। ਉਲਟਾ ਉਸ ਨੇ ਇਸ



ਗੱਲ ਦੇ ਡਰੋਂ ਆਪਣੇ ਘਰ ਜਾ ਕੇ ਜਗਦੀਪ 'ਤੇ ਹੀ ਛੇੜਖਾਨੀ ਦਾ ਦੋਸ਼ ਲਾ ਦਿੱਤਾ। ਕੁੜੀ ਦੇ ਪਰਿਵਾਰਕ ਮੈਂਬਰਾਂ ਨੇ ਜਗਦੀਪ ਨਾਲ ਝਗੜਾ ਕੀਤਾ ਅਤੇ ਪੁਲਸ ਕੋਲ ਵੀ ਸ਼ਿਕਾਇਤ ਦੇ ਦਿੱਤੀ। ਬੁੱਧਵਾਰ ਨੂੰ ਦੋਵੇਂ ਪੱਖਾਂ ਦਾ ਪੰਚਾਇਤੀ ਫ਼ੈਸਲਾ ਹੋਣਾ ਸੀ ਪਰ ਕੁੜੀ ਦੇ ਪਰਿਵਾਰ ਦੇ ਤਿੰਨ ਮੈਂਬਰਾਂ ਨੇ ਜਗਦੀਪ ਨੂੰ ਰਸਤੇ ਵਿਚ ਉਸ ਵੇਲੇ ਘੇਰ ਲਿਆ ਜਦੋਂ ਉਹ ਪੰਚਾਇਤ ਵਾਲੀ ਜਗ?ਹਾ 'ਤੇ ਜਾ ਰਿਹਾ ਸੀ। ਹਮਲਾਵਰਾਂ ਨੇ ਉਸ ਦੇ ਸਿਰ 'ਤੇ ਹਥਿਆਰ ਨਾਲ ਵਾਰ ਕੀਤਾ ਅਤੇ ਫਿਰ ਉਸ ਦੀ ਬਾਂਹ ਫੜ ਕੇ ਕਿਰਚ ਨਾਲ ਹਮਲਾ ਕਰ ਦਿੱਤਾ। ਘਟਨਾ ਬਾਰੇ ਪਤਾ ਲੱਗਣ 'ਤੇ ਜਦ ਜਗਦੀਪ ਨੂੰ ਬੇਹੋਸ਼ੀ ਦੀ ਹਾਲਤ ਵਿਚ ਸਿਵਲ ਹਸਪਤਾਲ ਮੁਕਤਸਰ ਲਿਆਂਦਾ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਅਧਿਕਾਰੀ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪਰਿਵਾਰਕ ਮੈਂਬਰਾਂ ਦੇ ਬਿਆਨ ਲਏ ਜਾ ਰਹੇ ਹਨ। ਜਲਦ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਨਕੋਦਰ ਵਿਖੇ ਬਾਬਾ ਮੁਰਾਦ ਸ਼ਾਹ ਮੇਲੇ ਦੀਆਂ ਲੱਗੀਆਂ ਰੌਣਕਾਂ, ਲੱਖਾਂ ਸ਼ਰਧਾਲੂਆਂ ਨੇ ਦਰਬਾਰ 'ਚ ਭਰੀ ਹਾਜ਼ਰੀ

ਨਕੋਦਰ 6 ਮਈ। ਵਿਸ਼ਵ ਪ੍ਰਸਿੱਧ ਦਰਬਾਰ ਬਾਬਾ ਮੁਰਾਦ ਸ਼ਾਹ ਨਕੋਦਰ ਵਿਖੇ ਸਾਈਂ ਗੁਲਾਮ ਸ਼ਾਹ ਜੀ ਦਾ 2 ਦਿਨਾ 17ਵਾਂ ਉਰਸ ਮੇਲਾ ਵੀਰਵਾਰ ਨੂੰ ਝੰਡੇ ਦੀ ਰਸਮ ਨਾਲ ਸ਼ੁਰੂ ਹੋਇਆ। ਸਵੇਰੇ ਤੋਂ ਹੀ ਸ਼ਰਧਾਲੂ ਦਰਬਾਰ 'ਚ ਪਹੁੰਚਣੇ ਸ਼ੁਰੂ ਹੋ ਗਏ ਤੇ ਲੱਖਾਂ ਸ਼ਰਧਾਲੂਆਂ ਨੇ ਮੱਥਾ ਟੇਕਿਆ। ਡੇਰਾ ਬਾਬਾ ਮੁਰਾਦ ਸ਼ਾਹ ਟਰੱਸਟ ਦੇ ਚੇਅਰਮੈਨ, ਵਿਸ਼ਵ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ, ਸਮੂਹ ਮੈਂਬਰਾਂ ਅਤੇ ਸੰਗਤਾਂ ਨੇ ਦੁਪਹਿਰ 1:00 ਵਜੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਦਰਬਾਰ ਬਾਬਾ ਮੁਰਾਦ ਸ਼ਾਹ ਤੇ ਸਾਈਂ ਗੁਲਾਮ ਸ਼ਾਹ ਜੀ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਰਾਤ ਨੂੰ ਖੁੱਲ੍ਹੇ ਪੰਡਾਲ ਵਿੱਚ ਕਵਾਲ ਕਰਮਤ ਅਲੀ ਸਮੇਤ ਅਨੇਕਾਂ ਕਵਾਲ ਕਲਾਕਾਰਾਂ ਨੇ ਹਾਜ਼ਰੀ ਲਾਈ। ਗਾਇਕ ਗੁਰਦਾਸ ਮਾਨ ਨੇ ਪੰਡਾਲ ਵਿਚ ਸੰਗਤਾਂ 'ਚ ਬੈਠ ਕੇ ਕਵਾਲੀਆਂ ਦਾ ਅੰਨਦ



ਲਿਆ। ਐੱਸ. ਐੱਸ .ਪੀ. ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ 'ਤੇ ਦਿਹਾਤੀ ਪੁਲਸ ਨੇ ਦਰਬਾਰ ਦੇ ਸ਼ਾਹਮਣੇ ਕੰਟਰੋਲ ਰੂਮ ਬਣਾਏ ਕੇ ਸੰਗਤਾਂ ਦੀ ਸੁਰੱਖਿਆ ਲਈ ਪੁਖ਼ਤਾ ਪ੍ਰਬੰਧ ਕੀਤੇ ਹੋਏ ਹਨ। ਇਸ ਤੋਂ ਇਲਾਵਾ ਮੇਲੇ ਵਿਚ ਆਉਣ ਵਾਲੇ ਵਾਹਨਾਂ ਲਈ ਰੂਟਾਂ ਅਨੁਸਾਰ ਪਾਰਕਿੰਗ ਸਟੈਂਡ ਬਣਾਏ ਗਏ ਹਨ। ਸ਼ਹਿਰ ਦੇ ਸਾਰੇ ਪੁਆਇੰਟਾਂ 'ਤੇ ਵੱਡੀ ਗਿਣਤੀ 'ਚ ਪੁਲਸ ਮੁਲਾਜ਼ਮਾਂ ਦੇ ਨਾਲ ਸੇਵਾਦਾਰ ਤਾਇਨਾਤ ਕੀਤੇ ਗਏ ਹਨ। ਇਸ ਮੌਕੇ ਐੱਸ. ਪੀ. ਪਰਮਿੰਦਰ ਸਿੰਘ ਹੀਰ, ਐੱਸ. ਪੀ. ਸਰਬਜੀਤ ਰਾਏ, ਡੀ. ਐੱਸ. ਪੀ. ਨਕੋਦਰ ਸੁਖਪਾਲ ਸਿੰਘ, ਡੀ. ਐੱਸ. ਪੀ. ਫਿਲੌਰ ਸਰਵਣ ਸਿੰਘ ਬੱਲ ਤੋਂ ਇਲਾਵਾ ਵੱਖ-ਵੱਖ ਥਾਣਿਆਂ, ਕਪੂਰਥਲਾ ਜ਼ਿਲਾ ਪੁਲਸ ਤੋਂ ਸੈਂਕੜੇ ਪੁਲਸ ਕਰਮਚਾਰੀ ਮੇਲੇ ਵਿਚ ਡਿਊਟੀ ਨਿਭਾ ਰਹੇ ਹਨ।

## ਵਿਆਹ ਦੀਆਂ ਖੁਸ਼ੀਆਂ ਮਾਤਮ 'ਚ ਬਦਲੀਆਂ, ਟਰੈਕਟਰ ਦੀ ਟੱਕਰ 'ਚ 8 ਲੋਕਾਂ ਦੀ ਮੌਤ

ਨੈਸ਼ਨਲ ਡੈਸਕ 6 ਮਈ। ਬਿਹਾਰ ਦੇ ਕਟਿਹਾਰ ਜ਼ਿਲ੍ਹੇ ਦੇ ਸਮੇਲੀ ਬਲਾਕ ਦਫ਼ਤਰ ਨੇੜੇ ਨੈਸ਼ਨਲ ਹਾਈਵੇਅ 31 'ਤੇ ਸੋਮਵਾਰ ਅਤੇ ਮੰਗਲਵਾਰ ਦੀ ਦਰਮਿਆਨੀ ਰਾਤ ਨੂੰ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਇੱਕ ਐੱਸਯੂਵੀ ਅਤੇ ਇੱਕ ਟਰੈਕਟਰ ਵਿਚਕਾਰ ਹੋਈ ਸਿੱਧੀ ਟੱਕਰ ਕਾਰਨ ਘੱਟੋ-ਘੱਟ 8 ਲੋਕਾਂ ਦੀ ਮੌਤ ਹੋ ਗਈ ਅਤੇ 2 ਹੋਰ ਜ਼ਖਮੀ ਹੋ ਗਏ। ਪੁਲਸ ਸੁਪਰਡੈਂਟ (ਐੱਸਪੀ) ਵੈਭਵ ਸ਼ਰਮਾ ਅਨੁਸਾਰ ਟਰੈਕਟਰ ਉਲਟ ਦਿਸ਼ਾ ਤੋਂ ਆ ਰਿਹਾ ਸੀ। ਐੱਸਯੂਵੀ ਵਿੱਚ ਸਵਾਰ ਲੋਕ ਇੱਕ ਵਿਆਹ ਸਮਾਗਮ ਤੋਂ ਵਾਪਸ ਪਰਤ ਰਹੇ ਸਨ। ਇਹ ਹਾਦਸਾ ਸਮੇਲੀ ਬਲਾਕ ਦਫ਼ਤਰ ਨੇੜੇ ਵਾਪਰਿਆ, ਜਿਸ ਵਿੱਚ ਐੱਸਯੂਵੀ ਅਤੇ ਟਰੈਕਟਰ ਦੀ ਆਪਸ ਵਿੱਚ ਭਿਆਨਕ ਟੱਕਰ ਹੋ ਗਈ। ਸਥਾਨਕ ਲੋਕਾਂ ਅਨੁਸਾਰ ਮ੍ਰਿਤਕ ਸੁਪੌਲ ਜ਼ਿਲ੍ਹੇ ਦੇ ਵਸਨੀਕ ਹਨ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਅਤੇ ਸਥਾਨਕ ਪ੍ਰਸ਼ਾਸਨ ਦੇ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਰਾਹਤ ਅਤੇ ਬਚਾਅ ਟੀਮਾਂ ਨੇ ਜ਼ਖਮੀਆਂ ਨੂੰ ਨਜ਼ਦੀਕੀ ਸਰਕਾਰੀ ਹਸਪਤਾਲ ਪਹੁੰਚਾਇਆ। ਡਾਕਟਰਾਂ ਨੇ 8 ਲੋਕਾਂ ਨੂੰ ਮ੍ਰਿਤਕ ਐਲਾਨ ਦਿੱਤਾ, ਜਦੋਂਕਿ 2 ਜ਼ਖਮੀਆਂ ਦਾ ਇਲਾਜ ਚੱਲ ਰਿਹਾ ਹੈ। ਉਧਰ, ਪੁਲਸ ਨੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਦੀਨਾਨਗਰ 'ਚ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਭਾਜਪਾ ਵਿਰੁੱਧ ਜ਼ਬਰਦਸ਼ਤ ਮੁਜ਼ਾਹਰਾ

ਦੀਨਾਨਗਰ, 6 ਮਈ। ਭਾਜਪਾ ਵੱਲੋਂ ਭਾਖੜਾ ਬਿਆਸ ਪ੍ਰਬੰਧਕ ਬੋਰਡ ਜ਼ਰੀਏ ਪੰਜਾਬ ਤੇ ਪੰਜਾਬੀਆਂ ਦੇ ਹੱਕ ਦਾ ਪਾਣੀ ਖੋਹਣ ਦੇ ਕੋਝੇ ਯਤਨਾਂ ਨੂੰ ਕਦੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਸ ਡਾਕੇ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਅੱਜ ਦੀਨਾਨਗਰ ਵਿਖੇ ਭਾਜਪਾ ਦੇ ਪੰਜਾਬ ਵਿਰੋਧੀ ਫੈਸਲੇ ਦਾ ਵਿਰੋਧ ਕਰਦਿਆਂ ਲਗਾਏ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਦਿੱਲੀ ਤੇ ਹਰਿਆਣਾ ਦੀ ਭਾਜਪਾ ਸਰਕਾਰ ਪੰਜਾਬ ਦਾ ਪਾਣੀ ਖੋਹਣ ਲਈ ਪੰਜਾਬ ਖਿਲਾਫ਼ ਇੱਕਜੁੱਟ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਆਪਣੇ ਮਨਸੂਬਿਆਂ ਵਿੱਚ ਸਫਲ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਇਸ ਲਈ ਪੰਜਾਬ ਸਰਕਾਰ ਨੂੰ ਜੋ ਚਾਰਾਜੋਈ ਕਰਨੀ ਹੋਵੇਗੀ, ਉਹ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਭਾਜਪਾ ਆਗੂਆਂ ਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਅਤੇ ਇਸ ਮਾਮਲੇ ਵਿੱਚ ਧਾਰੀ ਚੁੱਪੀ ਬਾਰੇ ਵੀ ਸਵਾਲ ਖੜ੍ਹੇ ਕਰਦਿਆਂ ਇਸ ਨੂੰ ਸੂਬਾ




ਵਿਰੋਧੀ ਗਰਦਾਨਿਆ ਹੈ। ਚੇਅਰਮੈਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਹੱਕਾਂ ਉਤੇ ਕੇਂਦਰ ਦੀਆਂ ਸਰਕਾਰਾਂ ਗੁਆਂਢੀ ਸੂਬੇ ਹਰਿਆਣਾ ਨੇ ਪਹਿਲਾਂ ਵੀ ਡਾਕਾ ਮਾਰਨ ਦੀਆਂ ਚਾਲਾਂ ਚੱਲੀਆਂ ਹਨ। ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦੇ ਕੇ ਪੰਜਾਬ ਦੇ ਉਦਯੋਗਾਂ ਦਾ ਨੁਕਸਾਨ ਕੀਤਾ। ਹੁਣ ਰਿਪੇਰੀਅਨ ਸੂਬੇ ਦੇ ਹੱਕਾਂ ਉਤੇ ਡਾਕਾ ਮਾਰਨ ਦੀ ਚਾਲ ਚੱਲੀ ਗਈ ਹੈ ਜਿਸ ਨੂੰ ਕਤਈ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸੂਬਾ ਸਰਕਾਰ ਵਚਨਬੱਧ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਜ਼ਬਰਦਸ਼ਤ ਰੋਸ ਮੁਜ਼ਾਹਰੇ ਦੌਰਾਨ ਜਿੱਥੇ ਭਾਜਪਾ ਵਿਰੋਧੀ ਨਾਅਰੇ ਲਗਾਏ ਗਏ ਉਥੇ ਭਾਜਪਾ ਦੇ ਕੌਮੀ ਪ੍ਰਧਾਨ ਜੇ.ਪੀ. ਨੱਡਾ ਦਾ ਪੁਤਲਾ ਵੀ ਫੂਕਿਆ ਗਿਆ। ਇਸ ਰੋਸ ਧਰਨੇ ਦੌਰਾਨ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਆਮ ਲੋਕ ਵੀ ਸ਼ਾਮਲ ਸਨ।

## ਬਟਾਲਾ 'ਚ ਪੁਲਸ ਤੇ ਗੈਂਗਸਟਰ ਵਿਚਾਲੇ ਐਨਕਾਊਂਟਰ, ਦੌੜਦਿਆਂ ਪੁਲਸ ਨੇ ਮਾਰ'ਤੀ ਗੋਲੀ

ਬਟਾਲਾ 6 ਮਈ। ਬਟਾਲਾ ਨੇੜਲੇ ਪਿੰਡ ਥਿੰਦ ਧਾਰੀਵਾਲ 'ਚ ਪੁਲਸ ਅਤੇ ਗੈਂਗਸਟਰ ਵਿਚਾਲੇ ਫਾਇਰਿੰਗ ਹੋਣ ਦੀ ਖਬਰ ਸਾਹਮਣੇ ਆਈ ਹੈ। ਇਸ ਦੌਰਾਨ ਮੌਕੇ 'ਤੇ ਗੈਂਗਸਟਰ ਪੁਲਸ ਦੀ ਗੋਲੀ ਨਾਲ ਜ਼ਖਮੀ ਹੋ ਗਿਆ। ਗੈਂਗਸਟਰ ਦਾ ਨਾਂ ਮੋਹਿਤ ਸ਼ਾਹ ਦੱਸਿਆ ਜਾ ਰਿਹਾ ਹੈ, ਜਿਸ ਨੇ ਕੁਝ ਦਿਨ ਪਹਿਲਾਂ ਕਾਲਜ ਅਤੇ ਸਕੂਲ ਦੇ ਨੇੜੇ ਗੋਲੀ ਚਲਾਈ ਸੀ। ਇਸ 'ਤੇ ਮਾਮਲਾ ਦਰਜ ਕੀਤਾ ਗਿਆ ਸੀ ਤੇ ਇਹ ਪੁਲਸ ਨੂੰ ਲੋੜੀਂਦਾ ਸੀ। ਦੋ ਦਿਨ ਪਹਿਲਾਂ ਬਟਾਲਾ ਸਿਟੀ ਦੇ ਡੀਐੱਸਪੀ ਸੰਜੀਵ ਕੁਮਾਰ ਦੀ ਅਗਵਾਈ ਦੇ ਵਿੱਚ ਇੱਕ ਘਰ ਤੋਂ ਪੰਜ ਗੈਂਗਸਟਰ ਫੜੇ ਗਏ ਸਨ। ਉਨ੍ਹਾਂ 'ਚੋਂ ਇੱਕ ਇਹ ਵੀ ਸੀ, ਜਿਸ ਨੇ ਪੁਲਸ ਨੂੰ ਜਾਣਕਾਰੀ ਦਿੱਤੀ ਸੀ ਕਿ ਇਸ ਨੇ ਹੈਰੋਇਨ ਪਿੰਡ ਧਾਰੀਵਾਲ ਦੇ ਨਹਿਰ ਦੇ ਕੰਡੇ ਲੁਕਾਈ ਹੋਈ ਹੈ ਤੇ ਇਸ ਦੀ ਬਰਾਮਦਗੀ ਕਰਨ ਲਈ ਪੁਲਸ ਇਸ ਨੂੰ ਮੌਕੇ ਉੱਤੇ ਲੈ ਕੇ ਆਈ। ਜਦੋਂ ਇਹ ਐੱਸਐੱਚਓ ਸਿਟੀ ਬਟਾਲਾ ਨਾਲ ਮੌਕੇ ਉੱਤੇ ਪਹੁੰਚਿਆਂ ਤਾਂ ਹੈਰੋਇਨ ਦੀ ਬਜਾਏ ਇਸਨੇ ਪਿਸਟਲ ਕੱਢ ਕੇ ਪੁਲਿਸ ਤੇ ਦੋ ਰਾਉਂਦ ਫਾਇਰ ਕਰ ਦਿੱਤੇ। ਜਵਾਬੀ ਫਾਇਰ ਐੱਸਐੱਚਓ ਸਿਟੀ ਵੱਲੋਂ ਵੀ ਕੀਤਾ ਗਿਆ ਜੋ ਗੈਂਗਸਟਰ ਦੀ ਲੱਤ ਦੇ ਵਿੱਚ ਲੱਗਾ ਜਿਸ ਨੂੰ ਬਟਾਲਾ ਦੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

# ਜਲੰਧਰ ਪੁਲਸ ਵੱਲੋਂ ਇੱਕ ਮਹੀਨੇ 'ਚ 09 ਐਲਾਨੇ ਅਪਰਾਧੀ ਗ੍ਰਿਫ਼ਤਾਰ

ਜਲੰਧਰ 6 ਮਈ। ਅਪਰਾਧੀ ਭਗੌੜਿਆਂ ਖਿਲਾਫ ਇੱਕ ਮਹੱਤਵਪੂਰਨ ਕਾਰਵਾਈ ਵਿੱਚ, ਕਮਿਸ਼ਨਰੇਟ ਪੁਲਸ ਜਲੰਧਰ ਨੇ ਪੁਲਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਦੀ ਅਗਵਾਈ ਹੇਠ, ਪਿਛਲੇ ਮਹੀਨੇ 09 ਐਲਾਨੇ ਗਏ ਅਪਰਾਧੀਆਂ (ਪੀ.ਓ) ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਗ੍ਰਿਫ਼ਤਾਰੀਆਂ ਵਿਭਾਗ ਵੱਲੋਂ ਭਗੌੜੇ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਚਲਾਈ ਗਈ ਮੁਹਿੰਮ ਵਿੱਚ ਇੱਕ ਵੱਡੀ ਸਫਲਤਾ ਹਨ। ਵੇਰਵਾ ਦਿੰਦੇ ਹੋਏ, ਪੁਲਸ ਕਮਿਸ਼ਨਰ ਨੇ ਕਿਹਾ ਕਿ ਜਲੰਧਰ ਪੁਲਸ ਦੇ ਪੀ.ਓ. ਸਟਾਫ ਨੇ ਅਪਰਾਧੀਆਂ ਦਾ ਪਤਾ ਲਗਾਉਣ ਲਈ ਉੱਨਤ ਨਿਗਰਾਨੀ ਸਾਧਨਾਂ, ਖੁਫੀਆ ਨੈਟਵਰਕਾਂ ਅਤੇ ਸੁਚੱਜੇ ਤਾਲਮੇਲ ਵਾਲੇ ਛਾਪੇਮਾਰੀ ਦੀ ਵਰਤੋਂ ਕਰਦੇ ਹੋਏ ਸਾਵਧਾਨੀ ਨਾਲ ਯੋਜਨਾਬੱਧ ਕਾਰਵਾਈਆਂ ਕੀਤੀਆਂ। ਇਨ੍ਹਾਂ ਯਤਨਾਂ ਦੇ ਨਤੀਜੇ ਵਜੋਂ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਭਗੌੜੇ ਅਪਰਾਧੀਆਂ ਦੀ ਸਫਲਤਾਪੂਰਵਕ ਗ੍ਰਿਫ਼ਤਾਰੀ ਹੋਈ। ਉਨ੍ਹਾਂ ਇਹ ਵੀ ਦੱਸਿਆ ਕਿ ਜਲੰਧਰ ਪੁਲਸ ਨੇ ਹਾਲ ਹੀ ਵਿੱਚ ਇੱਕ ਮਹਿਲਾ ਪੀ.ਓ., ਪਰਵੀਨ ਕੁਮਾਰੀ ਪਤਨੀ ਸਵਰਗੀ ਟੀਟਾ, ਜੋ ਕਿ ਪਿੰਡ ਅਲਵਾਲਪੁਰ, ਥਾਣਾ ਆਦਮਪੁਰ, ਜਲੰਧਰ ਦਿਹਾਤੀ ਦੀ ਰਹਿਣ ਵਾਲੀ ਹੈ, ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਕਿ ਮੌਜੂਦਾ ਸਮੇਂ ਗਾਰਡਨ ਕਲੋਨੀ, ਲੰਮਾ ਪਿੰਡ ਚੌਕ, ਜਲੰਧਰ ਦੀ ਰਹਿਣ ਵਾਲੀ ਹੈ, ਜੋ ਚੋਰੀ ਅਤੇ ਡਕੈਤੀ ਨਾਲ ਸਬੰਧਤ ਦੋ ਐਫਆਈਆਰਜ਼ ਵਿੱਚ ਲੋੜੀਂਦੀ ਸੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਕਮਿਸ਼ਨਰੇਟ ਪੁਲਸ ਜਲੰਧਰ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕਾਨੂੰਨ ਦੇ ਰਾਜ ਨੂੰ ਬਰਕਰਾਰ ਰੱਖਣ ਲਈ ਦ੍ਰਿੜਤਾ ਨਾਲ ਵਚਨਬੱਧ ਹੈ। ਸਿਰਫ਼ 30 ਦਿਨਾਂ ਦੇ ਅੰਦਰ ਇਨ੍ਹਾਂ 09 ਭਗੌੜਿਆਂ ਦੀ ਗ੍ਰਿਫ਼ਤਾਰੀ ਸਾਡੀ ਟੀਮ ਦੇ ਅਣਥੱਕ ਯਤਨਾਂ ਨੂੰ ਦਰਸਾਉਂਦੀ ਹੈ। ਅਸੀਂ ਇੱਕ ਸਪੱਸ਼ਟ ਸੰਦੇਸ਼ ਭੇਜ ਰਹੇ ਹਾਂ ਕਿ ਕਾਨੂੰਨੀ ਕਾਰਵਾਈਆਂ ਤੋਂ ਬਚਣ ਦੀ ਕੀਤਾ ਹੈ। ਇਹ ਗ੍ਰਿਫ਼ਤਾਰੀਆਂ ਵਿਭਾਗ ਵੱਲੋਂ ਭਗੌੜੇ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਚਲਾਈ ਗਈ ਮੁਹਿੰਮ ਵਿੱਚ ਇੱਕ ਵੱਡੀ ਸਫਲਤਾ ਹਨ। ਵੇਰਵਾ ਦਿੰਦੇ ਹੋਏ, ਪੁਲਸ ਕਮਿਸ਼ਨਰ ਨੇ ਕਿਹਾ ਕਿ ਜਲੰਧਰ ਪੁਲਸ ਦੇ ਪੀ.ਓ. ਸਟਾਫ ਨੇ ਅਪਰਾਧੀਆਂ ਦਾ ਪਤਾ ਲਗਾਉਣ ਲਈ ਉੱਨਤ ਨਿਗਰਾਨੀ ਸਾਧਨਾਂ, ਖੁਫੀਆ ਨੈਟਵਰਕਾਂ ਅਤੇ ਸੁਚੱਜੇ ਤਾਲਮੇਲ ਵਾਲੇ ਛਾਪੇਮਾਰੀ ਦੀ ਵਰਤੋਂ ਕਰਦੇ ਹੋਏ ਸਾਵਧਾਨੀ ਨਾਲ ਯੋਜਨਾਬੱਧ ਕੋਸ਼ਿਸ਼ ਕਰਨ ਵਾਲੇ ਜਵਾਬਦੇਹੀ ਤੋਂ ਨਹੀਂ ਬਚ ਸਕਣਗੇ। ਉਨ੍ਹਾਂ ਨੇ ਅੱਗੇ ਕਿਹਾ ਕਿ ਜਲੰਧਰ ਪੁਲਸ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਅਜਿਹੇ ਅਪਰਾਧੀਆਂ ਖਿਲਾਫ ਸਖ਼ਤ ਕਾਰਵਾਈ ਕਰਦੀ ਰਹੇਗੀ।

## ਤੇਜ਼ ਰਫ਼ਤਾਰ ਕਾਰ ਨੇ ਟੈਂਪੋ ਨੂੰ ਟੱਕਰ ਮਾਰੀ, ਚਾਰ ਦੀ ਮੌਤ, ਪਿਆ ਚੀਕ ਚਿਹਾੜਾ

ਨੈਸ਼ਨਲ ਡੈਸਕ 6 ਮਈ। ਜ਼ਿਲ੍ਹੇ ਦੇ ਜੈਤ ਥਾਣਾ ਖੇਤਰ 'ਚ ਸ਼ਨੀਵਾਰ ਨੂੰ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਰਾਮਟਾਲ ਨਗਲਾ ਰੋਡ 'ਤੇ ਕ੍ਰਿਸ਼ਨਾ ਕੁਟੀਰ ਨੇੜੇ ਇਕ ਤੇਜ਼ ਰਫਤਾਰ ਕਾਰ ਨੇ ਇਕ ਯਾਤਰੀ ਟੈਂਪੂ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਟੈਂਪੂ ਦੇ ਟੁਕੜੇ-ਟੁਕੜੇ ਹੋ ਗਏ ਤੇ ਕਈ ਯਾਤਰੀ ਜ਼ਖਮੀ ਹੋ ਗਏ। ਲੋਕ ਹਾਦਸੇ ਤੋਂ ਬਾਅਦ ਖੁਦ ਨੂੰ ਸੰਭਾਲ ਰਹੇ ਸਨ, ਤਾਂ ਪਿੱਛੇ ਤੋਂ ਆ ਰਹੇ ਇੱਕ ਡੰਪਰ ਨੇ ਸੜਕ 'ਤੇ ਪਏ ਜ਼ਖਮੀਆਂ ਨੂੰ ਕੁਚਲ ਦਿੱਤਾ। ਇਸ ਦੋਹਰੇ ਹਾਦਸੇ 'ਚ ਚਾਰ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਕਈ ਹੋਰ ਗੰਭੀਰ ਜ਼ਖਮੀ ਹੋ ਗਏ। ਘਟਨਾ ਵਾਲੀ ਥਾਂ 'ਤੇ ਹਫੜਾ-ਦਫੜੀ ਮਚ ਗਈ। ਲੋਕਾਂ ਦੀਆਂ ਚੀਕਾਂ ਸੁਣ ਕੇ ਆਸ-ਪਾਸ ਦੇ ਲੋਕ ਅਤੇ ਪੁਲਸ ਮੌਕੇ 'ਤੇ ਪਹੁੰਚ ਗਈ। ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਅਤੇ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ। ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਪਿੰਡ ਸਾਹਿਬਾਜ਼ਪੁਰ ਦਾ ਨੌਜਵਾਨ ਨਸ਼ਾ ਤਸਕਰੀ ਕਰਦਿਆਂ ਗ੍ਰਿਫ਼ਤਾਰ

ਟਾਂਡਾ ਉੜਮੁੜ 6 ਮਈ। ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹਾ ਪੁਲਸ ਵੱਲੋਂ ਵਿੱਢੀ ਦੇ ਮੁਹਿੰਮ ਤਹਿਤ ਟਾਂਡਾ ਪੁਲਸ ਨੇ ਇਕ ਨਸ਼ਾ ਤਸਕਰ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਜਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡੀ.ਐੱਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿਚ ਟਾਂਡਾ ਪੁਲਸ ਦੇ ਏ.ਐੱਸ.ਆਈ ਪਰਵਿੰਦਰ ਸਿੰਘ ਨੇ ਕਲੋਟੀ ਨਗਰ ਟਾਂਡਾ ਨਜ਼ਦੀਕ ਇਕ ਨੌਜਵਾਨ ਨੂੰ ਸ਼ੱਕ ਦੇ ਅਧਾਰ ਤੇ ਗ੍ਰਿਫਤਾਰ ਕੀਤਾ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਦੀ ਪਛਾਣ ਮਨਦੀਪ ਸਿੰਘ ਪੁੱਤਰ ਹਰਦਿਆਲ ਸਿੰਘ ਵਾਸੀ ਪਿੰਡ ਸਾਹਿਬਾਜ਼ਪੁਰ ਵਜੋਂ ਹੋਈ ਹੈ। ਉਕਤ ਮੁਲਜ਼ਮ ਪਾਸੋਂ 56 ਨਸ਼ੀਲੀਆਂ ਗੋਲ?ਆਂ ਬਰਾਮਦ ਕਰਕੇ ਐੱਨ.ਡੀ.ਪੀ.ਐੱਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ ਦੇ ਘਰਾਂ 'ਤੇ ਚੱਲਿਆ ਪੀਲਾ ਪੰਜਾ

ਪਾਇਲ/ਖੰਨਾ 6 ਮਈ। ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਸ਼ੁਰੂ ਹੈ। ਇਸ ਕਾਰਵਾਈ ਤਹਿਤ ਵੀਰਵਾਰ ਨੂੰ ਖੰਨਾ ਦੇ ਜ਼ਿਲ੍ਹਾ ਪੁਲਸ ਮੁਖੀ ਡਾ. ਜੋਤੀ ਯਾਦਵ ਬੈਂਸ ਦੀ ਅਗਵਾਈ ਹੇਠ ਪਾਇਲ ਦੇ ਪਿੰਡ ਧਮੋਟ ਕਲਾਂ ਵਿਖੇ ਤਿੰਨ ਨਸ਼ਾ ਤਸਕਰਾਂ ਦਾ ਘਰਾਂ ਨੂੰ ਢਾਹਿਆ ਗਿਆ। ਇਹ ਮਕਾਨ ਗਲਾਡਾ ਤੋਂ ਬਿਨਾਂ ਮੰਨਜ਼ੂਰੀ ਲਏ ਗੈਰ-ਕਾਨੂੰਨੀ ਢੰਗ ਨਾਲ ਬਣਾਏ ਹੋਏ ਸਨ। ਇਸ ਮੌਕੇ ਗਲਾਡਾ ਤੋਂ ਸਬ ਡਵੀਜ਼ਨਲ ਇੰਜਨੀਅਰ ਲੁਧਿਆਣਾ ਕਰਨ ਅਗਰਵਾਲ, ਗਲਾਡਾ ਤੋਂ ਜ਼ਿਲ੍ਹਾ ਨਗਰ ਯੋਜਨਾਕਾਰ ਰੈਗੂਲੇਟਰ ਲੁਧਿਆਣਾ ਹਰਪ੍ਰੀਤ ਸਿੰਘ ਬਾਜਵਾ ਅਤੇ ਨਾਇਬ ਤਹਿਸੀਲਦਾਰ (ਡਿਊਟੀ ਮੈਜਿਸਟਰੇਟ) ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ। ਜ਼ਿਲ੍ਹਾ ਪੁਲਸ ਮੁਖੀ ਖੰਨਾ ਡਾ. ਜੋਤੀ ਯਾਦਵ ਬੈਂਸ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਧਮੋਟ ਕਲਾਂ ਦੇ ਇਨ੍ਹਾਂ 3 ਪਰਿਵਾਰਾਂ ਉੱਪਰ ਆਈ. ਪੀ. ਸੀ, ਐੱਨ.ਡੀ.ਪੀ.ਐੱਸ. ਐਕਟ ਅਧੀਨ ਵੱਖ ਵੱਖ ਮੁਕੱਦਮੇ ਦਰਜ਼ ਹਨ। ਉਨ੍ਹਾਂ ਵਿਚ ਸਤਵਿੰਦਰ ਸਿੰਘ ਉਰਫ ਬੌਬੀ ਪੁੱਤਰ ਅਜਮੇਰ ਸਿੰਘ ਵਾਸੀ ਧਮੋਟ ਕਲਾਂ, ਪਾਇਲ 'ਤੇ 6 ਐੱਫ.ਆਈ.ਆਰ, ਪਲਵਿੰਦਰ ਸਿੰਘ ਉਰਫ ਪੱਪੂ ਪੁੱਤਰ ਪ੍ਰੀਤਮ ਸਿੰਘ ਵਾਸੀ ਧਮੋਟ ਕਲਾਂ, ਪਾਇਲ 'ਤੇ 6 ਐੱਫ.ਆਈ.ਆਰ, ਸਰਬਜੀਤ ਕੌਰ ਪੁੱਤਰੀ ਕੁਲਵੰਤ ਸਿੰਘ ਵਾਸੀ ਧਮੋਟ ਕਲਾਂ, ਪਾਇਲ 'ਤੇ 3 ਐੱਫ.ਆਈ.ਆਰ ਦਰਜ ਅਤੇ ਸਰਬਜੀਤ ਕੌਰ ਦੀ ਮਾਤਾ ਕਰਮਜੀਤ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਧਮੋਟ ਕਲਾਂ, ਪਾਇਲ 'ਤੇ 3 ਐੱਫ. ਆਈ. ਆਰ ਦਰਜ ਹਨ। ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ




ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ। ਡਾ. ਜੋਤੀ ਯਾਦਵ ਬੈਂਸ ਨੇ ਦੱਸਿਆ ਕਿ ਨਸ਼ੇ ਦੇ ਸੌਦਾਗਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਕਾਰੋਬਾਰੀਆਂ ਦੀ ਸ਼ਿਕਾਇਤ ਕਰਨ ਲਈ ਆਪਣੇ ਨੇੜਲੇ ਪੁਲਿਸ ਸਟੇਸ਼ਨ ਵਿਖੇ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਿਰੰਤਰ ਜਾਰੀ ਰਹੇਗੀ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਅੰਦਰ ਨਸ਼ਾ ਤਸਕਰਾਂ ਲਈ ਕੋਈ ਥਾਂ ਨਹੀਂ ਹੈ, ਇਸ ਲਈ ਉਹ ਇਹ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਦੇ ਘਰਾਂ 'ਤੇ ਵੀ ਪੀਲਾ ਪੰਜਾ ਚਲਾਇਆ ਜਾਵੇਗਾ। ਇਥੇ ਵਰਨਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਦੀ ਜ਼ਿਲ੍ਹਾ ਲੁਧਿਆਣਾ ਦੇ ਪਾਇਲ ਅਧੀਨ ਪੈਂਦੇ ਪਿੰਡ ਧਮੋਟ ਕਲਾਂ ਦੇ ਸਰਪੰਚ ਕਮਲਜੀਤ ਕੌਰ, ਪੰਚਾਇਤ ਮੈਂਬਰ ਅਮਨਦੀਪ ਸਿੰਘ, ਪੰਚਾਇਤ ਮੈਂਬਰ ਜਗਜੀਵਨ ਸਿੰਘ, ਪੰਚਾਇਤ ਮੈਂਬਰ ਗੁਰਦੀਪ ਸਿੰਘ, ਪੰਚਾਇਤ ਮੈਂਬਰ ਮਨਵੀਰ ਸਿੰਘ, ਪੰਚਾਇਤ ਮੈਂਬਰ ਹਰਪ੍ਰੀਤ ਸਿੰਘ, ਯਾਦਵਿੰਦਰ ਸਿੰਘ ਅਤੇ ਹੋਰ ਪਿੰਡ ਨਿਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੁਲਿਸ ਪ੍ਰਸ਼ਾਸ਼ਨ ਧੰਨਵਾਦ ਕੀਤਾ ਗਿਆ। ਇਸ ਮੌਕੇ ਐਸ.ਪੀ (ਐਚ) ਖੰਨਾ ਤੇਜਵੀਰ ਸਿੰਘ, ਡੀ.ਐਸ.ਪੀ (ਡੀ) ਮੋਹਿਤ ਸਿੰਗਲਾ, ਡੀ.ਐੱਸ.ਪਾਇਲ ਹੇਮੰਤ ਮਲਹੋਤਰਾ, ਐਸ.ਐਚ.ਓ ਪਾਇਲ ਸੰਦੀਪ ਕੁਮਾਰ, ਐਸ.ਐਚ.ਓ ਮਲੌਦ ਸਤਨਾਮ ਸਿੰਘ ਵੀ ਹਾਜ਼ਰ ਸਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਰੇਲਵੇ ਟਰੈਕ 'ਤੇ ਮਿਲੇ ਲਾਵਾਰਿਸ ਬੈਗ 'ਚੋਂ ਨਿਕਲੀਆਂ 7380 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ

ਲੁਧਿਆਣਾ 6 ਮਈ। ਜੀ. ਆਰ. ਪੀ. ਦੀ ਟੀਮ ਨੇ ਗਸ਼ਤ ਦੌਰਾਨ ਰੇਲਵੇ ਟ?ਰੈਕ ਕੋਲੋਂ ਲਾਵਾਰਿਸ ਬੈਗ 'ਚੋਂ 7380 ਨਸ਼ੀਲੇ ਕੈਪਸੂਲ ਅਤੇ ਗੋਲੀਆਂ ਬਰਾਮਦ ਕੀਤੀਆਂ ਹਨ। ਪੁਲਸ ਨੇ ਕਾਰਵਾਈ ਕਰਦੇ ਹੋਏ ਅਣਪਛਾਤੇ ਨਸ਼ਾ ਸਮੱਗਲਰ ਖਿਲਾਫ ਕੇਸ ਦਰਜ ਕੀਤਾ ਹੈ। ਐੱਸ. ਪੀ. ਬਲਰਾਮ ਰਾਣਾ ਨੇ ਦੱਸਿਆ ਕਿ ਜੀ. ਆਰ. ਪੀ. ਲੁਧਿਆਣਾ ਦੇ ਇੰਸ. ਪਲਵਿੰਦਰ ਸਿੰਘ ਆਪਣੀ ਟੀਮ ਨਾਲ ਨਸ਼ਾ ਸਮੱਗਲਰਾਂ ਅਤੇ ਅਪਰਾਧਿਕ ਕਿਸਮ ਦੇ ਲੋਕਾਂ 'ਤੇ ਪਾਬੰਦੀ ਲਗਾਉਣ ਲਈ ਚਲਾਈ ਗਈ ਮੁਹਿੰਮ ਤਹਿਤ



ਚੈਕਿੰਗ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਜਗਰਾਓਂ ਪੁਲ ਕੋਲ ਆਊਟਰ ਸਿਗਨਲ ਢੰਡਾਰੀ ਸਾਈਡ ਵੱਲ ਰੇਲਵੇ ਟ?ਰੈਕ ਕੋਲ ਇਕ ਲਾਵਾਰਿਸ ਬੈਗ ਪਿਆ ਹੈ। ਸੂਚਨਾ ਦੇ ਆਧਾਰ 'ਤੇ ਸਬ-ਇੰਸਪੈਕਟਰ ਸਤੀਸ਼ ਕੁਮਾਰ ਨੂੰ ਮੌਕੇ 'ਤੇ ਭੇਜਿਆ ਗਿਆ ਤਾਂ ਉਨ੍ਹਾਂ ਨੇ ਬੈਗ ਕਬਜ਼ੇ 'ਚ ਲੈ ਕੇ ਚੈਕਿੰਗ ਕੀਤੀ ਤਾਂ ਉਸ 'ਚੋਂ 7200 ਪਾਬੰਦੀਸ਼ੁਦਾ ਨਸ਼ੀਲੇ ਕੈਪਸੂਲ ਅਤੇ 180 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਟੀਮ ਨੇ ਕਾਫੀ ਸਮੇਂ ਤੱਕ ਇਧਰ-ਉਧਰ ਮੁਲਜ਼ਮ ਦੀ ਭਾਲ ਕੀਤੀ ਅਤੇ ਲੋਕਾਂ ਤੋਂ ਪੁੱਛਗਿੱਛ ਵੀ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਕਿਸੇ ਨਸ਼ਾ ਸਮੱਗਲਰ ਨੇ ਪੁਲਸ ਪਾਰਟੀ ਦੀ ਚੈਕਿੰਗ ਨੂੰ ਦੇਖਦੇ ਹੋਏ ਚਲਦੀ ਟ੍ਰੇਨ ਤੋਂ ਹੀ ਬੈਗ ਸੁੱਟ ਦਿੱਤਾ ਹੋਵੇ। ਉਨ੍ਹਾਂ ਦੱਸਿਆ ਕਿ ਮਾਮਲੇ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ।

# ਪੰਜਾਬ ਦੇ ਵਾਹਨ ਚਾਲਕਾਂ ਲਈ ਖ਼ਤਰੇ ਦੀ ਘੰਟੀ, ਜਾਰੀ ਹੋਏ ਨਵੇਂ ਹੁਕਮ

ਫਰੀਦਕੋਟ 6 ਮਈ। ਡਾ. ਪ੍ਰਗਿਆ ਜੈਨ ਐੱਸ. ਐੱਸ. ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਟ?ਰੈਫਿਕ ਨਿਯਮਾਂ ਦੀ ਉਲੰਘਣਾ ਰੋਕਣ ਲਈ ਸਖ਼ਤ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਦਾ ਮੁੱਖ ਉਦੇਸ਼ ਸੜਕਾਂ 'ਤੇ ਹਾਦਸਿਆਂ ਦੀ ਰੋਕਥਾਮ ਕਰਨਾ ਅਤੇ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਇਸ ਲਈ ਟ?ਰੈਫਿਕ ਪੁਲਸ ਫਰੀਦਕੋਟ ਵੱਲੋਂ ਸ਼ਹਿਰ ਦੇ ਮੁੱਖ ਮਾਰਗਾਂ, ਬਾਜ਼ਾਰਾਂ, ਜਨਤਕ ਸਥਾਨਾਂ ਉੱਪਰ ਤਾਇਨਾਤ ਟ?ਰੈਫਿਕ ਕਰਮਚਾਰੀਆਂ ਵੱਲੋਂ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ। ਇਸੇ ਦਾ ਹੀ ਨਤੀਜਾ ਹੈ ਕਿ ਫਰੀਦਕੋਟ ਪੁਲਸ ਵੱਲੋਂ ਸਾਲ-2025 ਦੌਰਾਨ 7247 ਚਲਾਨ ਜਾਰੀ ਕਰ ਕੇ ਜੁਰਮਾਨੇ ਦੇ ਰੂਪ 'ਚ 33 ਲੱਖ 60 ਹਜ਼ਾਰ 900 ਰੁਪਏ ਵਸੂਲ ਕੀਤੇ ਗਏ ਹਨ। ਆਮ ਤੌਰ 'ਤੇ ਦੇਖਣ 'ਚ ਆਉਂਦਾ ਹੈ ਕਿ ਬਾਜ਼ਾਰਾਂ 'ਚ ਗਲਤ ਪਾਰਕਿੰਗ ਸੜਕਾਂ 'ਤੇ ਜਾਮ ਲਾਉਣ ਦਾ ਮੁੱਖ ਕਾਰਨ ਹੈ, ਜਿਸ ਕਾਰਨ ਆਮ ਜਨਤਾ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਕਰਕੇ ਗਲਤ ਪਾਰਕਿੰਗ ਕਰਨ ਵਾਲਿਆਂ ਦੇ ਚਲਾਨ ਕੱਟੇ ਜਾ ਰਹੇ ਹਨ ਅਤੇ ਸੜਕਾਂ 'ਤੇ ਆਵਾਜਾਈ ਸੁਚਾਰੂ ਬਣਾਉਣ ਲਈ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਫਰੀਦਕੋਟ ਪੁਲਸ ਵੱਲੋਂ ਟ?ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ ਕਾਰਵਾਈ ਕਰਦੇ ਹੋਏ ਗਲਤ ਪਾਰਕਿੰਗ,



ਓਵਰਲੋਡਿੰਗ, ਬਿਨਾਂ ਹੈਲਮਟ, ਸੀਟ ਬੈਲਟ ਨਾ ਲਾਉਣਾ, ਓਵਰਸਪੀਡਿੰਗ, ਕਾਰਾਂ ਦੀਆਂ ਖਿੜਕੀਆਂ 'ਤੇ ਅਣ-ਅਧਿਕਾਰਤ ਕਾਲੀਆਂ ਫਿਲਮਾਂ ਅਤੇ ਕਾਲੀ ਜਾਲੀਆਂ ਦੇ ਚਲਾਨ ਜਾਰੀ ਕੀਤੇ ਗਏ ਹਨ। ਡਾ. ਪ੍ਰਗਿਆ ਜੈਨ ਵੱਲੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਇਸ ਮੁਹਿੰਮ ਦਾ ਮਕਸਦ ਟ?ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣਾ ਹੈ ਤਾਂ ਜੋ ਗਲਤ ਪਾਰਕਿੰਗ, ਓਵਰਲੋਡਿੰਗ, ਖ਼ਤਰਨਾਕ ਡਰਾਈਵਿੰਗ, ਨਸ਼ਾ ਕਰ ਕੇ ਡਰਾਈਵਿੰਗ ਅਤੇ ਹੋਰ ਟ?ਰੈਫਿਕ ਉਲੰਘਣਾਵਾਂ ਨੂੰ ਰੋਕਿਆ ਜਾ ਸਕੇ। ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ 'ਚ ਟ?ਰੈਫਿਕ ਪੁਲਸ ਦੀਆਂ ਟੀਮਾਂ ਵੱਲੋਂ ਟ?ਰੈਫਿਕ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਪਬਲਿਕ ਨੂੰ ਟ?ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਸ਼ਹਿਰਾਂ 'ਚ ਟ?ਰੈਫਿਕ ਜਾਗਰੂਕਤਾ ਸੈਮੀਨਾਰ ਵੀ ਲਾਏ ਜਾ ਰਹੇ ਹਨ। ਐੱਸ. ਐੱਸ. ਪੀ. ਫਰੀਦਕੋਟ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਵਾਹਨਾਂ ਨੂੰ ਪਾਰਕਿੰਗ ਕਰਨ ਲਈ ਨਿਰਧਾਰਿਤ ਸਥਾਨਾਂ ਦੀ ਵਰਤੋਂ ਕਰਨ ਅਤੇ ਟ?ਰੈਫਿਕ ਨਿਯਮਾਂ ਦੀ ਪਾਲਣਾ ਕਰ ਕੇ ਜ਼ਿੰਮੇਵਾਰ ਨਾਗਰਿਕ ਬਣ ਕੇ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਕਰਨ।

## ਪੰਜਾਬ 'ਚ ਸ਼ਰਮਨਾਕ ਕਾਰਾ, ਕੁੜੀ ਨਾਲ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ

ਤਰਨਤਾਰਨ 6 ਮਈ। ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਇਕ ਪਿੰਡ ਦੀ 4 ਸਾਲਾ ਮਾਸੂਮ ਕੁੜੀ ਨਾਲ ਜਬਰ-ਜ਼ਿਨਾਹ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਤੋਂ ਬਾਅਦ ਥਾਣਾ ਸਦਰ ਤਰਨ ਤਰਨ ਦੀ ਪੁਲਸ ਨੇ ਪੀੜਤ ਬੱਚੀ ਦੀ ਮਾਂ ਦੇ ਬਿਆਨਾਂ ਹੇਠ ਮੁਲਜ਼ਮ ਨੂੰ ਨਾਮਜ਼ਦ ਕਰਦੇ ਉਸ ਦੀ ਗ੍ਰਿਫਤਾਰੀ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੀੜਤ ਦੀ ਮਾਤਾ ਨੇ ਥਾਣਾ ਸਦਰ ਤਰਨ ਤਰਨ ਦੀ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਕਿ ਉਸ ਦਾ ਪਤੀ ਡਾਕਟਰ ਦੀ ਦੁਕਾਨ 'ਤੇ ਸਾਫ ਸਫਾਈ ਦਾ ਕੰਮ ਕਰਦਾ ਹੈ ਤੇ ਜਦੋਂ ਉਸ ਦਾ ਪਤੀ ਆਪਣੇ ਕੰਮ 'ਤੇ ਚਲਾ ਗਿਆ ਤਾਂ ਉਸ ਦੇ ਬੱਚੇ ਪਿੱਛੇ-ਪਿੱਛੇ ਚਲੇ ਗਏ, ਜਿਸ ਤੋਂ ਬਾਅਦ ਜਦੋਂ ਉਸ ਦਾ ਪਤੀ ਘਰ ਵਾਪਸ ਪਰਤਿਆ ਤਾਂ ਉਸ ਨੇ ਬੱਚਿਆਂ ਬਾਰੇ ਪੁੱਛਿਆ ਤਾਂ ਉਨ੍ਹਾਂ ਦੀ ਭਾਲ ਸ਼ੁਰੂ ਕੀਤੀ। ਚਾਰ ਸਾਲਾ ਬੱਚੀ ਨੂੰ ਜਦੋਂ ਆਵਾਜ਼ਾਂ ਮਾਰੀਆਂ ਤਾਂ ਉਸ ਦੀ ਆਵਾਜ਼ ਇਕ ਘਰ ਦੇ ਅੰਦਰੋਂ ਆਈ। ਜਦੋਂ ਬੱਚੀ ਦੇ ਮਾਪਿਆਂ ਵੱਲੋਂ ਉਸ ਘਰ ਦਾ ਦਰਵਾਜ਼ਾ ਖੜਕਾਇਆ ਗਿਆ ਤਾਂ ਮੁਲਜ਼ਮ ਸੋਨੂੰ ਮੌਕੇ ਤੋਂ ਫਰਾਰ ਹੋ ਗਿਆ ਤੇ ਬੱਚੀ ਨਗਨ ਅਵਸਥਾ 'ਚ ਸੀ। ਥਾਣਾ ਸਦਰ ਦੇ ਮੁਖੀ ਕਸ਼ਮੀਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਪੁਲਸ ਵੱਲੋਂ ਮੁਲਜ਼ਮ ਸੋਨੂੰ ਖਿਲਾਫ ਪਰਚਾ ਦਰਜ ਕਰਕੇ ਉਸ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

# ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 68 ਵਾਹਨਾਂ ਦੇ ਕੱਟੇ ਈ-ਚਲਾਨ

ਅੰਮ੍ਰਿਤਸਰ 6 ਮਈ। ਅੰਮ੍ਰਿਤਸਰ ਸ਼ਹਿਰ ਦੀ ਵਿਗੜਦੀ ਟ?ਰੈਫਿਕ ਵਿਵਸਥਾ ਨੂੰ ਮੁੜ ਲੀਹਾਂ 'ਤੇ ਲਿਆਉਣ ਅਤੇ ਸੁਚਾਰੂ ਰੂਪ ਨਾਲ ਟ?ਰੈਫਿਕ ਦੀ ਬਹਾਲੀ ਲਈ ਸਹਾਇਕ ਡਿਪਟੀ ਕਮਿਸ਼ਨਰ ਪੁਲਸ (ਟ?ਰੈਫਿਕ) ਅਮਨਦੀਪ ਕੌਰ ਨੇ ਸ਼ਹਿਰ ਵਾਸੀਆਂ, ਆਟੋ ਚਾਲਕਾਂ ਅਤੇ ਦੁਕਾਨਦਾਰਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਬਹੁਤ ਜਲਦ ਅੰਮ੍ਰਿਤਸਰ ਸ਼ਹਿਰ ਨੂੰ ਜਾਮ ਮੁਕਤ ਕੀਤਾ ਜਾਵੇਗਾ। ਉਨ੍ਹਾਂ ਵਲੋਂ ਟ?ਰੈਫਿਕ ਪੁਲਸ ਦੀ ਟੀਮ ਨਾਲ ਨਿਊ ਰਿਆਲਟੋ ਚੌਕ, ਦੋਆਬਾ ਚੌਕ, ਅਸ਼ੋਕਾ ਚੌਕ, ਕਰਿਸਟਲ ਚੌਕ, ਨਾਵਲਟੀ ਚੌਕ ਅਤੇ ਕਸਟਮ ਚੌਕਾਂ ਵਿਚ ਸੜਕਾਂ ਕਿਨਾਰੇ ਨਾਜਾਇਜ਼ ਪਾਰਕ ਕੀਤੇ ਵਾਹਨਾਂ ਦੇ ਚਲਾਨ ਕੱਟਦਿਆਂ ਬਣਦਾ ਜੁਰਮਾਨਾ ਕੀਤਾ ਗਿਆ ਤੇ ਟ?ਰੈਫਿਕ ਨੂੰ ਸੁਚਾਰੂ ਰੂਪ ਵਿੱਚ ਸ਼ੁਰੂ ਕਰਵਾਇਆ। ਇਸ ਮੌਕੇ ਆਟੋ ਚਾਲਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਟ?ਰੈਫਿਕ ਰੂਲਾਂ ਸੰਬੰਧੀ ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਕਿਹਾ। ਉਨ੍ਹਾਂ ਵਲੋਂ ਅੱਜ ਦੋਆਬਾ ਚੌਕ ਨਜ਼ਦੀਕ ਵਾਹਨਾਂ ਦੀ ਮੁਰੰਮਤ ਕਰਨ ਵਾਲੇ ਕਾਰੀਗਰਾਂ ਨਾਲ ਗੱਲਬਾਤ ਕਰਦਿਆਂ ਸੜਕ ਕਿਨਾਰੇ ਵਾਹਨਾਂ ਦੀ ਮੁਰੰਮਤ ਕਰਨ ਤੋਂ ਰੋਕਿਆ। ਉਨ੍ਹਾਂ ਦੱਸਿਆ ਕਿ ਟ?ਰੈਫਿਕ ਪੁਲਸ ਅੰਮ੍ਰਿਤਸਰ ਵਲੋਂ ਟ?ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 69 ਵਾਹਨ ਚਾਲਕਾਂ ਦੇ ਈ-ਚਲਾਨ ਕੱਟੇ ਗਏ। ਇਸ ਮੌਕੇ ਅਮਨਦੀਪ ਕੌਰ ਨੇ ਭਰ ਗਰਮੀ ਵਿੱਚ ਸੜਕਾਂ 'ਤੇ ਡਿਊਟੀ ਕਰ ਰਹੇ ਟ?ਰੈਫਿਕ ਪੁਲਸ ਦੇ ਜਵਾਨਾਂ ਦੀ ਹੌਂਸਲਾ ਅਫਜਾਈ ਕਰਦਿਆਂ ਉਨ੍ਹਾਂ ਵਲੋਂ ਨਿਭਾਈ ਜਾ ਰਹੀ ਡਿਊਟੀ ਦੀ ਸਰਾਹਣਾ ਕੀਤੀ। ਇਸ ਮੌਕੇ ਇੰਸਪੈਕਟਰ ਰਾਮਦਵਿੰਦਰ ਸਿੰਘ, ਸਬ-ਇੰਸਪੈਕਟਰ ਮੰਗਲ ਸਿੰਘ, ਸਬ-ਇੰਸਪੈਕਟਰ ਤਜਿੰਦਰ ਸਿੰਘ, ਸਬ-ਇੰਸਪੈਕਟਰ ਰਜਿੰਦਰ ਸਿੰਘ, ਏ. ਐੱਸ. ਆਈ. ਬਲਜਿੰਦਰ ਸਿੰਘ ਸਮੇਤ ਹੋਰ ਟਰੈਫਿਕ ਪੁਲਸ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।



## ਅਮਰੀਕਾ 'ਚ ਭਾਰਤੀ ਨੌਜਵਾਨ ਦੀ ਮੌਤ, ਲਾਸ਼ ਵਾਪਸ ਲਿਆਉਣ ਲਈ ਪਰਿਵਾਰ ਨੇ ਲਾਈ ਗੁਹਾਰ

ਜੀਂਦ 6 ਮਈ। ਜੀਂਦ ਜ਼ਿਲ੍ਹੇ ਦੇ ਅਲੀਵਾ ਪਿੰਡ ਦੇ ਇੱਕ ਨੌਜਵਾਨ 35 ਲੱਖ ਰੁਪਏ ਖਰਚ ਅਮਰੀਕਾ ਗਿਆ ਸੀ, ਜਿੱਥੇ 2 ਮਈ ਨੂੰ ਦਿਲ ਦਾ ਦੌਰਾ ਪੈਣ ਕਾਰਨ ਉਸਦੀ ਮੌਤ ਹੋ ਗਈ। ਮ੍ਰਿਤਕ ਨਵੀਨ 3 ਸਾਲ ਪਹਿਲਾਂ ਜੀਂਦ ਤੋਂ ਡੌਂਕੀ ਰੂਟ ਰਾਹੀਂ ਅਮਰੀਕਾ ਗਿਆ ਸੀ। ਮ੍ਰਿਤਕ ਦੇ ਰਿਸ਼ਤੇਦਾਰ ਪ੍ਰਸ਼ਾਸਨ ਨੂੰ ਲਾਸ਼ ਵਾਪਸ ਲਿਆਉਣ ਦੀ ਬੇਨਤੀ ਕਰ ਰਹੇ ਹਨ। ਅੰਦਾਜ਼ਾ ਹੈ ਕਿ ਲਾਸ਼ ਨੂੰ ਭਾਰਤ ਲਿਆਉਣ ਲਈ ਲਗਭਗ 30 ਲੱਖ ਰੁਪਏ ਖਰਚ ਹੋਣਗੇ। ਪਰਿਵਾਰ ਇੰਨੇ ਪੈਸੇ ਨਿਵੇਸ਼ ਕਰਨ ਤੋਂ ਅਸਮਰੱਥ ਹਨ। ਜਾਣਕਾਰੀ ਦਿੰਦਿਆ ਮ੍ਰਿਤਕ ਦੇ ਭਰਾ ਬਲਰਾਜ ਚਾਹਲ ਨੇ ਦੱਸਿਆ ਕਿ 2022 ਵਿੱਚ ਪਰਿਵਾਰ ਨੇ ਡੌਂਕੀ ਰੂਟ ਰਾਹੀਂ ਨਵੀਨ ਨੂੰ ਅਮਰੀਕਾ ਭੇਜਣ ਲਈ 30 ਤੋਂ 35 ਲੱਖ ਰੁਪਏ ਖਰਚ ਕੀਤੇ ਸਨ। ਉਸਨੂੰ ਅਮਰੀਕਾ ਭੇਜਣ ਲਈ ਕੁਝ ਪੈਸੇ ਘਰੋਂ ਲਏ ਗਏ ਸਨ ਅਤੇ ਬਾਕੀ ਵਿਆਜ 'ਤੇ ਲਏ ਗਏ ਸਨ। 7 ਤੋਂ 8 ਮਹੀਨਿਆਂ ਬਾਅਦ ਨਵੀਨ ਨੂੰ ਅਮਰੀਕਾ ਵਿੱਚ ਨੌਕਰੀ ਮਿਲ ਗਈ, ਜਿੱਥੇ ਉਹ ਟਰੱਕ ਚਲਾਉਂਦਾ ਸੀ। ਪਰਿਵਾਰ ਨੇ ਆਖਰੀ ਵਾਰ ਨਵੀਨ ਨਾਲ 1 ਮਈ ਦੀ ਰਾਤ ਨੂੰ ਗੱਲ ਕੀਤੀ ਸੀ। ਜਿਸ ਵਿੱਚ ਨਵੀਨ ਨੇ ਦੱਸਿਆ ਕਿ ਉਸਦੇ ਹੱਥ ਵਿੱਚ ਬਹੁਤ ਦਰਦ ਹੈ। ਇਸ ਤੋਂ ਬਾਅਦ ਨਵੀਨ ਦੇ ਦੋਸਤਾਂ ਨੇ ਉਸਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ, ਪਰ ਸਵੇਰੇ ਪਤਾ ਲੱਗਾ ਕਿ ਉਸਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਹੈ। ਨਵੀਨ ਆਪਣੇ ਭੈਣ-ਭਰਾਵਾਂ ਵਿੱਚੋਂ ਸਭ ਤੋਂ ਛੋਟਾ ਸੀ। ਉਹ ਆਪਣੇ ਪਿੱਛੇ 2 ਵੱਡੀਆਂ ਭੈਣਾਂ ਅਤੇ ਇੱਕ ਵੱਡਾ ਭਰਾ ਛੱਡ ਗਿਆ ਹੈ।

# ਜਲੰਧਰ ਦੇ ਪ੍ਰਤਾਪ ਬਾਗ ਨੇੜੇ ਨੌਜਵਾਨ 'ਤੇ ਹੋਏ ਜਾਨਲੇਵਾ ਹਮਲੇ ਦੇ ਮਾਮਲੇ 'ਚ ਵੱਡਾ ਖ਼ੁਲਾਸਾ

ਜਲੰਧਰ 6 ਮਈ। ਪ੍ਰਤਾਪ ਬਾਗ ਨੇੜੇ ਜੱਗੀ ਨਾਨ ਵਾਲੇ ਦੇ ਨੇੜੇ ਲੁਧਿਆਣਾ ਦੇ ਨੌਜਵਾਨ 'ਤੇ ਹੋਏ ਜਾਨਲੇਵਾ ਹਮਲੇ ਦੇ ਮਾਮਲੇ ਵਿਚ ਪੁਲਸ ਨੇ ਜੰਡਿਆਲਾ ਦੇ 7 ਮੁਲਜ਼ਮਾਂ ਖ਼?ਲਾਫ਼ ਕਤਲ ਦੀ ਕੋਸ਼ਿਸ਼ ਦਾ ਕੇਸ ਦਰਜ ਕੀਤਾ ਹੈ। ਪੁਲਸ ਦੀ ਜਾਂਚ ਵਿਚ ਖ਼ੁਲਾਸਾ ਹੋਇਆ ਹੈ ਕਿ ਇਹ ਹਮਲਾ ਬਦਲਾ ਲੈਣ ਲਈ ਕੀਤਾ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਇਹ ਸਾਰਾ ਵਿਵਾਦ ਲੜਕੀ ਨੂੰ ਲੈ ਕੇ ਚੱਲ ਰਿਹਾ ਹੈ। ਦੂਜੇ ਪਾਸੇ ਥਾਣਾ ਨੰਬਰ 3 ਦੇ ਇੰਚਾਰਜ ਅਸ਼ੋਕ ਕੁਮਾਰ ਨੇ ਦੱਸਿਆ ਕਿ 7 ਲੋਕਾਂ 'ਤੇ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮਾਂ ਨੂੰ ਕਾਬੂ ਕਰਨ ਲਈ ਜੰਡਿਆਲਾ ਸਮੇਤ ਕਈ ਥਾਵਾਂ 'ਤੇ ਰੇਡ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਮਲਾ ਕਰਨ ਵਾਲਿਆਂ ਦਾ ਕ੍ਰਿਮੀਨਲ ਰਿਕਾਰਡ ਹੈ, ਜਿਨ੍ਹਾਂ ਨੂੰ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਫਿਲਹਾਲ ਸਾਰੇ ਮੁਲਜ਼ਮ ਆਪਣੇ ਘਰਾਂ ਤੋਂ ਫ਼ਰਾਰ ਹਨ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਨਕੋਦਰ ਵਿਚ ਮੁਸਤਫ਼ਾ ਪੰਮਾ ਦੇ ਭਰਾ ਦਾ ਲੜਕੀ ਕਾਰਨ ਹਮਲਾਵਰ ਧਿਰ ਨਾਲ ਝਗੜਾ ਹੋਇਆ ਸੀ। ਉਦੋਂ ਨਕੋਦਰ ਵਿਚ ਇਮਾਮ ਹੁਸੈਨ ਖ਼?ਲਾਫ਼ ਕੇਸ ਦਰਜ ਹੋਇਆ ਸੀ। ਉਸੇ ਕੇਸ ਦੀ ਇਨਕੁਆਰੀ ਲਈ ਪੰਮਾ ਆਪਣੇ ਚਾਚੇ ਦੇ ਪੁੱਤ ਸੈਫ ਅਲੀ ਨਾਲ ਐੱਸ. ਐੱਸ. ਪੀ. ਆਫਿਸ ਆਇਆ ਸੀ। ਦੱਸਣਯੋਗ ਹੈ ਕਿ ਬੁੱਧਵਾਰ ਦੁਪਹਿਰੇ ਜਦੋਂ ਪੰਮਾ ਨਾਨ ਖਾਣ ਲਈ ਜੱਗੀ ਨਾਨ ਵਾਲੇ ਦੀ ਦੁਕਾਨ ਵਿਚ ਜਾਣ ਵਾਸਤੇ ਸੜਕ ਕਰਾਸ ਕਰ ਰਿਹਾ ਸੀ ਤਾਂ ਅਚਾਨਕ ਆਈ ਸਵਿੱਫਟ ਕਾਰ ਨੇ ਪੰਮਾ ਨੂੰ ਟੱਕਰ ਮਾਰ ਦਿੱਤੀ। ਪੰਮਾ ਕਾਫ਼ੀ ਦੂਰ ਜਾ ਕੇ ਡਿੱਗਿਆ, ਜਿਸ ਤੋਂ ਬਾਅਦ ਸਵਿੱਫਟ ਕਾਰ ਵਿਚੋਂ ਉਤਰੇ ਹਮਲਾਵਰਾਂ ਨੇ ਪੰਮਾ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ। ਮੁਲਜ਼ਮ ਸੀ. ਸੀ. ਟੀ. ਵੀ. ਕੈਦ ਹੋ ਗਏ ਸਨ, ਜਦਕਿ ਜਾਗਰੂਕ ਲੋਕਾਂ ਨੇ ਹਮਲਾਵਰਾਂ ਦੀ ਕਾਰ ਦੀ ਵੀਡੀਓ ਬਣਾ ਲਈ ਸੀ, ਜਿਸ ਵਿਚ ਕਾਰ ਦਾ ਨੰਬਰ ਵੀ ਆ ਗਿਆ ਸੀ।

## ਘਰੋਂ ਵਾਲ ਕਟਵਾਉਣ ਗਏ ਮੁੰਡਿਆਂ ਦੇ ਘਰ ਵਿਛ ਗਏ ਸੱਥਰ

ਨੈਸ਼ਨਲ ਡੈਸਕ 6 ਮਈ। ਉੱਤਰ ਪ੍ਰਦੇਸ਼ ਤੋਂ ਇਕ ਬੇਹੱਦ ਦੁਖ਼ਦਾਈ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਇੱਜ਼ਤਨਗਰ ਸਟੇਸ਼ਨ ਨੇੜੇ ਸੋਮਵਾਰ ਨੂੰ ਇਕ ਰੇਲ ਇੰਜਣ ਦੀ ਲਪੇਟ 'ਚ ਆਉਣ ਨਾਲ 2 ਨਾਬਾਲਗ ਮੁੰਡਿਆਂ ਦੀ ਦਰਦਨਾਕ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਆਦਿਤਿਆ (14) ਅਤੇ ਪੰਕਜ (11) ਵਜੋਂ ਹੋਈ ਹੈ, ਜੋ ਵਾਲ ਕਟਵਾਉਣ ਲਈ ਘਰੋਂ ਨਿਕਲੇ ਸਨ। ਇੱਜਤਨਗਰ ਥਾਣੇ ਦੇ ਮੁਖੀ ਵਿਜੇਂਦਰ ਸਿੰਘ ਨੇ ਦੱਸਿਆ ਕਿ ਹਾਦਸੇ ਦੇ ਸਮੇਂ ਆਦਿਤਿਆ ਈਅਰਫੋਨ ਲਾ ਕੇ ਗਾਣੇ ਸੁਣ ਰਿਹਾ ਸੀ, ਜਦੋਂ ਕਿ ਪੰਕਜ ਫੋਨ 'ਤੇ ਗੱਲ ਕਰਦੇ ਹੋਏ ਰੇਲਵੇ ਲਾਈਨ ਪਾਰ ਕਰ ਰਿਹਾ ਸੀ। ਇਸ ਦੌਰਾਨ ਕਾਠਗੋਦਾਮ ਵੱਲੋਂ ਆ ਰਿਹਾ ਇਕ ਇੰਜਣ ਟ?ਰੈਕ ਤੋਂ ਲੰਘ ਰਿਹਾ ਸੀ। ਆਸਪਾਸ ਮੌਜੂਦ ਲੋਕਾਂ ਅਤੇ ਲੋਕੋ ਪਾਇਲਟ ਨੇ ਉਨ੍ਹਾਂ ਨੂੰ ਚਿਤਾਵਨੀ ਦੇਣ ਦੀ ਕੋਸ਼ਿਸ਼ ਕੀਤੀ

## 'ਹਰਿਆਣੇ ਨੂੰ ਦਿੱਤਾ ਜਾ ਰਿਹੈ ਪੰਜਾਬ ਦੇ ਹੱਕ ਦਾ ਪਾਣੀ', ਸੂਬੇ ਭਰ 'ਚ ਪ੍ਰਦਰਸ਼ਨ ਕਰੇਗੀ 'ਆਪ'

ਚੰਡੀਗੜ੍ਹ 6 ਮਈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਹਰਿਆਣੇ ਨੂੰ ਵਾਧੂ ਪਾਣੀ ਦੇਣ ਦੇ ਫ਼ੈਸਲੇ ਦੇ ਵਿਰੋਧ ਵਿਚ ਅੱਜ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਭਰ ਵਿਚ ਭਾਰਤੀ ਜਨਤਾ ਪਾਰਟੀ ਦੇ ਖ਼?ਲਾਫ਼ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਪਾਰਟੀ ਨੇ ਦੋਸ਼ ਲਗਾਇਆ ਹੈ ਕਿ ਭਾਰਤੀ ਜਨਤਾ ਪਾਰਟੀ ਨੇ 22$2 ਦੇ ਜ਼ਰੀਏ ਪੰਜਾਬ ਦਾ ਪਾਣੀ ਹਰਿਆਣੇ ਨੂੰ ਦੇਣ ਦੇ ਹੁਕਮ ਦਿੱਤੇ ਹਨ। ਇਸ ਨੂੰ ਪੰਜਾਬ ਦੇ ਹੱਕ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਆਮ ਆਦਮੀ ਪਾਰਟੀ ਵੱਲੋਂ ਇਸ ਦਾ ਡਟਵਾਂ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਤਹਿਤ ਅੱਜ ਆਮ ਆਦਮੀ ਪਾਰਟੀ ਵੱਲੋਂ ਭਾਜਪਾ ਆਗੂਆਂ ਦੇ ਘਰਾਂ ਅਤੇ ਦਫ਼ਤਰਾਂ ਦਾ ਘਿਰਾਓ ਕੀਤਾ ਜਾਵੇਗਾ।



ਪੰਜਾਬ ਦੇ ਹਰ ਜ਼ਿਲ੍ਹੇ ਵਿਚ ਆਮ ਆਦਮੀ ਪਾਰਟੀ ਦੇ ਵਰਕਰ, ਮੰਤਰੀ, ਸੰਸਦ ਮੈਂਬਰ ਤੇ ਵਿਧਾਇਕ ਰੋਸ ਪ੍ਰਦਰਸ਼ਨ ਕਰਨਗੇ। ਦੱਸ ਦਈਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋ ਦਿਨ ਪਹਿਲਾਂ ਵੀਡੀਓ ਜਾਰੀ ਕਰ ਕੇ ਭਾਜਪਾ ਦੀ ਸਾਜ਼ਿਸ਼ ਦਾ ਖ਼ੁਲਾਸਾ ਕੀਤਾ ਸੀ। ਉਨ੍ਹਾਂ ਦੱਸਿਆ ਸੀ ਕਿ ਹਰਿਆਣਾ ਇਸ ਸਾਲ ਆਪਣੇ ਹਿੱਸੇ ਦਾ ਪਾਣੀ ਪਹਿਲਾਂ ਹੀ ਵਰਤ ਚੁੱਕਿਆ ਹੈ ਤੇ ਹੁਣ ਹੋਰ ਪਾਣੀ ਦੀ ਮੰਗ ਕੀਤੀ ਜਾ ਰਹੀ ਹੈ, ਜਿਸ ਤੋਂ ਉਨ੍ਹਾਂ ਨੇ ਇਨਕਾਰ ਕਰ ਦਿੱਤਾ ਸੀ। ਪਰ ਹੁਣ 22$2 ਵੱਲੋਂ ਹਰਿਆਣੇ ਨੂੰ 8500 ਕਿਊਸਿਕ ਹੋਰ ਪਾਣੀ ਦੇਣ ਦਾ ਫ਼ੈਸਲਾ ਲਿਆ ਗਿਆ ਹੈ। ਪੰਜਾਬ ਸਰਕਾਰ ਨੇ ਇਸ ਫ਼ੈਸਲੇ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ ਤੇ ਜਲਦੀ ਹੀ ਅਦਾਲਤ ਦਾ ਰੁਖ਼ ਵੀ ਕੀਤਾ ਜਾ ਸਕਦਾ ਹੈ।

## ਬਜ਼ੁਰਗ ਜੋੜੇ ਨੂੰ ਘਰੋਂ ਬਾਹਰ ਕੱਢ ਕੇ ਘਰ 'ਤੇ ਕਬਜ਼ਾ ਕਰਨ ਵਾਲਾ ਨੌਜਵਾਨ ਗ੍ਰਿ.ਫਤਾਰ

ਲੁਧਿਆਣਾ 6 ਮਈ। ਬਜ਼ੁਰਗ ਜੋੜੇ ਨੂੰ ਉਨ੍ਹਾਂ ਦੇ ਘਰੋਂ ਜ਼ਬਰਦਸਤੀ ਕੱਢ ਕੇ ਇੱਕ ਨੌਜਵਾਨ ਨੇ ਘਰ 'ਤੇ ਕਬਜ਼ਾ ਕਰ ਲਿਆ, ਕਿਉਂਕਿ ਨੌਜਵਾਨ ਦਾ ਬਜ਼ੁਰਗ ਜੋੜੇ ਦੇ ਪੁੱਤਰ ਨਾਲ ਪੈਸਿਆਂ ਦਾ ਲੈਣ-ਦੇਣ ਚੱਲ ਰਿਹਾ ਸੀ ਅਤੇ ਉਸਦਾ ਪੁੱਤਰ ਉਸ ਸਮੇਂ ਜੇਲ੍ਹ ਵਿੱਚ ਸੀ। ਇਸ ਦਾ ਫਾਇਦਾ ਚੁੱਕਦੇ ਹੋਏ ਨੌਜਵਾਨ ਨੇ ਘਰ 'ਤੇ ਕਬਜ਼ਾ ਕਰ ਲਿਆ ਅਤੇ ਬਜ਼ੁਰਗਾਂ ਨੂੰ ਬੇਘਰ ਕਰ ਦਿੱਤਾ। ਇਸ ਮਾਮਲੇ ਵਿੱਚ ਥਾਣਾ ਡਿਵੀਜ਼ਨ ਨੰਬਰ-7 ਦੀ ਪੁਲਸ ਨੇ ਮੁਲਜਮ ਅੰਕੁਸ਼ ਚੋਪੜਾ ਖਿਲਾਫ਼ ਮਾਮਲਾ ਦਰਜ ਕਰਕੇ ਉਸ ਨੂੰ



ਗ੍ਰਿ.ਫਤਾਰ ਕਰ ਲਿਆ ਹੈ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਬੀਐੱਮਡਬਲਿਊ ਕਾਰ ਬਰਾਮਦ ਕੀਤੀ ਹੈ। ਮੁਲਜਮ ਨੂੰ ਰਿਮਾਂਡ 'ਤੇ ਲੈ ਲਿਆ ਗਿਆ ਹੈ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਜਾਣਕਾਰੀ ਦਿੰਦਿਆਂ ਏਸੀਪੀ ਸੁਮਿਤ ਸੂਦ ਅਤੇ ਐਸਐਚਓ ਭੁਪਿੰਦਰ ਸਿੰਘ ਨੇ ਦੱਸਿਆ ਕਿ ਨਰਿੰਦਰ ਸਿੰਘ ਨੇ ਉਨ੍ਹਾਂ ਕੋਲ ਆ ਕੇ ਸ਼ਿਕਾਇਤ ਕੀਤੀ ਸੀ ਕਿ ਉਨ੍ਹਾਂ ਦਾ ਪੁੱਤਰ ਹਰਪ੍ਰੀਤ ਸਿੰਘ ਕਤਲ ਦੀ ਕੋਸ਼ਿਸ਼ ਦੇ ਇੱਕ ਮਾਮਲੇ ਵਿੱਚ ਜੇਲ੍ਹ ਵਿੱਚ ਹੈ। ਅੰਕੁਸ਼ ਚੋਪੜਾ ਨਾਲ ਉਸਦੇ ਪੁੱਤਰ ਦਾ ਪੈਸਿਆ ਨੂੰ ਲੈ ਕੇ ਲੈਣ-ਦੇਣ ਸੀ। ਇਸ ਤੋਂ ਬਾਅਦ ਮੁਲਜਮ ਉਸ ਦੇ ਘਰ ਆਇਆ ਅਤੇ ਉਸ ਨਾਲ ਬਦਸਲੂਕੀ ਕੀਤੀ ਅਤੇ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ। ਮੁਲਜਮ ਨੇ ਘਰ 'ਤੇ ਕਬਜ਼ਾ ਕਰ ਲਿਆ ਸੀ। ਪੁਲਸ ਦਾ ਕਹਿਣਾ ਹੈ ਕਿ ਜਦੋਂ ਉਨ੍ਹਾਂ ਨੂੰ ਸ਼ਿਕਾਇਤ ਮਿਲੀ ਤਾਂ ਉਨ੍ਹਾਂ ਨੇ ਇਸਦੀ ਜਾਂਚ ਕੀਤੀ ਅਤੇ ਮੁਲਜਮ ਅੰਕੁਸ਼ ਵਿਰੁੱਧ ਮਾਮਲਾ ਦਰਜ ਕਰਕੇ ਉਸਨੂੰ ਗ੍ਰਿ.ਫਤਾਰ ਕਰ ਲਿਆ।

# ਨਸ਼ਾ ਸਮੱਗਲਰਾਂ ਖ਼?ਲਾ.ਫ ਚਲਾਈ ਮੁਹਿੰਮ ਲਿਆਈ ਰੰਗ, ਹੈਰੋਇਨ ਅਤੇ ਭੁੱਕੀ ਸਣੇ 2 ਸਕੇ ਭਰਾ ਕਾਬੂ

ਲੁਧਿਆਣਾ 6 ਮਈ। ਪੁਲਸ ਕਮਿਸ਼ਨਰ ਲੁਧਿਆਣਾ ਆਈ. ਪੀ. ਐੱਸ. ਸਵਪਨ ਸ਼ਰਮਾ ਦੀ ਅਗਵਾਈ ਹੇਠ ਕ੍ਰਾਈਮ ਬ੍ਰਾਂਚ-1 ਦੀ ਪੁਲਸ ਟੀਮ ਨੇ ਨਸ਼ਾ ਸਮੱਗਲਰਾਂ ਵਿਰੁੱਧ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ 2 ਨਸ਼ਾ ਸਮੱਗਲਰ ਭਰਾਵਾਂ ਨੂੰ ਹੈਰੋਇਨ ਅਤੇ ਭੁੱਕੀ ਸਮੇਤ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਏ. ਡੀ. ਸੀ. ਪੀ. (ਇਨਵੈਸਟੀਗੇਸ਼ਨ) ਅਮਨਦੀਪ ਸਿੰਘ ਬਰਾੜ ਅਤੇ ਏ. ਸੀ. ਪੀ. ਕ੍ਰਾਈਮ ਹਰਸ਼ਪ੍ਰੀਤ ਸਿੰਘ ਨੇ ਦੱਸਿਆ ਕਿ ਕ੍ਰਾਈਮ ਬ੍ਰਾਂਚ-1 ਦੇ ਇੰਚਾਰਜ ਇੰਸ. ਕੁਲਵੰਤ ਸਿੰਘ ਦੀ ਪੁਲਸ ਟੀਮ ਥਾਣਾ ਲਾਡੋਵਾਲ ਅਧੀਨ ਪੈਂਦੇ ਲਾਡੋਵਾਲ ਬਾਈਪਾਸ ਨੇੜੇ ਮੌਜੂਦ ਸੀ। ਉਸੇ ਸਮੇਂ ਖਾਸ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਇਕ ਚਿੱਟੇ ਰੰਗ ਦੀ ਕਾਰ 'ਚ 2 ਸਮੱਗਲਰ ਉਕਤ ਖੇਤਰ 'ਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਆ ਰਹੇ ਹਨ, ਜਿਸ ਤੋਂ ਬਾਅਦ ਪੁਲਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਇਕ ਚਿੱਟੇ ਰੰਗ ਦੀ ਮਾਰੂਤੀ ਕਾਰ ਨੂੰ ਚੈਕਿੰਗ ਲਈ ਰੋਕਿਆ। ਜਦੋਂ ਪੁਲਸ ਟੀਮ ਨੇ ਕਾਰ ਦੀ ਤਲਾਸ਼ੀ ਲਈ ਤਾਂ ਉਸ 'ਚ 2 ਵਿਅਕਤੀ ਬੈਠੇ ਸਨ, ਜਿਨ੍ਹਾਂ ਤੋਂ ਪੁਲਸ ਨੂੰ 310 ਗ੍ਰਾਮ ਹੈਰੋਇਨ ਅਤੇ 20 ਕਿਲੋ ਭੁੱਕੀ ਬਰਾਮਦ ਹੋਈ। ਇਸ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਮੁਲਜ਼ਮਾਂ ਨੂੰ ਗ੍ਰਿ.ਫਤਾਰ ਕਰ ਲਿਆ, ਜਿਨ੍ਹਾਂ ਦੀ ਪਛਾਣ ਬੂਟਾ ਸਿੰਘ ਅਤੇ ਜੁਗਰਾਜ ਸਿੰਘ ਪੁੱਤਰ ਛਿੰਦਾ ਸਿੰਘ ਵਾਸੀ ਪਿੰਡ ਕਨ੍ਹੱਈਆ ਥਾਣਾ ਸਿੱਧਵਾਂ ਵੇਟ ਵਜੋਂ ਹੋਈ ਹੈ।ਪੁਲਸ ਨੇ ਦੋਵਾਂ ਨਸ਼ਾ ਸਮੱਗਲਰਾਂ ਖਿਲਾਫ ਐੱਨ. ਡੀ. ਪੀ. ਐੱਸ. ਐਕਟ ਤਹਿਤ ਥਾਣਾ ਲਾਡੋਵਾਲ 'ਚ ਮਾਮਲਾ ਦਰਜ ਕਰ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਏ. ਡੀ. ਸੀ. ਪੀ. ਬਰਾੜ ਨੇ ਦੱਸਿਆ ਕਿ ਅੱਜ ਦੋਵੇਂ ਨਸ਼ਾ ਸਮੱਗਲਰਾਂ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ ਅਤੇ ਪੁਲਸ ਰਿਮਾਂਡ ਹਾਸਲ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਰਿਮਾਂਡ ਦੌਰਾਨ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ ਕਿ ਉਹ ਇਸ ਖੇਤਰ 'ਚ ਨਸ਼ੀਲੇ ਪਦਾਰਥਾਂ ਦੀ ਇਹ ਖੇਪ ਕਿਸ ਨੂੰ ਸਪਲਾਈ ਕਰਨ ਆਏ ਸਨ। ਉਨ੍ਹਾਂ ਕਿਹਾ ਕਿ ਦੋਵੇਂ ਦੋਸ਼ੀ ਨਸ਼ੇੜੀ ਵੀ ਹਨ। ਪੁਲਸ ਰਿਮਾਂਡ ਦੌਰਾਨ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ, ਜਿਸ ਦਾ ਖ਼ੁਲਾਸਾ ਪੁਲਸ ਆਉਣ ਵਾਲੇ ਦਿਨਾਂ 'ਚ ਕਰ ਸਕਦੀ ਹੈ।




**ਉੱਤਰ ਰੇਲਵੇ**

**ਇਲੈਕਟ੍ਰੋਨਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ**

**ਮਦਾਂ ਦੀ ਸਪਲਾਈ ਲਈ ਨਿਵਿਦਾ ਮੰਗ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਪ੍ਰਮੁਖ ਮੁੱਖ ਸਮਗਰੀ ਪ੍ਰਬੰਧਕ ਉਤਰ ਰੇਲਵੇ ਨਵੀਂ ਦਿੱਲੀ-110001 ਦੁਆਰਾ ਇਛੁਕ ਫਰਮਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰਬਰ | ਸੰਖੇਪ ਵੇਰਵਾ | ਮਾਤਰਾ | ਅੰਤਮ ਮਿਤੀ |
|---|---|---|---|---|
| 01 | 09242331A | ਕੇਬਲ ਅਸੈਂਬਲੀ | 2069 ਨਗ | 23-05-25 |

ਨਿਵਿਦਾ ਸ਼ਰਤਾਂ-1. ਵਿਸਤ੍ਰਿਤ ਜਾਣਕਾਰੀ IREPS ਵੈਬਸਾਈਟ ਯਾਨੀ www.ireps.gov.in 'ਤੇ ਦੇਖੀ ਜਾ ਸਕਦੀ ਹੈ। 2. ਮੈਨੂੰਅਲ ਨਿਵਿਦਾ ਸਵੀਕ੍ਰਿਤ ਨਹੀਂ ਕੀਤੀ ਜਾਵੇਗੀ।

**ਟੈਂਡਰ ਨੋਟਿਸ ਨੰ.** 12 / 2025–2026 **ਤਾਰੀਕ** :– 05.05.2025 1333/2025

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

# ਪਟਿਆਲਾ ਪੁਲਿਸ ਦੇ ਜਵਾਨਾਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਖ਼ੂਨਦਾਨ ਕਰਨਾ ਸ਼ਲਾਘਾਯੋਗ ਉਪਰਾਲਾ : ਐਸ ਐਸ ਪੀ ਡਾਕਟਰ ਨਾਨਕ ਸਿੰਘ

ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਪਟਿਆਲਾ ਪੁਲਿਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਅਤੇ ਨਾਭਾ ਪਾਵਰ ਲਿਮਟਿਡ ਦੇ ਸਹਿਯੋਗ ਅਤੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੇ ਵਲੰਟੀਅਰ ਸਹਿਯੋਗ ਦੇ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਖ਼ੂਨਦਾਨ ਕੈਂਪ ਦਾ ਆਯੋਜਨ ਪੁਲਿਸ ਲਾਈਨ ਪਟਿਆਲਾ ਵਿਖੇ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਨੇ ਖੁਦ ਖ਼ੂਨਦਾਨ ਕਰਕੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਮਿਊਨਿਟੀ ਅਫ਼ਸਰ ਵੈਭਵ ਚੋਧਰੀ ਆਈ ਪੀ ਐਸ ਅਤੇ ਡੀ ਐਸ ਪੀ ਜਸਵਿੰਦਰ ਸਿੰਘ ਟਿਵਾਣਾ ਨੇ ਕੀਤੀ, ਵਿਸ਼ੇਸ਼ ਤੌਰ 'ਤੇ ਦਰਿਦਰਾ ਵਰਮਾ ਆਈ ਪੀ ਐਸ, ਰਸਿਦਰ ਸਿੰਘ ਅੰਡਰ ਟ੍ਰੇਨਿੰਗ ਡੀ ਐਸ ਪੀ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਏ ਐਸ ਆਈ ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਬਨੂੜ, ਜਗਵਿੰਦਰ ਸਿੰਘ ਬੁੱਟਰ ਇੰਚਾਰਜ ਸਿਟੀ ਟ੍ਰੈਫਿਕ 2,ਐਸ ਆਈ ਭਗਵਾਨ ਸਿੰਘ ਲਾਡੀ ਪਹੇੜੀ, ਇੰਸਪੈਕਟਰ ਅਜੇ ਕੁਮਾਰ ਐਸ ਐਚ ਓ ਘੱਗਾ,ਇੰਸਪੈਕਟਰ ਕੁਲਵਿੰਦਰ ਸਿੰਘ, ਐਸ ਐਚ ਓ ਸੁਖਦੇਵ ਸਿੰਘ ਥਾਣਾ ਬਖਸ਼ੀਵਾਲਾ, ਭੁਪਿੰਦਰ ਕੌਰ ਕਰੋਜੀਵਾਲਾ,ਸਟੇਟ ਐਵਾਰਡੀ ਰੁਪਿੰਦਰ ਕੌਰ,ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਵੱਖ ਵੱਖ ਥਾਣਿਆਂ ਜਵਾਨਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੋਜਵਾਨਾ ਵਲੋਂ ਖ਼ੂਨਦਾਨ ਕਰਨਾ ਬਹੁਤ ਹੀ ਸ਼ਲਾਘਾਯੋਗ ਉੱਦਮ ਹੈ, ਅਤੇ ਉਹਨਾਂ ਵਲੋਂ ਬੇਸ਼ਕੀਮਤੀ ਜਾਨਾਂ ਨੂੰ ਬਚਾਉਣ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ।

ਉਹਨਾਂ ਕਿਹਾ ਕਿ ਖ਼ੂਨਦਾਨੀ ਪ੍ਰਮਾਤਮਾ ਵਲੋਂ ਭੇਜੇ ਦੂਤਾ ਸਮਾਨ ਹੁੰਦੇ ਹਨ ਜਿਹੜੇ ਆਪਣਾ ਖ਼ੂਨਦਾਨ ਕਰਕੇ ਕਿਸੇ ਦੀ ਬੇਸ਼ਕੀਮਤੀ ਜਾਂਨ ਬਚਾਉਂਦੇ ਹਨ। ਉਹਨਾਂ ਕਿਹਾ ਕਿ ਹਰ ਤੰਦਰੁਸਤ ਇੰਨਸਾਨ ਜਿਸ ਦੀ ਉਮਰ ਅਠਾਰਾਂ ਸਾਲ ਤੋਂ ਲੈ ਕੇ ਪੈਂਹਠ ਸਾਲ ਹੈ ਅਤੇ ਸਰੀਰਕ ਭਾਰ ਪੰਤਾਲੀ ਕਿਲੋ ਤੋਂ ਉਪਰ ਹੈ ਉਹੋ ਸਾਲ ਵਿੱਚ ਚਾਰ ਵਾਰ ਖ਼ੂਨਦਾਨ ਕਰ ਸਕਦਾ ਹੈ। ਉਹਨਾਂ ਕਿਹਾ ਕਿ ਸੰਸਾਰ ਦੇ ਕਿਸੇ ਵੀ ਵਿਗਿਆਨੀ ਵਲੋਂ ਖ਼ੂਨਦਾਨ ਦਾ ਬਦਲ ਨਹੀਂ ਲੱਭਿਆ ਜਾ ਸਕਿਆ। ਇਹ ਸਿਰਫ ਇਨਸਾਨੀ ਸਰੀਰ ਵਿੱਚ ਹੀ ਬਣਦਾ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਉਹਨਾਂ ਕਿਹਾ ਨੋਜਵਾਨਾ ਨੂੰ ਨਸ਼ਿਆਂ ਨੂੰ ਤਿਆਗ ਕੇ ਸਮਾਜ ਸੇਵੀ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ। ਉਹਨਾਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੇ ਪ੍ਰਧਾਨ ਅਤੇ ਸਰਪ੍ਰਸਤ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਟੀਮ ਵੱਲੋਂ ਇਸ ਖ਼ੂਨਦਾਨ ਕੈਂਪ ਵਿੱਚ ਵਿਸ਼ੇਸ਼ ਵਲੰਟੀਅਰ ਸਹਿਯੋਗ ਦੇਣ ਲਈ ਉਹਨਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸਰਕਾਰੀ ਰਾਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਲੋਂ ਡਾਕਟਰ ਰਜਨੀ ਬੱਸੀ , ਡਾਕਟਰ ਵਿਨੇ, ਡਾਕਟਰ ਮਰਾਦਿਆ , ਡਾਕਟਰ ਤਾਨੀਆ, ਡਾਕਟਰ ਅੰਮ੍ਰਿਤ ਅਤੇ ਪੀ ਆਰ ਓ ਸੁਖਵਿੰਦਰ ਸਿੰਘ ਅਤੇ ਲਾਈਫ ਲਾਇਨ ਬਲੱਡ ਬੈਂਕ ਵਲੋਂ ਡਾਕਟਰ ਅਰਸ਼ਪ੍ਰੀਤ ਕੌਰ ਅਤੇ ਸਾਗਰ ਅਰੋੜਾ ਦੀ ਅਗਵਾਈ ਹੇਠ ਬਲੱਡ ਇੱਕਤਰ ਕੀਤਾ ਗਿਆ। ਇਸ ਖ਼ੂਨਦਾਨ ਕੈਂਪ ਦੌਰਾਨ ਨਾਭਾ ਪਾਵਰ ਲਿਮਟਿਡ ਵਲੋਂ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ।

# 75 ਮਿਲੀਗ੍ਰਾਮ ਤੋਂ ਵੱਧ ਮਾਤਰਾ ਵਾਲੀ ਪ੍ਰੀਗਾਬਾਲਿਨ ਦਵਾਈ 'ਤੇ ਪਾਬੰਦੀ, ਏ.ਡੀ.ਸੀ. ਵੱਲੋਂ ਹੁਕਮ ਜਾਰੀ

ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਇਸ਼ਾ ਸਿੰਗਲ ਨੇ ਭਾਰਤੀਆ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਪ੍ਰੀਗਾਬਾਲਿਨ ਦੀ 75 ਮਿਲੀਗ੍ਰਾਮ ਤੋਂ ਵੱਧ ਮਾਤਰਾ ਵਾਲੀਆਂ ਦਵਾਈਆਂ, ਗੋਲੀਆਂ ਤੇ ਕੈਪਸੂਲਾਂ ਦੀ ਵਿਕਰੀ ਅਤੇ ਭੰਡਾਰਨ 'ਤੇ ਪਾਬੰਦੀ ਲਗਾਈ ਹੈ।

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਦੇ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਦਵਾਈਆਂ ਦੇ ਥੋਕ ਤੇ ਪ੍ਰਚੂਨ ਵਿਕਰੇਤਾ, ਕੈਮਿਸਟਸ, ਮੈਡੀਕਲ ਸਟੋਰਾਂ ਵਾਲੇ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਜਾਂ ਕੋਈ ਵੀ ਹੋਰ ਵਿਅਕਤੀ ਪ੍ਰੀਗਾਬਾਲਿਨ ਦੀ 75 ਐਮ.ਜੀ. ਤੋਂ ਵੱਧ ਵਾਲੀ ਦਵਾਈ ਦੀ ਬਿਨ੍ਹਾਂ ਅਸਲ ਡਾਕਟਰ ਦੀ ਪਰਿਸਕ੍ਰਿਪਸ਼ਨ ਸਲਿਪ ਦੇ ਕਿਸੇ ਨੂੰ ਵਿਕਰੀ ਨਹੀਂ ਕਰੇਗਾ।

ਇਹ ਪਾਬੰਦੀ ਜ਼ਿਲ੍ਹੇ ਵਿੱਚ ਵੱਖ-ਵੱਖ ਸਮਾਜਿਕ ਜਥੇਬੰਦੀਆਂ ਵੱਲੋਂ ਦਿੱਤੀ ਸੂਚਨਾ ਦੇ ਮੱਦੇਨਜ਼ਰ ਸਿਵਲ ਸਰਜਨ ਦੀ ਅਗਵਾਈ ਹੇਠ ਇੱਕ ਕਮੇਟੀ ਵੀ ਗਠਿਤ ਕੀਤੀ ਗਈ ਹੈ, ਜਿਸ ਵੱਲੋਂ ਪ੍ਰੀਗਾਬਾਲਿਨ ਖਾਣ ਦੇ ਮਾੜੇ ਪ੍ਰਭਾਵਾਂ ਦੀ ਇੱਕ ਰਿਪੋਰਟ ਵੀ ਤਿਆਰ ਕੀਤੀ ਗਈ ਕਿ 75 ਐਮ.ਜੀ. ਤੋਂ ਵੱਧ ਮਾਤਰਾ ਵਾਲੀ ਪ੍ਰੀਗਾਬਾਲਿਨ ਦਵਾਈ ਦੀ ਦੁਰਵਰਤੋਂ ਕੀਤੀ ਜਾਂਦੀ ਹੈ ਅਤੇ ਇਸ ਨੂੰ ਨਸ਼ੇ ਦੇ ਤੌਰ 'ਤੇ ਵਰਤਿਆ ਜਾਂਦਾ ਹੈ। ਇਸੇ ਤਰ੍ਹਾਂ ਇੰਡੀਅਨ ਮੈਡੀਕਲ ਐਸੋਸੀਏਸ਼ਨ, ਪਟਿਆਲਾ ਤੇ ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਵੀ ਬੈਠਕ ਕੀਤੀ ਗਈ, ਜਿਨ੍ਹਾਂ ਨੇ ਇਸ ਉਪਰ ਪਾਬੰਦੀ ਨੂੰ ਜਾਇਜ਼ ਠਹਿਰਾਇਆ ਸੀ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਇਸ਼ਾ ਸਿੰਗਲ ਨੇ ਹੁਕਮਾਂ ਵਿੱਚ ਅੱਗੇ ਕਿਹਾ ਕਿ ਕਮੇਟੀ ਵੱਲੋਂ ਕਿਹਾ ਗਿਆ ਹੈ ਕਿ ਇਹ ਦਵਾਈ ਬਹੁਤ ਘੱਟ ਡਾਕਟਰਾਂ ਵੱਲੋਂ ਮਰੀਜਾਂ ਨੂੰ ਲਿਖੀ ਜਾਂਦੀ ਹੈ ਤੇ ਪ੍ਰੀਗਾਬਾਲਿਨ ਦੀ 75 ਐਮ.ਜੀ. ਤੋਂ ਵੱਧ ਵਾਲੀ ਦਵਾਈ ਉਪਰ ਪਾਬੰਦੀ ਲਗਾਉਣੀ ਸਮਾਜ ਦੀ ਬਿਹਤਰੀ ਲਈ ਯੋਗ ਹੋਵੇਗੀ।

ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲ ਨੇ ਕਿਹਾ ਕਿ ਇਸੇ ਦੇ ਮੱਦੇਨਜ਼ਰ ਪਟਿਆਲਾ ਜ਼ਿਲ੍ਹੇ ਵਿੱਚ ਤੁਰੰਤ ਪ੍ਰਭਾਵ ਨਾਲ ਅਜਿਹੀ ਦਵਾਈ ਦੀ ਵਿਕਰੀ ਅਤੇ ਭੰਡਾਰਨ 'ਤੇ ਪਾਬੰਦੀ ਲਗਾਈ ਗਈ ਹੈ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਦੇ ਹੁਕਮਾਂ ਵਿੱਚ ਇਹ ਕਿਹਾ ਗਿਆ ਹੈ ਕਿ ਇਸ ਦਵਾਈ ਦੀ ਖਰੀਦ ਤੇ ਵੇਚ ਦਾ ਸਾਰੇ ਸਬੰਧਤ ਵਿਸਥਾਰਤ ਰਿਕਾਰਡ ਰੱਖਣਗੇ। ਇਸ ਤੋਂ ਬਿਨ੍ਹਾਂ ਪ੍ਰੀਗਾਬਾਲਿਨ ਦੀ 75 ਐਮ.ਜੀ. ਤੋਂ ਵੱਧ ਵਾਲੀ ਦਵਾਈ ਵਾਲੀ ਡਾਕਟਰ ਦੀ ਅਸਲ ਪਰਚੀ ਉਪਰ ਦਵਾਈ ਵਿਕਰੇਤਾ ਕੈਮਿਸਟ/ਰੀਟੇਲਰ ਦੇ ਟਰੇਡ ਦੇ ਨਾਮ, ਦਵਾਈ ਦੇਣ ਦੀ ਮਿਤੀ ਤੇ ਕਿੰਨੀ ਦਵਾਈ ਦਿੱਤੀ ਦੀ ਮੋਹਰ ਲਗਾਉਣੀ ਵੀ ਯਕੀਨੀ ਬਣਾਏਗਾ।

ਦਵਾਈਆਂ ਦੇ ਥੋਕ ਤੇ ਪ੍ਰਚੂਨ ਵਿਕਰੇਤਾ, ਕੈਮਿਸਟਸ, ਮੈਡੀਕਲ ਸਟੋਰਾਂ ਵਾਲੇ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਇਹ ਵੀ ਯਕੀਨੀ ਬਣਾਉਣਗੇ ਕਿ ਡਾਕਟਰ ਦੀ ਪਰਚੀ ਬਾਰੇ ਇਹ ਵੀ ਪੂਰਾ ਧਿਆਨ ਰੱਖਣਗੇ ਕਿ ਇਸੇ ਪਰਚੀ ਉਪਰ ਕਿਸੇ ਹੋਰ ਦਵਾਈ ਵਿਕਰੇਤਾ ਵੱਲੋਂ ਪਹਿਲਾਂ ਹੀ ਦਵਾਈ ਨਾ ਦਿੱਤੀ ਗਈ ਹੋਵੇ। ਇਹ ਵੀ ਯਕੀਨੀ ਬਣਾਇਆ ਜਾਵੇ ਕਿ ਜਿੰਨੇ ਸਮੇਂ ਲਈ ਡਾਕਟਰ ਵੱਲੋਂ ਦਵਾਈ ਲਿਖੀ ਗਈ ਹੈ, ਉਨੀ ਹੀ ਦਵਾਈ ਦੀ ਮਾਤਰਾ ਮਰੀਜ ਨੂੰ ਦਿੱਤੀ ਜਾਵੇ। ਇਹ ਹੁਕਮ 2 ਜੁਲਾਈ 2025 ਤੱਕ ਜ਼ਿਲ੍ਹੇ ਵਿੱਚ ਲਾਗੂ ਰਹਿਣਗੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਪਟਿਆਲਾ ਵੱਲੋਂ ਰਾਜਿੰਦਰਾ ਹਸਪਤਾਲ ਵਿੱਚ ਚਲਾਏ ਜਾ ਰਹੇ ਮੈਡੀਕਲ ਸਟੋਰ ਵਿੱਚ 75 ਐਮਜੀ ਦੀ ਮਾਤਰਾ ਤੋਂ ਵਧੇਰੀ ਡੋਜ਼ ਵਾਲੀ ਦਵਾਈ ਮਰੀਜ ਦੀ ਲੋੜ ਮੁਤਾਬਕ ਮੁਹਈਆ ਕਰਵਾਈ ਜਾ ਸਕਦੀ ਹੈ ਪਰੰਤੂ ਸਕੱਤਰ ਰੈਡ ਕਰਾਸ ਇਸ ਦਾ ਪੂਰਾ ਰਿਕਾਰਡ ਰੱਖਣਗੇ ਤੇ ਇਸ ਲਈ ਜ਼ਿੰਮੇਵਾਰ ਹੋਣਗੇ।

# ਮਜ਼ਦੂਰ ਦਿਵਸ ਮੌਕੇ ਪਿੰਡ ਕਰਨਪੁਰ 'ਚ ਵਿਸ਼ੇਸ ਸਮਾਰੋਹ



ਸਨੌਰ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਨੌਰ ਦੇ ਪਿੰਡ ਕਰਨਪੁਰ ਚ ਮਜ਼ਦੂਰ ਦਿਵਸ ਦੇ ਮੌਕੇ 'ਤੇ CIRSIL ਫਾਊਂਡੇਸ਼ਨ ਅਤੇ ਰਿਜ਼ਰਵ ਬੈਂਕ ਆਫ ਇੰਡੀਆ ਵੱਲੋਂ ਚਲਾਏ ਗਏ ਪ੍ਰੋਜੈਕਟ ਮਨੀ ਵਾਈਸ ਦੇ ਮੈਂਬਰਾਂ ਵੱਲੋਂ ਇਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦਾ ਮੁੱਖ ਥੀਮ ਸੀ - ਮਜ਼ਦੂਰਾਂ ਨੂੰ ਸਮਰੱਥ ਬਣਾਓ, ਆਰਥਿਕਤਾ ਨੂੰ ਮਜ਼ਬੂਤ ਬਣਾਓ ਅਤੇ ਬੈਂਕਿੰਗ ਪ੍ਰਣਾਲੀ ਤੇ ਸਕੀਮਾਂ ਬਾਰੇ ਜਾਣੂ ਕੀਤਾ ਗਿਆ ਇਸ ਵਿਚ CFL ਵਲੋਂ FC ਬਨੀਸ਼ ਜਿੰਦਲ ਤੇ ਵਿਵੇਕ ਜਿੰਦਲ ਨੇ ਪਿੰਡ ਦੇ ਲੋਕਾਂ ਨੂੰ ਬੈਂਕਿੰਗ ਪ੍ਰਣਾਲੀ ਤੇ ਸਕੀਮਾਂ ਬਾਰੇ ਜਾਣੂ ਕਰਵਾਇਆ ਤੇ ਸਰਕਾਰ ਦੀ ਹੋਰ ਲੋਕ ਭਲਾਈ ਦੀ ਗੱਲਾਂ ਬਾਰੇ ਦੱਸਿਆ ਗਿਆ । ਇਸ ਸਮੇਂ ਪੰਜਾਬ ਲੇਬਰ ਵੈਲਫ਼ੇਅਰ ਬੋਰਡ ਪੰਜਾਬ ਦੇ ਮੈਂਬਰ ਰਾਮਇਸ਼ਰ ਸਿੰਘ ਭਗਤ ਕਰਨਪੁਰ, ਧਰਮਾਂ ਬਾਵਾ, ਰੀਨਾ ਰਾਣੀ, ਮਹਿਲਾ ਮੰਡਲ ਪ੍ਰਧਾਨ, ਪੰਚ ਕੁਲਦੀਪ ਸਿੰਘ, ਪੰਚ ਪਰਵਿੰਦਰ ਸਿੰਘ, ਪੰਚ ਚਮਨਦੀਪ ਕੌਰ, ਪੰਚ ਪਰਵੇਜ਼ ਖ਼ਾਨ, ਡਾ ਗੁਰਸੇਵਕ ਸਿੰਘ, ਗੁਰਜਿੰਦਰ ਸਿੰਘ, ਜਸਵਿੰਦਰ ਸਿੰਘ, ਨਛਤਰ ਸਿੰਘ, ਤਰਸੇਮ ਸਿੰਘ, ਕਰਨੈਲ ਸਿੰਘ, ਸਤਿੰਦਰ ਨਾਲ ਹੋਰ ਪਿੰਡ ਵਾਸੀ ਵੀ ਮੌਜੂਦ ਰਹੇ।

# ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਮਾਸਿਕ ਮੀਟਿੰਗ ਵਿੱਚ ਸ਼ਹਿਰ ਦੇ ਵੱਖ ਵੱਖ ਮੁੱਦਿਆਂ ਤੇ ਹੋਈ ਚਰਚਾ

ਮਾਛੀਵਾੜਾ ਸਾਹਿਬ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਇਕਾਈ ਮਾਛੀਵਾੜਾ ਦੀ ਇੱਕ ਵਿਸ਼ੇਸ਼ ਮੀਟਿੰਗ ਹਰਮਿੰਦਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਇਸ ਸਬੰਧੀ ਮੀਟਿੰਗ ਸਬੰਧੀ ਸੁਭਾਸ਼ ਨਾਗਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਫਰੰਟ ਵੱਲੋਂ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਚਰਚਾਵਾਂ ਹੋਈਆਂ । ਇਸ ਮੀਟਿੰਗ ਵਿੱਚ ਪਹਿਲਗਾਮ ਵਿਖੇ ਸੈਲਾਨੀਆਂ ਉੱਪਰ ਹੋਏ ਅੱਤਵਾਦੀ ਹਮਲੇ ਨੂੰ ਲੈ ਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸੈਲਾਨੀਆ ਉੱਪਰ ਹੋਏ ਇਸ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮੀਟਿੰਗ ਦੌਰਾਨ ਕੇਂਦਰ ਸਰਕਾਰ ਨੂੰ ਆੜੇ ਹੱਥੀ ਲੈਂਦੇ ਹੋਏ ਕਿਹਾ ਕਿ ਇੰਟੈਲੀਜੈਂਸੀ ਉੱਪਰ ਸਰਕਾਰ ਵੱਲੋਂ ਲੱਖਾਂ ਕਰੋੜਾਂ ਰੁਪਏ ਖਰਚ ਕੀਤੇ ਜਾਂਦੇ ਹਨ ਪਰ ਫਿਰ ਵੀ ਇਸ ਹਮਲੇ ਦੀ ਇੰਟੈਲੀਜੈਂਸੀ ਨੂੰ ਭਿਣਕ ਕਿਉਂ ਨਹੀਂ ਲੱਗੀ।

ਆਮ ਲੋਕਾਂ ਅਤੇ ਸੈਲਾਨੀਆਂ ਦੀ ਜਾਨ ਦੀ ਰੱਖਿਆ ਨਾ ਕਰਨਾ ਸਰਕਾਰੀ ਘੋਰ ਅਣਗਹਿਲੀ ਅਤੇ ਸਿਆਸੀ ਸਾਜ਼ਿਸ਼ ਦਰਸਾਉਂਦਾ ਹੈ। ਇਸ ਤੋਂ ਇਲਾਵਾ ਫਰੰਟ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਵੱਖ ਵੱਖ ਸਰਕਾਰੀ ਅਦਾਰਿਆਂ ਵਿੱਚ ਮੁਲਾਜ਼ਮਾਂ ਦੀ ਕਮੀ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸ਼ਹਿਰ ਅੰਦਰ ਜਿਵੇਂ ਕਿ ਸਰਕਾਰੀ ਹਸਪਤਾਲ ਮਾਛੀਵਾੜਾ ਸਾਹਿਬ ਵਿਖੇ ਡਾਕਟਰਾਂ ਅਤੇ ਹੋਰ ਸਟਾਫ ਦੀ ਭਾਰੀ ਕਮੀ ਹੈ, ਵਿਦਿਅਕ ਅਦਾਰਿਆਂ ਅੰਦਰ ਅਧਿਆਪਕਾਂ ਅਤੇ ਪ੍ਰਿੰਸੀਪਲ ਦੀ ਵੀ ਕਮੀ ਹੈ। ਜੇਕਰ ਬਿਜਲੀ ਦਫਤਰ ਦੀ ਗੱਲ ਕਰੀਏ ਤਾਂ ਉਥੇ ਬਹੁਤ ਭਾਰੀ ਗਿਣਤੀ ਵਿੱਚ ਕਮੀ ਦੇਖਣ ਨੂੰ ਮਿਲ ਰਹੀ ਹੈ। ਫਰੰਟ ਨੇ ਕਿਹਾ ਕਿ ਇਹ ਸਿਰਫ ਨਾਂ ਦੇ ਹੀ ਅਦਾਰੇ ਹਨ, ਪਰ ਅੰਦਰੋਂ ਤਾਂ ਖੋਖਲੇ ਹੋ ਰਹੇ ਹਨ। ਫਰੰਟ ਨੇ ਸਰਕਾਰ ਤੋਂ ਪੁਰਜੋਰ ਅਪੀਲ ਕੀਤੀ ਕਿ ਇਹਨਾਂ ਅਦਾਰਿਆਂ ਵਿੱਚ ਮੁਲਾਜ਼ਮਾਂ ਦੀ ਕਮੀ ਨੂੰ ਪੂਰਾ ਕੀਤਾ ਜਾਵੇ ਤਾਂ ਕਿ ਇਹਨਾਂ ਅਦਾਰਿਆਂ ਨੂੰ ਪੁਨਰ ਜੀਵਨ ਮਿਲ ਸਕੇ। ਇਸ ਮੌਕੇ, ਹਰਮਿੰਦਰ ਸਿੰਘ ਗਿੱਲ, ਜਗਮੋਹਨ ਸਿੰਘ ਰਹੀਮਾਬਾਦ, ਸੁਭਾਸ਼ ਨਾਗਪਾਲ ,ਕਰਮਜੀਤ ਸਿੰਘ ਲੋਪੋਂ, ਬਲਦੇਵ ਸਿੰਘ, ਰਾਜਿੰਦਰ ਸਿੰਘ,ਸੋਮ ਸਿੰਘ, ਜਗੀਰ ਸਿੰਘ ਲੌਂਗੀਆ,ਬਹਾਦਰ ਸਿੰਘ ਔਜਲਾ,, ਸ਼ਿਵਾਂਕ ਸੂਦ, ਸੁਰਿੰਦਰ ਸਿੰਘ ਗਿੱਲ, ਮਾਸਟਰ ਬਖਸ਼ੀ ਰਾਮ ਵੀ ਮੌਜੂਦ ਸਨ।

# ਸੀਬੀਐਸਈ ਨੇ ਡੀਏਵੀ ਪਬਲਿਕ ਸਕੂਲ, ਪਟਿਆਲਾ ਵਿਖੇ ਯੋਗਤਾ-ਅਧਾਰਤ ਮੁਲਾਂਕਣ 'ਤੇ ਦੋ-ਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਵਾਇਆ

ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਡੀਏਵੀ ਪਬਲਿਕ ਸਕੂਲ, ਪਟਿਆਲਾ ਵਿਖੇ ਸੈਕੰਡਰੀ ਪੱਧਰ ਲਈ ਗਣਿਤ ਵਿੱਚ ਯੋਗਤਾ-ਅਧਾਰਤ ਮੁਲਾਂਕਣ 'ਤੇ ਦੋ-ਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਸਫਲਤਾਪੂਰਵਕ ਕਰਵਾਇਆ ਗਿਆ। ਇਹ ਵਰਕਸ਼ਾਪ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐਸਈ) ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਸੀ, ਇਸ ਵਰਕਸ਼ਾਪ ਦਾ ਉਦੇਸ਼ ਗਣਿਤ ਦੇ ਅਧਿਆਪਕਾਂ ਨੂੰ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) 2020 ਦੇ ਅਨੁਸਾਰ ਪ੍ਰਭਾਵਸ਼ਾਲੀ ਮੁਲਾਂਕਣ ਰਣਨੀਤੀਆਂ ਨਾਲ ਸਸ਼ਕਤ ਬਣਾਉਣਾ ਸੀ।

ਸਿਖਲਾਈ ਸੈਸ਼ਨਾਂ ਨੂੰ ਤਜਰਬੇਕਾਰ ਸੀਬੀਐਸਈ ਸਰੋਤ ਵਿਅਕਤੀਆਂ ਸ਼੍ਰੀ ਅਸ਼ੀਸ਼ ਕੁਮਾਰ ਛਾਬੜਾ (ਪੀਜੀਟੀ ਕੇਵੀਐਮ ਸਕੂਲ, ਲੁਧਿਆਣਾ) ਅਤੇ ਸ਼੍ਰੀਮਤੀ ਆਰਤੀ ਕਪੂਰ (ਪੀਜੀਟੀ ਸ਼੍ਰੀ ਅਰਬਿੰਦੋ ਇੰਟਰਨੈਸ਼ਨਲ ਸਕੂਲ, ਪਟਿਆਲਾ) ਦੁਆਰਾ ਸੁਵਿਧਾ ਪ੍ਰਦਾਨ ਕੀਤੀ ਗਈ, ਜਿਨ੍ਹਾਂ ਨੇ ਭਾਗੀਦਾਰਾਂ ਨੂੰ ਗਣਿਤ ਕਲਾਸਰੂਮਾਂ ਵਿੱਚ ਯੋਗਤਾ-ਅਧਾਰਤ ਸਿਖਲਾਈ ਅਤੇ ਮੁਲਾਂਕਣ ਨੂੰ ਵਧਾਉਣ 'ਤੇ ਕੇਂਦ੍ਰਿਤ ਸੂਝਵਾਨ ਪੇਸ਼ਕਾਰੀਆਂ ਅਤੇ ਵਿਹਾਰਕ ਗਤੀਵਿਧੀਆਂ ਨਾਲ ਜੋੜਿਆ।

ਵੱਖ-ਵੱਖ ਸਕੂਲਾਂ ਦੇ ਕੁੱਲ 48 ਗਣਿਤ ਅਧਿਆਪਕਾਂ ਨੇ ਉਤਸ਼ਾਹ ਅਤੇ ਸਰਗਰਮ ਭਾਗੀਦਾਰੀ ਨਾਲ ਪ੍ਰੋਗਰਾਮ ਵਿੱਚ ਹਿੱਸਾ ਲਿਆ।

ਵਿਸ਼ੇ- ਯੋਗਤਾ ਅਧਾਰਤ ਮੁਲਾਂਕਣ, ਪ੍ਰਸ਼ਨ ਪੱਤਰ ਦੀ ਫਰੇਮਿੰਗ, ਪੇਪਰ ਸੈਟਰ ਲਈ ਟੌਪੋਲੋਜੀ, ਬਲੂਮ ਟੈਕਸੋਨੋਮੀ ਇੰਟਰਐਕਟਿਵ ਸੈਸ਼ਨਾਂ ਦੌਰਾਨ ਕੇਸ ਅਧਾਰਤ ਪ੍ਰਸ਼ਨ ਲਏ ਗਏ ਅਤੇ ਅਧਿਆਪਕਾਂ ਦੇ ਸਵਾਲਾਂ ਦਾ ਜਵਾਬ ਦਿੱਤਾ ਗਿਆ ।

ਡੀਏਵੀ ਪਬਲਿਕ ਸਕੂਲ, ਪਟਿਆਲਾ ਦੇ ਪ੍ਰਿੰਸੀਪਲ, ਸ਼੍ਰੀ ਵਿਵੇਕ ਤਿਵਾਰੀ ਨੇ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ, ਸਿੱਖਿਆ ਦੀ ਗੁਣਵੱਤਾ ਨੂੰ ਉੱਚਾ ਚੁੱਕਣ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਵਰਕਸ਼ਾਪ ਦਾ ਵਰਕਸ਼ਾਪ ਇੰਚਾਰਜ ਸ਼੍ਰੀਮਤੀ ਪ੍ਰਿਆ ਕਪੂਰ ਦੀ ਅਗਵਾਈ ਹੇਠ ਧਿਆਨ ਨਾਲ ਤਾਲਮੇਲ ਕੀਤਾ ਗਿਆ ਸੀ, ਜਿਨ੍ਹਾਂ ਨੇ ਸਾਰੇ ਸੈਸ਼ਨਾਂ ਦੇ ਸੁਚਾਰੂ ਢੰਗ ਨਾਲ ਚੱਲਣ ਨੂੰ ਯਕੀਨੀ ਬਣਾਇਆ।

# ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੋਰਿੰਡਾ ਵਿਖੇ ਜੱਸਾ ਸਿੰਘ ਰਾਮਗੜ੍ਹੀਆ ਪ੍ਰਤਿਮਾ ਦਾ ਉਦਘਾਟਨ ਕੀਤਾ

ਮੋਰਿੰਡਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਮੋਰਿੰਡਾ ਤੋਂ ਕੁਰਾਲੀ ਰੋਡ ਵਿਖੇ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਉਦਘਾਟਨ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਾਨੂੰ ਮਾਣ ਹੈ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਦਿੱਲੀ ਤੇ ਜਿੱਤ ਪ੍ਰਾਪਤ ਕਰਕੇ ਸਿੱਖ ਇਤਿਹਾਸ ਦੇ ਪੰਨਿਆਂ ਦਾ ਮੀਲ ਪੱਥਰ ਬਣੇ। ਉਨ੍ਹਾਂ ਕਿਹਾ ਕਿ ਇਹ ਵੀ ਬਹੁਤ ਮਾਣ ਵਾਲੀ ਗੱਲ ਹੈ ਕਿ ਜਿਸ ਸਿਲ ਉੱਤੇ ਜਾਲਮ ਰਾਜੇ ਬੈਠ ਕੇ ਹੁਕਮ ਸੁਣਾਉਂਦੇ ਸਨ ਉਹ ਸਿਲ ਨੂੰ ਵੀ ਲਿਆ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਭੇਟ ਕੀਤਾ।

ਉਨ੍ਹਾਂ ਮੋਰਿੰਡਾ ਵਿਖੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਸਥਾਪਿਤ ਕਰਨ ਲਈ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਨੇ ਕਿਹਾ ਕਿ ਸਦਾ ਉਹ ਕੌਮਾਂ ਜਿਊਂਦੀਆਂ ਹਨ ਜਿਹੜੀਆਂ ਆਪਣੇ ਇਤਿਹਾਸ, ਵਿਰਸੇ ਅਤੇ ਵਿਰਾਸਤ ਨੂੰ ਸੰਭਾਲ ਕੇ ਰੱਖਦੀਆਂ ਹਨ। ਉਨ੍ਹਾਂ ਕਿਹਾ ਕਿ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਸਿੱਖ ਕੌਮ ਦੇ ਮਹਾਨ ਜਰਨੈਲ ਹੋਏ ਹਨ ਜਿਨ੍ਹਾਂ ਨੇ ਦਿੱਲੀ ਫਤਿਹ ਕੀਤੀ।

ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਆਹਲੂਵਾਲੀਆ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਸਾਡੇ ਉਹ ਸੂਰਮੇ ਜਰਨੈਲ ਸਨ ਜਿਨ੍ਹਾਂ ਨੇ ਦਿੱਲੀ ਫਤਿਹ ਕੀਤੀ।

ਸ. ਤਰਨਪ੍ਰੀਤ ਸਿੰਘ ਸੌਂਦ ਨੇ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਦੇ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਉਹ ਰਾਮਗੜ੍ਹੀਆ ਮਿਸਲ ਦੇ ਬਾਨੀ ਸਨ, ਇਨ੍ਹਾਂ ਨੇ ਰਾਮ ਰੌਣੀ ਪਿੰਡ ਦੇ ਵਿੱਚ ਜਿੱਥੇ ਆਪਣਾ ਪੂਰਾ ਕੌਮ ਦਾ ਮੁੱਢ ਬੰਨਿਆ ਉਥੇ ਬਹਿ ਕੇ ਸਿੱਖ ਮਿਸਲ ਚਲਾਈ।

ਉਨ੍ਹਾਂ ਕਿਹਾ ਕਿ ਐਸੇ ਮਹਾਨ ਯੋਧੇ ਰਾਮਗੜ੍ਹੀਆ ਕੌਮ ਦੇ ਇਸ ਮਹਾਨ ਨਾਇਕ ਨੂੰ ਮੈਂ ਆਪਣੇ ਸਿਰ ਝੁਕਾ ਕੇ ਸਿਜਦਾ ਕਰਦਾ ਹਾਂ। ਸੌਂਦ ਨੇ ਕਿਹਾ ਕਿ ਅੱਜ ਦਾ ਦਿਨ ਬੜਾ ਵੱਡਾ ਦਿਨ ਹੈ ਕਿ ਅੱਜ ਮੋਰਿੰਡਾ ਵਿਖੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਉਹਨਾਂ ਨੂੰ ਸਮਰਪਿਤ ਹੁੰਦੇ ਹੋਏ ਉਹਨਾਂ ਦੇ ਨਾਮ ਤੇ ਉਹਨਾਂ ਦੀ ਪ੍ਰਤਿਭਾ ਸੁਸ਼ੋਭਿਤ ਕਰਕੇ ਅਤੇ ਇਸ ਚੌਂਕ ਦਾ ਨਾਮ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਦੇ ਨਾਮ ਤੇ ਰੱਖਿਆ।

# ਗੁਰਲਾਲ ਘਨੌਰ ਵੱਲੋਂ ਸੈਦਖੇੜੀ ਵਿਖੇ 1.32 ਕਰੋੜ ਨਾਲ ਸਕੂਲ ਆਫ ਹੈਪੀਨੈੱਸ ਅਤੇ ਹਾਈ ਸਕੂਲ ਵਿੱਚ 25 ਲੱਖ 2 ਹਜ਼ਾਰ ਰੁਪਏ ਦੇ ਵਿਕਾਸ ਕਾਰਜ ਲੋਕ ਅਰਪਣ

ਰਾਜਪੁਰਾ/ਘਨੌਰ 6 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਮੁੱਖ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਲਿਆਈ ਜਾ ਰਹੀ ਕ੍ਰਾਂਤਿਕਾਰੀ ਬਦਲਾਅ ਦੀ ਇੱਕ ਹੋਰ ਕੜੀ ਤਹਿਤ ਵਿਧਾਇਕ ਗੁਰਲਾਲ ਘਨੌਰ ਨੇ ਅੱਜ ਸੈਦਖੇੜੀ ਵਿਖੇ 1.32 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਤੌਰ @ਤੇ ਤਿਆਰ ਕੀਤੇ ਸਕੂਲ ਆਫ ਹੈਪੀਨੈੱਸ ਸੈਦਖੇੜੀ ਅਤੇ ਸਰਕਾਰੀ ਹਾਈ ਸਕੂਲ ਸੈਦਖੇੜੀ ਵਿੱਚ ਹੋਏ 25 ਲੱਖ 2 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਕੇ ਲੋਕ ਅਰਪਣ ਕੀਤਾ। ਇਸ ਮੌਕੇ ਗੁਰਲਾਲ ਸਿੰਘ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸਿੱਖਿਆ ਬਾਰੇ ਨਵੀਂ ਸੋਚ ਅਤੇ ਜ਼ਮੀਨੀ ਪੱਧਰ ਉੱਤੇ ਹੋ ਰਹੇ ਵਿਕਾਸ ਕਾਰਜਾਂ ਨੇ ਸਕੂਲੀ ਸਿੱਖਿਆ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਕੂਲਾਂ ਨੂੰ ਕੇਵਲ ਇਮਾਰਤਾਂ ਤੱਕ ਸੀਮਤ ਨਹੀਂ ਰੱਖਿਆ, ਸਗੋਂ ਉਨ੍ਹਾਂ ਨੂੰ ਬੱਚਿਆਂ ਦੀਆਂ ਜ਼ਿੰਦਗੀਆਂ ਵਿੱਚ ਆਨੰਦ, ਆਤਮ-ਵਿਕਾਸ ਅਤੇ ਨਵੀਂ ਦਿਸ਼ਾ ਦੇਣ ਵਾਲੇ ਕੇਂਦਰਾਂ ਵਜੋਂ ਤਬਦੀਲ ਕੀਤਾ ਜਾ ਰਿਹਾ ਹੈ।

# ਪਟਿਆਲਾ 'ਚ ਨਸ਼ੇ ਦੀ ਓਵਰਡੋਜ਼ ਨਾਲ ਦੋ ਭੈਣਾਂ ਦੇ ਇਕਲੌਤੇ ਭਰਾ ਦੀ ਮੌਤ



ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਭਾਦਸੋਂ ਰੋਡ 'ਤੇ ਮਨਜੀਤ ਨਗਰ ਦੇ ਰਹਿਣ ਵਾਲੇ ਦੋ ਭੈਣਾਂ ਦੇ ਇਕਲੌਤੇ ਭਰਾ ਸਿਮਰਨ ਬੱਗਾ (29) ਦੀ ਨਸ਼ੇ ਕਾਰਨ ਮੌਤ ਹੋ ਗਈ। ਪੁਲੀਸ ਨੇ ਪਿਤਾ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਰਣਜੀਤ ਸਿੰਘ ਵਾਸੀ ਪਿੰਡ ਰੀਂਗਲਾ ਖ਼ਿਲਾਫ਼ ਉਸ ਨੂੰ ਘਰੋਂ ਬੁਲਾ ਕੇ ਉਸ ਨਾਲ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਦੇ ਦੋਸ਼ ਹੇਠ ਕੇਸ ਦਰਜ ਕਰ ਲਿਆ ਹੈ। ਪਰਿਵਾਰ ਦਾ ਦੋਸ਼ ਹੈ ਕਿ ਗੋਡਾ ਖਰਾਬ ਹੋਣ ਕਾਰਨ ਬੇਟਾ ਤੁਰਨ-ਫਿਰਨ ਤੋਂ ਅਸਮਰੱਥ ਸੀ। ਉਸ ਨੇ ਦੋਸ਼ ਲਾਇਆ ਕਿ ਮੁਲਜ਼ਮਾਂ ਨੇ ਉਸ ਦੇ ਲੜਕੇ ਨੂੰ ਨਸ਼ੇ ਦਾ ਟੀਕਾ ਲਾਇਆ ਸੀ।

ਪਿਤਾ ਨੇ ਇਲਜ਼ਾਮ ਲਗਾਇਆ ਕਿ ਦੋਸਤ ਨੇ ਉਸ ਦਾ ਕਤਲ ਕਰ ਦਿੱਤਾ ਹੈ। ਦੂਜੇ ਪਾਸੇ ਥਾਣਾ ਤ੍ਰਿਪੜੀ ਦੇ Asi ਕਮਲਜੀਤ ਸਿੰਘ ਨੇ ਦੱਸਿਆ ਕਿ ਪੀੜਤ ਪਰਿਵਾਰ ਦੀ ਬੇਨਤੀ 'ਤੇ ਮੁਲਜ਼ਮ ਰਣਜੀਤ ਸਿੰਘ ਖ਼ਿਲਾਫ਼ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਪਤਾ ਲੱਗੇਗਾ। ਸ਼ਿਕਾਇਤਕਰਤਾ ਬਲਵੀਨ ਸਿੰਘ ਨੇ ਦੱਸਿਆ ਕਿ ਉਸ ਦਾ ਲੜਕਾ ਸਿਮਰਨ ਕਰ ਕਈ ਸਾਲ ਪਹਿਲਾਂ ਨਸ਼ੇ ਦਾ ਆਦੀ ਹੋ ਗਿਆ ਸੀ। ਉਸ ਨੇ ਕਰੀਬ 1 ਲੀਟਰ ਨਸ਼ੀਲਾ ਪਦਾਰਥ ਪੀਤਾ। ਇਸ ਤੋਂ ਬਾਅਦ ਉਸ ਦਾ ਇਲਾਜ ਕਰਵਾ ਕੇ ਉਸ ਨੂੰ ਨਸ਼ੇ ਦੀ ਲਤ ਤੋਂ ਮੁਕਤ ਕਰਵਾਇਆ ਅਤੇ ਉਹ ਕਰੀਬ 5-6 ਸਾਲਾਂ ਤੋਂ ਨਸ਼ੇ ਦਾ ਆਦੀ ਸੀ। ਉਸ ਦੇ ਗੋਡੇ ਦਾ ਇਲਾਜ ਲਗਭਗ 4 ਹਫਤਿਆਂ ਵਿੱਚ ਹੋਣ ਵਾਲਾ ਸੀ, ਸਾਰੇ ਟੈਸਟ ਪੂਰੇ ਹੋ ਚੁੱਕੇ ਸਨ। 23 ਅਪ੍ਰੈਲ ਨੂੰ ਦੁਪਹਿਰ 12:30 ਵਜੇ ਬੇਟਾ ਮੋਬਾਈਲ ਰਿਪੇਅਰ ਕਰਵਾਉਣ ਦੀ ਗੱਲ ਕਰਕੇ ਘਰੋਂ ਨਿਕਲ ਗਿਆ।

# ਸਕਾਡਾ ਸਿਸਟਮਤੇ ਪੰਚਾਇਤੀਕਰਨ/ਨਿੱਜੀਕਰਨ ਨੀਤੀ ਖਿਲਾਫ 6 ਮਈ ਨੂੰ ਰੋਸ ਪ੍ਰਦਰਸ਼ਨ ਆਗੂ : ਬਲਕਾਰ ਕਕਰਾਲਾ



ਸਮਾਣਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲਾ ਪਟਿਆਲਾ ਦੀ ਬਰਾਚ ਸਮਾਣਾ ਦੇ ਪ੍ਰਧਾਨ ਬਲਕਾਰ ਸਿੰਘ ਖਜਨਚੀ ਮਨਦੀਪ ਸਿੰਘ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ, ਨਿੱਜੀਕਰਣ ਅਤੇ ਸਕਾਡਾ ਸਿਸਟਮ ਲਗਾਉਣ ਵਾਲੀਆਂ ਲੋਕ ਅਤੇ ਵਰਕਰ ਵਿਰੋਧੀ ਨੀਤੀਆਂ ਦੇ ਖਿਲਾਫ ਸੰਘਰਸ਼ ਜਾਰੀ ਰੱਖਿਆ ਹੋਇਆ ਹੈ।

ਆਗੂਆਂ ਨੇ ਕਿਹਾ ਕਿ ਮੌਜੂਦ ਸਰਕਾਰ ਲੋਕਾਂ ਨੂੰ ਨਹਿਰੀ ਸ਼ੁੱਧ ਪਾਣੀ ਦੇਣ ਦੇ ਬਹਾਨੇ ਨਾਲ ਬਲਾਕ ਪੱਧਰੀ ਨਹਿਰੀ ਪ੍ਰੋਜੈਕਟ ਲਗਾ ਕੇ ਨਿੱਜੀਕਰਨ ਵਾਲੀਆਂ ਨੀਤੀਆਂ ਲਾਗੂ ਕਰ ਰਹੀ ਹੈ ਕਿਉਂਕਿ ਇਹ ਪ੍ਰੋਜੈਕਟ ਸਰਕਾਰ ਵੱਲੋਂ ਲਗਾਉਣ ਤੋ ਬਾਅਦ ਚਲਾਉਣ ਦੀ ਜਿੰਮੇਵਾਰੀ ਨਿੱਜੀ ਕੰਪਨੀ ਦੇ ਹੱਥ ਦੇਵੇਗੀ , ਜਿਸਦੇ ਬਾਅਦ ਪੀਣ ਵਾਲਾ ਪਾਣੀ ਲੋਕਾਂ ਨੂੰ ਮਹਿੰਗੇ ਮੁੱਲ ਵਿੱਚ ਮਿਲੇਗਾ ਅਤੇ ਪੇਂਡੂ ਤੇ ਸ਼ਹਿਰੀ ਲੋਕਾਂ 'ਤੇ ਵਾਧੂ ਬੋਝ ਵਧੇਗਾ। ਇਸ ਲਈ ਲੋਕਾਂ ਦੇ ਪੀਣ ਵਾਲਾ ਪਾਣੀ ਦੀ ਸੁਵਿਧਾ ਦਾ ਪ੍ਰਬੰਧ ਖੁਦ ਸਰਕਾਰ ਨੂੰ ਕਰਨਾ ਚਾਹੀਦਾ ਹੈ ਆਗੂਆ ਕਿਹਾ ਕੀ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ/ਪੰਚਾਇਤੀਕਰਨ ਅਤੇ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕਰਵਾਉਣ ਲਈ 6 ਮਈ ਨੂੰ ਨਿਗਰਾਨ ਇੰਜੀਨੀਅਰ ਹੱਲਕਾ ਪਟਿਆਲਾ ਵਿਖੇ ਪਰਿਵਾਰਾ ਬੱਚਿਆਂ ਸਮੇਤ ਰੋਸ ਧਰਨਾ ਦਿੱਤਾ ਜਾਵੇਗਾ ਇਸ ਧਰਨੇ ਵਿੱਚ ਬ੍ਰਾਂਚ ਸਮਾਣਾ ਸ਼ਾਮਲ ਹੋਵੇਗੀ ਅਤੇ ਲੋੜ ਪੈਣ ਸੰਘਰਸ਼ ਨੂੰ ਤੇਜ਼ ਤੇ ਤਿੱਖਾ ਕੀਤਾ ਜਾਵੇਗਾ!

# ਅਵਰ ਲੇਡੀ ਆਫ ਫਾਤਿਮਾ ਸਕੂਲ ਨੇ 250 ਜ਼ਰੂਰਤਮੰਦ ਬੱਚਿਆ ਨੂੰ ਕਿਤਾਬਾਂ, ਕਾਪੀਆਂ ਅਤੇ ਸਟੇਸ਼ਨਰੀ ਵੰਡੀ



ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਵਿੱਚ ਵਿਦਿਆ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਅਵਰ ਲੇਡੀ ਆਫ ਫਾਤਿਮਾ ਕਾਨਵੈਂਟ ਸੈਕੰਡਰੀ ਸਕੂਲ ਪਟਿਆਲਾ ਵੱਲੋਂ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਅਬਲੋਵਾਲ ਦੇ 250 ਵਿਦਿਆਰਥੀਆਂ ਨੂੰ ਕਿਤਾਬਾਂ, ਕਾਪੀਆਂ ਅਤੇ ਸਟੇਸ਼ਨਰੀ ਵੰਡੀ ਗਈ। ਅਦਰਯੋਗ ਸੇਗਫੀਨਾ ਦੁਆਰਾ ਸੀ.ਐਫ.ਐਮ.ਐਸ.ਐਸ. ਦੀ 127ਵੀ ਵਰੇਗੰਢ ਮਨਾਉਂਦੇ ਹੋਏ। ਫੀਡਰਜ ਕਲੱਬ ਆਫ ਅਵਰ ਲੇਡੀ ਫਾਤਿਮਾ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਸਿਸਟਰ ਇਮੈਕਯੁਲੇਟ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਨਸਾਨ ਨੂੰ ਜ਼ਰੂਰਤਮੰਦ ਬੱਚਿਆਂ ਨੂੰ ਪੜ੍ਹਾਉਣ ਲਈ ਮਦਦ ਕਰਨੀ ਚਾਹੀਦੀ ਹੈ। ਸਾਡੇ ਕੋਲ ਦੋ ਹੱਥ ਹਨ, ਇੱਕ ਆਪਣੀ ਮਦਦ ਕਰਨ ਲਈ ਅਤੇ ਦੂਜਾ ਦੂਜਿਆ ਦੀ ਮਦਦ ਕਰਨ ਲਈ। ਉਸ ਦੀ ਵਿਰਾਸਤ ਹਰ ਫਾਤਿਮਾਨ ਨੂੰ ਮਾਰਗਦਰਸ਼ਨ ਅਤੇ ਪ੍ਰੇਰਿਤ ਕਰਦੀ ਰਹੇ, ਸਾਨੂੰ ਹਮੇਸ਼ਾ ਯਾਦ ਦਿਵਾਉਂਦੀ ਹੈ ਕਿ ਇਹ ਦੇਣ ਵਿੱਚ ਹੈ ਜੋ ਅਸੀਂ ਪ੍ਰਾਪਤ ਕਰਦੇ ਹਾਂ। ਐਲੀਮੈਂਟਰੀ ਸਕੂਲ ਅਬਲੋਵਾਲ ਦੇ ਛੋਟੇ ਵਿਦਿਆਰਥੀਆਂ ਨੂੰ ਪੜਾਈ ਲਈ ਉਤਸ਼ਾਹਿਤ ਕਰਨ ਲਈ ਅਵਰ ਲੇਡੀ ਫਾਤਿਮਾ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਭਿਆਚਾਰਕ ਕੋਰਿਓਗ੍ਰਾਫੀ ਗੀਤ ਗਾ ਕੇ ਛੋਟੇ ਬੱਚਿਆਂ ਨੂੰ ਲਗਨ ਨਾਲ ਪੜਨ ਦੀ ਪ੍ਰੇਰਨਾ ਦਿੱਤੀ। ਕਲੱਬ ਇੰਚਾਰਜ ਮੈਡਮ ਅਮਨ ਕਪੂਰ ਨੇ ਕਿਹਾ ਕਿ ਉਨ੍ਹਾਂ ਦੇ ਫੀਡਰਜ ਕਲੱਬ ਦੇ ਸਾਰੇ ਵਿਦਿਆਰਥੀਆਂ ਨੇ ਛੋਟੇ ਬੱਚਿਆਂ ਦੇ ਚਿਹਰੇ ਤੇ ਮੁਸਕਰਾਹਟ ਲਿਆਉਣ ਲਈ ਬੱਚਿਆਂ ਨੂੰ ਪੜਾਈ ਦਾ ਸਮਾਨ ਦੇ ਕੇ ਮਦਦ ਕਰਨ ਦਾ ਉਪਰਾਲਾ ਕੀਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਸਟਰ ਮਾਰੀਆ ਮੈਨੇਜਰ ਸ੍ਰੀ ਅਰੋਗਿਆ ਵਾਇਸ ਪ੍ਰਿੰਸੀਪਲ ਅਮਨ ਕਪੂਰ ਅਕੀਤਿਕਾ ਅਤੇ ਸਕੂਲ ਦੇ ਵਿਦਿਆਰਥੀਆਂ ਸਟਾਫ ਆਦਿ ਹਾਜਰ ਸਨ। ਐਲੀਮੈਂਟਰੀ ਸੈਕੰਡਰੀ ਸਕੂਲ ਅਬਲੋਵਾਲ ਦੇ ਪ੍ਰਿੰਸੀਪਲ ਅਧਿਆਪਕਾ ਨੇ 250 ਬੱਚਿਆਂ ਦਾ ਪੜਾਈ ਵਿੱਚ ਮਦਦ ਕਰਨ ਲਈ ਧੰਨਵਾਦ ਕੀਤਾ ਗਿਆ।

# ਤਰਕਸ਼ੀਲ ਸੋਸਾਇਟੀ ਵੱਲੋਂ ਪਹਿਲਗਾਮ ਵਿਖੇ ਹੋਏ ਦਹਿਸ਼ਤੀ ਹਮਲੇ ਦੀ ਸਖਤ ਸ਼ਬਦਾਂ 'ਚ ਨਿੰਦਾ

ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਤਰਕਸ਼ੀਲ ਸੁਸਾਇਟੀ ਪੰਜਾਬ ਰਜਿ: ਦੀ ਇਕਾਈ ਪਟਿਆਲਾ ਨੇ ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਦਹਿਸ਼ਤੀ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਿਆਂ ਕੀਤੀ ਹੈ ਤੇ ਇਸ ਹਮਲੇ ਵਿੱਚ ਮਾਰੇ ਗਏ ਬੇਕਸੂਰ ਲੋਕਾਂ ਦੇ ਦੁੱਖੀ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਜ਼ਾਹਿਰ ਕੀਤੀ ਹੈ। ਇਕਾਈ ਦੀ ਪ੍ਰਧਾਨ ਬੀਬੀ ਕੁਲਵੰਤ ਕੌਰ ਤੇ ਵਿੱਤ ਮੁਖੀ ਸਤੀਸ਼ ਕੁਮਾਰ ਆਲੋਵਾਲ, ਰਾਮ ਸਿੰਘ ਬੰਗ, ਗੁਰਵਿੰਦਰ ਸਿੰਘ ਅਤੇ ਓਮ ਪ੍ਰਕਾਸ਼ ਨੇ ਮੀਡੀਆ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਹਿਲਗਾਮ ਹਮਲੇ ਦੇ ਸਾਰੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜਾਵਾਂ ਦਿੱਤੀਆਂ ਜਾਣ ਤੇ ਇਸ ਘਟਨਾਕ੍ਰਮ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕਾ ਇਕਾਈ ਦੇ ਮੀਡੀਆ ਮੁਖੀ ਰਾਮ ਸਿੰਘ ਬੰਗ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਦੀ ਇਹ ਖਾਸ ਜਿੰਮੇਵਾਰੀ ਬਣਦੀ ਹੈ ਕਿਉਂਕਿ ਵੰਡ ਪਾਓ ਤਾਕਤਾਂ ਖਿਲਾਫ ਸਖਤ ਕਾਰਵਾਈ ਕਰਨ ਤਾਂ ਕਿ ਫਿਰਕੂ ਜਾਂ ਸ਼ਰਾਰਤੀਤਤਾਂ ਨੂੰ ਮੁੜ ਸਿਰ ਚੁੱਕਣ ਦਾ ਹੌਂਸਲਾ ਨਾ ਪਵੇ।

ਉਨ੍ਹਾਂ ਸਰਕਾਰਾਂ ਤੋਂ ਮੰਗ ਕੀਤੀ ਕਿ ਕਸ਼ਮੀਰ ਅਤੇ ਦੇਸ਼ ਦੇ ਵੱਖ-ਵੱਖ ਕੋਨਿਆਂ ਵਿੱਚ ਵਸੇ ਕਸ਼ਮੀਰੀਆਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ।

ਸੁਸਾਇਟੀ ਦੇ ਆਗੂਆਂ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਤੇ ਕਿਸੇ ਕਿਸਮ ਦੀ ਭੜਕਾਹਟ ਵਿੱਚ ਨਾ ਆਉਂਣ, ਇਸੇ ਵਿੱਚ ਦੇਸ਼ ਦਾ ਭਲਾ ਹੈ।

# ਬ੍ਰਾਹਮਣ ਸਭਾ ਨੇ ਭਗਵਾਨ ਪਰਸ਼ੂਰਾਮ ਜੀ ਦਾ ਜਨਮਉਤਸਵ ਧੂਮਧਾਮ ਨਾਲ ਮਨਾਇਆ



ਪਟਿਆਲਾ, 6 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਅਖਿਲ ਭਾਰਤ ਵਰਸ਼ੀ ਬ੍ਰਾਹਮਣ ਮਹਾਸਭਾ (ਰਜਿ8) ਅਤੇ ਬ੍ਰਾਹਮਣ ਸਭਾ ਪੰਜਾਬ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦਾ ਜਨਮਉਤਸਵ। ਗ੍ਰੀਨ ਵਿਊ ਪੈਲੇਸ ਭਾਦਸੋਂ ਰੋਡ ਪਟਿਆਲਾ ਵਿਖੇ ਚੇਅਰਮੈਨ ਡਾ8ਬੀ8ਐਲ8 ਦੀ ਪ੍ਰਧਾਨਗੀ ਹੇਠ ਬਹੁਤ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦਾ ਉਦਘਾਟਨ ਚੇਅਰਮੈਨ ਡਾ. ਬੀ.ਐਲ. ਭਾਰਦਵਾਜ ਅਤੇ ਵਾਈਸ ਚੇਅਰਮੈਨ ਸ਼੍ਰੀ ਪ੍ਰਮੋਦ ਸ਼ਰਮਾ ਜੀ ਨੇ ਜੋਤ ਜਗਾਉਣ ਅਤੇ ਸਵਾਸਤੀ ਵਚਨ ਦੇ ਪਾਠ ਨਾਲ ਹੋਈ। ਰਵੀ ਕੁਮਾਰ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਬਾਰੇ ਅਦਭੁੱਤ ਗਿਆਨ ਦੇ ਕੇ ਸਾਰਿਆਂ ਦਾ ਮਨ ਮੋਹ ਲਿਆ। ਰਾਜੇਸ਼ ਪੰਜੋਲਾ ਅਤੇ ਸ਼੍ਰੀ ਮੇਘ ਚੰਦ ਸ਼ਰਮਾ (ਚੇਅਰਮੈਨ ਸੁਧਾਰ ਟਰੱਸਟ, ਪਟਿਆਲਾ) ਡਾ: ਬੀ.ਐਲ. ਭਾਰਦਵਾਜ, ਸ਼੍ਰੀ ਵਿਸ਼ਨੂੰ ਸ਼ਰਮਾ (ਸਾਬਕਾ ਮੇਅਰ) ਅਤੇ ਸਚਿਨ ਸ਼ਰਮਾ, ਸ਼੍ਰੀ ਪ੍ਰਮੋਦ ਸ਼ਰਮਾ ਨੇ ਸਮਾਜ ਨੂੰ ਸੰਗਠਿਤ ਹੋਣ ਅਤੇ ਭਗਵਾਨ ਸ਼੍ਰੀ ਪਰਸ਼ੂਰਾਮ ਦੇ ਨਕਸ਼ੇ ਕਦਮਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਮਾਗਮ ਵਿੱਚ ਮੌਜੂਦ ਸ਼ਖਸੀਅਤਾਂ ਵਿਚ ਡਾ: ਮਹੇਸ਼ ਗੌਤਮ, ਰਾਜੇਸ਼ ਪੰਜੋਲਾ, ਸ਼੍ਰੀ ਵਿਸ਼ਨੂੰ ਸ਼ਰਮਾ, ਸਚਿਨ ਸ਼ਰਮਾ, ਮੇਘਚੰਦ ਸ਼ਰਮਾ (ਚੇਅਰਮੈਨ) ਸੁਰਿੰਦਰਪਾਲ ਸ਼ਰਮਾ (ਚੇਅਰਮੈਨ ਸੁਧਾਰ ਟਰੱਸਟ, ਨਾਭਾ), ਸਤਬੀਰ ਸਿੰਘ ਖੱਟੜਾ, ਮਹੰਤ ਹਰਿੰਦਰ ਖਨੋੜਾ, ਡਾ: ਆਰ.ਕੇ. ਲੋਮਸ਼ ਭਵਾਨੀਗੜ੍ਹ, ਰਵੀ ਕੁਮਾਰ, ਸ਼੍ਰੀ ਸ਼ਿਵਰਾਜ ਸ਼ਰਮਾ ਰਾਹੁਲ ਬਾਲੀ ਬਰਨਾਲਾ, ਸ਼ਿਵਰਤਨ ਸ਼ਰਮਾ, ਸੁੰਦਰ ਸ਼ਰਮਾ, ਮਨਜੀਤ ਸ਼ਰਮਾ ਘੱਗਾ, ਮਨਦੀਪ ਜੋਸ਼ੀ ਘੱਗਾ, ਰਾਕੇਸ਼ ਸ਼ਰਮਾ (ਸਾਬਕਾ ਪ੍ਰਿੰਸੀਪਲ), ਵਿਨੈ ਸ਼ਰਮਾ ਸਮਾਣਾ, ਵਿਸ਼ਵੇਸ਼ਵਰ ਪ੍ਰਸਾਦ ਸ਼ਰਮਾ, ਸੁਨੀਤਾ ਸ਼ਰਮਾ, ਬਲਬਿੰਦਰ ਪਾਲ ਸ਼ਰਮਾ, ਕਪਿਲ ਦੇਵ, ਰਜਨੀਸ਼ ਸ਼ੋਰੀ, ਪ੍ਰਦੀਪ ਸ਼ਰਮਾ, ਕਮਲਦੀਪ ਅੱਤਰੀ ਅਤੇ ਪਤਵੰਤੇ ਸੱਜਣ ਹਾਜ਼ਰ ਹੋਏ। ਮੰਚ ਸੰਚਾਲਨ ਸ਼੍ਰੀਮਤੀ ਸੁਨੀਲ ਕੁਮਾਰੀ ਨੀਲੂ ਅਤੇ ਯੁਵਰਾਜ ਸ਼ਰਮਾ ਨੇ ਵੀ ਕਾਰਵਾਈ ਨੂੰ ਸੁਚਾਰੂ ਢੰਗ ਨਾਲ ਚਲਾਇਆ।

## ਸੰਪਾਦਕੀ

# ਕੇਂਦਰ ਸਰਕਾਰ ਵੱਲੋਂ ਜਾਤ ਆਧਾਰਿਤ ਮਰਦਮਸ਼ੁਮਾਰੀ

ਵਿਰੋਧੀ ਧਿਰਾਂ ਤੋਂ ਓਬੀਸੀ-ਪੱਖੀ ਹੋਣ ਦੀ ਪਹਿਲਕਦਮੀ ਖੋਹਣ ਦੀ ਕੋਸ਼ਿਸ਼ 'ਚ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਐਲਾਨ ਕੀਤਾ ਹੈ ਕਿ ਅਗਲੀ ਮਰਦਮਸ਼ੁਮਾਰੀ 'ਚ ਜਾਤ ਆਧਾਰਿਤ ਗਿਣਤੀ ਨੂੰ ਸ਼ਾਮਿਲ ਕੀਤਾ ਜਾਵੇਗਾ। ਇਹ ਹੈਰਾਨੀਜਨਕ ਫ਼ੈਸਲਾ ਵਿਸਫੋਟਕ ਸਥਿਤੀ ਦੌਰਾਨ ਆਇਆ ਹੈ-ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਦੇਸ਼, ਸਰਕਾਰ ਤੋਂ ਪਾਕਿਸਤਾਨ ਵਿਰੁੱਧ ਤਿੱਖੀ ਕਾਰਵਾਈ ਦੀ ਉਮੀਦ ਕਰ ਰਿਹਾ ਹੈ; ਹਾਲਾਂਕਿ, ਭਾਜਪਾ ਨੇ ਦਿਖਾ ਦਿੱਤਾ ਹੈ ਕਿ ਰਾਸ਼ਟਰੀ ਸੁਰੱਖਿਆ ਦੇ ਹਿੱਤ ਵੀ ਇਸ ਨੂੰ ਚੁਣਾਵੀ ਤਰਜੀਹਾਂ ਭੁੱਲਣ ਲਈ ਮਜਬੂਰ ਨਹੀਂ ਕਰ ਸਕਦੇ ਅਤੇ ਫਿਲਹਾਲ ਇਸ ਦਾ ਟੀਚਾ ਇਸ ਸਾਲ ਹੋਣ ਵਾਲੀਆਂ ਬਿਹਾਰ ਵਿਧਾਨ ਸਭਾ ਚੋਣਾਂ ਜਿੱਤਣਾ ਹੈ; ਤੇ ਇੱਕ ਹੋਰ ਵੱਡਾ ਉਦੇਸ਼ ਕਾਂਗਰਸ ਤੇ ਬਾਕੀ ਵਿਰੋਧੀ ਪਾਰਟੀਆਂ ਨੂੰ ਪੂਰੇ ਮੁਲਕ 'ਚ ਜਾਤ ਰਾਜਨੀਤੀ ਦੇ ਮੈਦਾਨ 'ਚੋਂ ਖਦੇੜਨਾ ਹੈ। ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਕਾਫ਼ੀ ਚਿਰ ਤੋਂ ਜਾਤ ਆਧਾਰਿਤ ਮਰਦਮਸ਼ੁਮਾਰੀ ਦੀ ਮੰਗ ਜ਼ੋਰ-ਸ਼ੋਰ ਨਾਲ ਕਰ ਰਹੀਆਂ ਸਨ। ਹੁਣ ਵੀ ਉਨ੍ਹਾਂ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਸਰਕਾਰ ਨੇ ਵਿਰੋਧੀ ਧਿਰਾਂ ਦੇ ਦਬਾਅ 'ਚ ਆ ਕੇ ਇਹ ਫ਼ੈਸਲਾ ਕੀਤਾ ਹੈ। ਵਿਰੋਧੀ ਧਿਰਾਂ ਨੇ ਹੁਣ ਇਸ ਦੀ ਸਮਾਂ-ਸੀਮਾ ਤੈਅ ਕਰਨ ਦੀ ਮੰਗ ਰੱਖੀ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਸੰਬਰ 2023 ਵਿੱਚ ਇਹ ਕਹਿੰਦਿਆਂ ਮਾਮਲੇ ਦੇ ਸਰਲੀਕਰਨ ਦੀ ਕੋਸ਼ਿਸ਼ ਕੀਤੀ ਸੀ ਕਿ ਸਿਰਫ਼ ਚਾਰ 'ਵੱਡੀਆਂ' ਜਾਤਾਂ ਹਨ- ਮਹਿਲਾਵਾਂ, ਨੌਜਵਾਨ, ਕਿਸਾਨ ਤੇ ਗ਼ਰੀਬ। ਧਰੁਵੀਕਰਨ ਦੀ ਤਾਕਤ 'ਤੇ ਪੂਰਾ ਭਰੋਸਾ ਰੱਖ ਕੇ ਚੱਲ ਰਹੀ ਭਾਜਪਾ ਨੇ ਵਿਰੋਧੀ ਧਿਰ ਨੂੰ ਜਾਤ ਦਾ ਪੱਤਾ ਖੇਡਣ ਦਿੱਤਾ; ਹਾਲਾਂਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਆਸ ਤੋਂ ਮਾੜੀ ਕਾਰਗੁਜ਼ਾਰੀ ਨੇ ਇਸ ਦੀਆਂ ਅੱਖਾਂ ਖੋਲ੍ਹ ਦਿੱਤੀਆਂ, ਜਦੋਂ ਨਿਤੀਸ਼ ਕੁਮਾਰ ਦੇ ਜਨਤਾ ਦਲ (ਯੂਨਾਈਟਡ) ਤੇ ਚੰਦਰਬਾਬੂ ਨਾਇਡੂ ਦੀ ਤੈਲਗੂ ਦੇਸਮ ਪਾਰਟੀ (ਟੀਡੀਪੀ) ਦਾ ਸਾਥ ਲੈ ਕੇ ਹੀ ਭਾਜਪਾ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਸਕੀ। ਹੈਰਾਨੀ ਦੀ ਗੱਲ ਨਹੀਂ ਕਿ ਗੱਠਜੋੜ ਦੀਆਂ ਮਜਬੂਰੀਆਂ ਨੇ ਜਾਤੀ ਆਧਾਰਿਤ ਜਨਗਣਨਾ ਬਾਰੇ ਇਸ ਦੇ ਫ਼ੈਸਲੇ 'ਤੇ ਵੱਡਾ ਅਸਰ ਪਾਇਆ ਹੈ। ਕਾਂਗਰਸ ਤੇ ਬਾਕੀ ਵਿਰੋਧੀ ਪਾਰਟੀਆਂ ਦੇ ਦਬਾਅ ਨੇ ਵੀ ਵੱਡੀ ਭੂਮਿਕਾ ਨਿਭਾਈ ਹੈ।

ਇੱਕ ਹੋਰ ਅਹਿਮ ਪੱਖ ਬੀਆਰ ਅੰਬੇਡਕਰ ਦੀ ਵਿਰਾਸਤ ਬਾਰੇ ਚਲਦੀ ਖਿੱਚੋਤਾਣ ਹੈ। ਕੋਈ ਵੀ ਪਾਰਟੀ ਅੱਧੇ ਮਨ ਨਾਲ ਸਮਾਜਿਕ ਨਿਆਂ ਬਾਰੇ ਅੰਬੇਡਕਰ ਦੇ ਵਿਰਾਟ ਸੁਪਨੇ ਨੂੰ ਸਾਕਾਰ ਕਰਨ ਦੀ ਪਹੁੰਚ ਨਹੀਂ ਅਪਣਾ ਸਕਦੀ, ਭਾਜਪਾ ਤਾਂ ਬਿਲਕੁਲ ਵੀ ਨਹੀਂ। ਦੇਸ਼ ਵਿਆਪੀ ਜਾਤ ਆਧਾਰਿਤ ਮਰਦਮਸ਼ੁਮਾਰੀ ਦੀ ਅਹਿਮੀਅਤ 'ਤੇ ਜ਼ਿਆਦਾ ਸਿਆਸੀ ਨਾਟਕਬਾਜ਼ੀ ਨਹੀਂ ਹੋ ਸਕਦੀ। ਇਹ ਨੀਤੀਘਾੜਿਆਂ ਲਈ ਮਦਦਗਾਰ ਸਾਬਿਤ ਹੋਵੇਗੀ ਜੋ ਸਾਰਿਆਂ ਲਈ ਇੱਕੋ ਰਣਨੀਤੀ ਘੜਨ ਦੀ ਥਾਂ ਵੱਖ-ਵੱਖ ਜਮਾਤਾਂ ਦੀਆਂ ਵਿਸ਼ੇਸ਼ ਲੋੜਾਂ ਦੇ ਹਿਸਾਬ ਨਾਲ ਭਲਾਈ ਸਕੀਮਾਂ ਬਣਾ ਸਕਣਗੇ। ਪਾਰਦਰਸ਼ੀ ਸੰਗ੍ਰਹਿ ਅਤੇ ਜਾਣਕਾਰੀਆਂ ਦੀ ਅਰਥਪੂਰਨ ਵਰਤੋਂ ਲੰਮੇ ਸਮੇਂ ਤੱਕ ਸਮਾਜਿਕ ਨਾ-ਬਰਾਬਰੀ ਨੂੰ ਹੱਲ ਕਰਨ ਵਿੱਚ ਸਹਾਈ ਹੋਵੇਗੀ। ਫਿਲਹਾਲ, ਮਰਦਮਸ਼ੁਮਾਰੀ ਦੀ ਸਮਾਂ-ਸੀਮਾ ਤੈਅ ਕਰਨਾ ਜ਼ਰੂਰੀ ਹੈ, ਜਿਸ ਵਿੱਚ ਪਹਿਲਾਂ ਹੀ ਵੱਡੀ ਦੇਰੀ ਹੋ ਚੁੱਕੀ ਹੈ।

## ਕੇਂਦਰ ਸਰਕਾਰ ਅਤੇ ਕਿਸਾਨ ਮਸਲੇ

ਕਿਸਾਨ ਜਥੇਬੰਦੀਆਂ ਨਾਲ ਚਾਰ ਮਈ ਦੀ ਮੀਟਿੰਗ ਮੁਲਤਵੀ ਕਰਨ ਦੇ ਫ਼ੈਸਲੇ ਤੋਂ ਸੰਕੇਤ ਮਿਲਿਆ ਹੈ ਕਿ ਐੱਮਐੱਸਪੀ ਅਤੇ ਹੋਰ ਕਿਸਾਨ ਮੰਗਾਂ ਮੁਤੱਲਕ ਕੇਂਦਰ ਸਰਕਾਰ ਸੰਭਲ ਕੇ ਕਦਮ ਪੁੱਟਣਾ ਚਾਹੁੰਦੀ ਹੈ। ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਨੇ ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਸ਼ਮੂਲੀਅਤ 'ਤੇ ਉਜ਼ਰ ਕੀਤਾ ਸੀ ਜਿਸ ਤੋਂ ਬਾਅਦ ਕੇਂਦਰ ਨੇ ਮੀਟਿੰਗ ਟਾਲਦਿਆਂ ਆਖਿਆ ਹੈ ਕਿ ਦੇਸ਼ ਦੇ ਫੈਡਰਲ ਢਾਂਚੇ ਦੇ ਤਕਾਜ਼ਿਆਂ ਮੁਤਾਬਿਕ ਖੇਤੀਬਾੜੀ ਨਾਲ ਸਬੰਧਿਤ ਕਿਸੇ ਵੀ ਮੀਟਿੰਗ ਵਿੱਚ ਰਾਜ ਸਰਕਾਰ ਦੀ ਸ਼ਮੂਲੀਅਤ ਲਾਜ਼ਮੀ ਹੈ, ਇਸੇ ਕਰ ਕੇ ਪੰਜਾਬ ਸਰਕਾਰ ਦੇ ਮੰਤਰੀਆਂ ਤੇ ਅਧਿਕਾਰੀਆਂ ਨੂੰ ਮੀਟਿੰਗ ਵਿੱਚ ਸੱਦਿਆ ਜਾਂਦਾ ਰਿਹਾ ਹੈ। ਲੰਘੀ 19 ਮਾਰਚ ਦੀ ਮੀਟਿੰਗ ਤੋਂ ਬਾਅਦ ਵੱਡੀ ਪੱਧਰ 'ਤੇ ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਅਤੇ ਉਸ ਤੋਂ ਬਾਅਦ ਰਾਤ ਨੂੰ ਪੁਲੀਸ ਕਾਰਵਾਈ ਰਾਹੀਂ ਸ਼ੰਭੂ ਅਤੇ ਖਨੌਰੀ ਬਾਰਡਰਾਂ ਤੋਂ ਕਿਸਾਨ ਮੋਰਚਿਆਂ ਨੂੰ ਚੁੱਕੇ ਜਾਣ ਕਰ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਪਿਛਲੇ ਦਿਨੀਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਚਿੱਠੀ ਲਿਖ ਕੇ ਕਿਹਾ ਸੀ ਕਿ ਉਹ ਚਾਰ ਮਈ ਦੀ ਮੀਟਿੰਗ ਵਿੱਚ ਤਦ ਹੀ ਸ਼ਿਰਕਤ ਕਰਨਗੇ, ਜੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨੂੰ ਇਸ ਵਿੱਚ ਸ਼ਾਮਿਲ ਨਾ ਕੀਤਾ ਜਾਵੇ। ਸ਼ੰਭੂ ਅਤੇ ਖਨੌਰੀ ਮੋਰਚਿਆਂ 'ਤੇ ਕਿਸਾਨਾਂ ਨਾਲ ਹੋਈ ਧੱਕੇਸ਼ਾਹੀ ਅਤੇ ਟਰਾਲੀਆਂ ਤੇ ਹੋਰ ਸਾਮਾਨ ਨਾ ਮਿਲਣ ਕਰ ਕੇ ਸਰਕਾਰ ਖ਼ਿਲਾਫ਼ ਜਥੇਬੰਦੀਆਂ ਵਿੱਚ ਰੋਸ ਸੀ।

ਪਿਛਲੇ ਦਿਨੀਂ ਸ੍ਰੀ ਡੱਲੇਵਾਲ ਦੀ ਅਗਵਾਈ ਹੇਠਲੇ ਮੋਰਚੇ ਵਿੱਚ ਸ਼ਾਮਿਲ ਕੁਝ ਕਿਸਾਨ ਆਗੂਆਂ ਨੇ ਇਸ ਸਮੁੱਚੇ ਘਟਨਾਕ੍ਰਮ ਮੁਤੱਲਕ ਕੁਝ ਗੰਭੀਰ ਸਵਾਲ ਉਠਾਏ ਸਨ; ਇਸ ਤੋਂ ਇਲਾਵਾ ਸਰਵਣ ਸਿੰਘ ਪੰਧੇਰ ਦੀ ਅਗਵਾਈ ਵਾਲੇ ਕਿਸਾਨ ਮਜ਼ਦੂਰ ਮੋਰਚੇ ਦੇ ਆਗੂਆਂ ਵੱਲੋਂ ਪੰਜਾਬ ਸਰਕਾਰ ਅਤੇ ਕੇਂਦਰ ਦੇ ਵਤੀਰੇ ਨੂੰ ਲੈ ਕੇ ਵੱਖਰੀ ਸੁਰ ਅਪਣਾਈ ਜਾ ਰਹੀ ਹੈ ਜਿਸ ਤੋਂ ਸੰਕੇਤ ਮਿਲੇ ਹਨ ਕਿ ਇਨ੍ਹਾਂ ਮੋਰਚਿਆਂ ਦੀ ਲੀਡਰਸ਼ਿਪ ਵਿਚਕਾਰ 'ਸਭ ਅੱਛਾ' ਨਹੀਂ।

ਚਾਰ ਮਈ ਦੀ ਮੀਟਿੰਗ ਮੁਲਤਵੀ ਕਰਨ ਤੋਂ ਕਿਸਾਨਾਂ ਅੰਦਰ ਇਹ ਪ੍ਰਭਾਵ ਵੀ ਗਿਆ ਹੈ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਅਤੇ ਮਸਲਿਆਂ ਪ੍ਰਤੀ ਟਾਲਮਟੋਲ ਦਾ ਰਵੱਈਆ ਅਪਣਾ ਰਹੀ ਹੈ। ਕਿਸਾਨਾਂ ਅਤੇ ਕੇਂਦਰ ਸਰਕਾਰ ਹੁਣ ਤੱਕ ਤਿੰਨ ਮੀਟਿੰਗਾਂ ਹੋ ਚੁੱਕੀਆਂ ਹਨ ਜਿਨ੍ਹਾਂ ਵਿੱਚ ਪੰਜਾਬ ਸਰਕਾਰ ਅਤੇ ਇਸ ਦੇ ਅਧਿਕਾਰੀ ਵੀ ਸ਼ਾਮਿਲ ਹੁੰਦੇ ਰਹੇ ਹਨ ਪਰ ਅਜੇ ਤੱਕ ਅਜਿਹਾ ਕੋਈ ਸੰਕੇਤ ਨਹੀਂ ਮਿਲਿਆ ਕਿ ਇਨ੍ਹਾਂ ਮੀਟਿੰਗਾਂ ਵਿੱਚ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਅਤੇ ਹੋਰ ਮੰਗਾਂ ਬਾਰੇ ਕੋਈ ਠੋਸ ਵਿਚਾਰ ਚਰਚਾ ਹੋਈ ਹੈ। ਇਹ ਰਿਪੋਰਟਾਂ ਵੀ ਮਿਲੀਆਂ ਹਨ ਕਿ ਕੇਂਦਰ ਨੇ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਦੀਆਂ ਵਿੱਤੀ ਅਤੇ ਹੋਰ ਜਟਿਲਤਾਵਾਂ ਦੀ ਨਿੱਠ ਕੇ ਘੋਖ ਕਰਨ ਅਤੇ ਹਿੱਤ ਧਾਰਕਾਂ ਨਾਲ ਸਲਾਹ ਮਸ਼ਵਰਾ ਕਰਨ ਲਈ ਸੰਯੁਕਤ ਸਕੱਤਰ ਨੂੰ ਨਿਯੁਕਤ ਕੀਤਾ ਹੈ ਜਿਨ੍ਹਾਂ ਵਿੱਚ ਖੇਤੀ ਮਾਹਿਰ, ਖੇਤੀ ਅਰਥ ਸ਼ਾਸਤਰੀ ਅਤੇ ਕਿਸਾਨ ਆਗੂ ਸ਼ਾਮਿਲ ਹੋਣਗੇ। ਇਸ ਮਾਮਲੇ ਵਿੱਚ ਸਰਕਾਰ ਇਹ ਤਰਕ ਦਿੰਦੀ ਰਹੀ ਹੈ ਕਿ ਐਮਐੱਸਪੀ ਦੇ ਮੁੱਦੇ ਨਾਲ ਕਈ ਵਡੇਰੇ ਸਰੋਕਾਰ ਜੁੜੇ ਹੋਏ ਹਨ ਜਿਵੇਂ ਇਸ ਨਾਲ ਬੇਤਹਾਸ਼ਾ ਉਤਪਾਦਨ ਹੋਣ, ਭੰਡਾਰਨ ਦੀ ਸਮੱਸਿਆ ਅਤੇ ਬਾਜ਼ਾਰ ਵਿੱਚ ਵਿਘਨ ਜਿਹੇ ਸਵਾਲ ਸ਼ਾਮਿਲ ਹਨ। ਇਸ ਦੇ ਨਾਲ ਇੱਕ ਦਿੱਕਤ ਇਹ ਵੀ ਹੈ ਕਿ 2020-21 ਵਿਚ ਕਿਸਾਨ ਅੰਦੋਲਨ ਦੀ ਅਗਵਾਈ ਕਰਨ ਵਾਲੇ ਸੰਯੁਕਤ ਕਿਸਾਨ ਮੋਰਚੇ ਨੂੰ ਇਸ ਵਾਰਤਾ ਵਿੱਚ ਸ਼ਾਮਿਲ ਨਹੀਂ ਕੀਤਾ ਗਿਆ। ਕਿਸਾਨੀ ਦੇ ਹਿੱਤ ਦਾ ਤਕਾਜ਼ਾ ਹੈ ਕਿ ਵੱਖ-ਵੱਖ ਕਿਸਾਨ ਮੋਰਚਿਆਂ ਦਰਮਿਆਨ ਆਪਸੀ ਮੱਤਭੇਦ ਘਟਾ ਕੇ ਕੋਈ ਸਾਂਝੀ ਰਣਨੀਤੀ ਅਪਣਾਈ ਜਾਵੇ ਜਿਸ ਨਾਲ ਸਰਕਾਰ 'ਤੇ ਦਬਾਅ ਲਾਮਬੰਦ ਹੋ ਸਕਦਾ ਹੈ।

# ਦੋ ਜਿਲ੍ਹਿਆਂ ਦੀ ਟੋਪਰ ਜਪਜੀਤ ਕੌਰ ਬਣਨਾ ਚਾਹੁੰਦੀ ਏ ਜੱਜ



**ਤਰਨ ਤਾਰਨ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਚਿਲਡਰਨ ਅਕੈਡਮੀ ਤਰਨ ਤਾਰਨ ਦੀ 10ਵੀਂ ਕਲਾਸ ਦੀ ਵਿਦਿਆਰਥਣ ਜਪਜੀਤ ਕੌਰ ਜਿਸ ਨੇ 2025 ਵਿੱਚ ਹੋਇਆਂ ਇੰਡੀਅਨ ਸਰਟੀਫਿਕੇਟ ਫਾਰ ਸੈਕੰਡਰੀ ਐਜੂਕੇਸ਼ਨ (ਆਈ ਸੀ ਐਸ ਈ) ਦੀ ਪ੍ਰੀਖਿਆ ਵਿਚੋਂ 98.6%ਫੀਸਦੀ ਨੰਬਰ ਪ੍ਰਾਪਤ ਕਰਕੇ ਪੰਜਾਬ ਦੇ ਦੋ ਜਿਲ੍ਹਿਆਂ ਤਰਨ ਤਾਰਨ ਤੇ ਅਮ੍ਰਿਤਸਰ ਤੋਂ ਟੌਪਰ ਹੋਣ ਦਾ ਮਾਣ ਪ੍ਰਾਪਤ ਕੀਤਾ ਜਿਸ ਨੇ ਸਕੂਲ਼ ਤੇ ਮਾਪਿਆਂ ਦਾ ਨਾਅ ਰੌਸ਼ਨ ਕੀਤਾ

ਵਿਸ਼ੇਸ਼ ਤੌਰ 'ਤੇ ਪੰਜਾਬ ਚਿਲਡਰਨ ਅਕੈਡਮੀ ਦੇ ਐਮ ਡੀ ਹਰਮਨਪ੍ਰੀਤ ਸਿੰਘ ਤੇ ਪ੍ਰਿੰਸੀਪਲ ਮੈਡਮ ਸੰਧਿਆ ਖੰਨਾ ਵੱਲੋਂ ਵਿਦਿਆਰਥਣ ਜਪਜੀਤ ਕੌਰ ਨੂੰ ਸਨਮਾਣਿਤ ਕੀਤਾ ਏਸ ਮੌਕੇ ਹੋਰਨਾਂ ਤੋਂ ਇਲਾਵਾ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਜਪਜੀਤ ਕੌਰ ਵਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਅੱਗੇ ਹੋਰ ਪੜ੍ਹਾਈ ਕਰਕੇ ਜੱਜ ਬਣਨਾ ਚਾਹੁੰਦੀ ਹੈ ਤੇ ਲੋਕਾਂ ਸੇਵਾ ਕਰਨਾ ਚਾਹੁੰਦੀ ਹੈ ਏਸ ਮੌਕੇ ਐਮ ਡੀ ਹਰਮਨਪ੍ਰੀਤ ਸਿੰਘ ਤੇ ਪ੍ਰਿੰਸੀਪਲ ਮੈਡਮ ਸੰਧਿਆ ਨੇ ਵਿਦਿਆਰਥੀਆਂ ਨੂੰ ਹੋਰ ਸਖ਼ਤ ਮੇਹਨਤ ਕਰਨ ਲਈ ਪ੍ਰੇਰਿਆ ਬਾਕੀ ਆਏ ਸਾਰੇ ਬਚਿਆਂ ਨੂੰ ਵਧਾਈ ਦਿੱਤੀ ਏਸ ਮੌਕੇ ਸੁਪਰਵਾਈਜ਼ਰ ਮੈਡਮ ਪ੍ਰੇਰਣਾ ਤੇ ਦਸਵੀਂ ਕਲਾਸਾਂ ਦੇ ਟੀਚਰਜ਼ ਹਾਜਰ ਸਨ।

# ਸਿੱਖਿਆ ਖੇਤਰ ਨੂੰ ਬੁਲੰਦੀਆਂ ਵੱਲ ਲੈ ਕੇ ਜਾ ਰਹੀ ਹੈ ਪੰਜਾਬ ਸਰਕਾਰ: ਵਿਧਾਇਕ ਰੁਪਿੰਦਰ ਸਿੰਘ ਹੈਪੀ

**ਫ਼ਤਹਿਗੜ੍ਹ ਸਾਹਿਬ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ, ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਿੱਖਿਆ ਖੇਤਰ ਨੂੰ ਬੁਲੰਦੀਆਂ 'ਤੇ ਲੈ ਕੇ ਜਾ ਰਹੀ ਹੈ। ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਵਿੱਢੀ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿੱਚ ਕੀਤੇ ਵਿਕਾਸ ਕਾਰਜਾਂ ਲੋਕ ਅਰਪਿਤ ਕੀਤੇ ਜਾ ਰਹੇ ਹਨ ਤੇ ਨਾਲ ਹੀ ਹੋਰ ਹੋਣ ਵਾਲੇ ਕਾਰਜ ਸ਼ੁਰੂ ਕਰਵਾਏ ਜਾ ਰਹੇ ਹਨ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਬੱਸੀ ਪਠਾਨਾਂ ਦੇ ਵਿਧਾਇਕ ਸ. ਰੁਪਿੰਦਰ ਸਿੰਘ ਹੈਪੀ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਮਿਡਲ ਸਕੂਲ ਮੋਹਣ ਮਾਜਰਾ ਵਿਖੇ ਕਰੀਬ 02 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰ ਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ, ਮੁੱਲਾਂਪੁਰ ਵਿਖੇ ਕਰੀਬ 03.50 ਲੱਖ ਰੁਪਏ ਦੀ ਲਗਾਤ ਨਾਲ ਸਕੂਲ ਦੀ ਮੁਰੰਮਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਰਾਏਪੁਰ ਵਿਖੇ ਕਰੀਬ 03.40 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰ ਦੀਵਾਰੀ ਲੋਕ ਅਰਪਿਤ ਕਰਨ ਮੌਕੇ ਕੀਤਾ।ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਲਗਾਤਰ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਵਿਅਕਤੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ।

ਹਲਕਾ ਵਿਧਾਇਕ ਨੇ ਸਕੂਲਾਂ ਦੇ ਅਧਿਆਪਕਾਂ ਨੂੰ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੌਸ਼ਨ ਬਣਾਉਣ ਲਈ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਦਿੱਤਾ ਜਾਵੇ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਵੱਡੀਆਂ ਮੱਲਾਂ ਮਾਰ ਕੇ ਆਪਣੇ ਸੂਬੇ ਤੇ ਸਕੂਲ ਦਾ ਨਾਮ ਰੌਸ਼ਨ ਕਰ ਸਕਣ।

# ਸਰਕਾਰੀ ਸਕੂਲਾਂ ਦੀ ਬਦਲੀ ਜਾ ਰਹੀ ਹੈ ਨੁਹਾਰ : ਮਾਸਟਰ ਜਗਸੀਰ ਸਿੰਘ



**ਬਠਿੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਕੇ ਸਿੱਖਿਆਂ ਦੇ ਖੇਤਰ ਵਿੱਚ ਕਾਂਤੀਕਾਰੀ ਤਬਦੀਲੀਆਂ ਲਿਆ ਰਹੀ ਹੈ। ਇਨ੍ਹਾਂ ਗੱਲਾਂ ਦਾ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਨੇ ਜ਼ਿਲ੍ਹੇ ਦੇ ਪਿੰਡ ਭੈਣੀ ਦੇ ਸਰਕਾਰੀ ਹਾਈ ਸਕੂਲ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਮੌਕੇ ਸੰਬੋਧਨ ਕਰਦਿਆ ਕੀਤਾ।

ਇਸ ਦੌਰਾਨ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨ ਲੜਕੇ ਅਤੇ ਲੜਕੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸਵੈ-ਰੋਜ਼ਗਾਰ ਅਤੇ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਦਿੱਖ ਬਦਲਣ ਲਈ ਇਤਿਹਾਸਿਕ ਫ਼ੈਸਲੇ ਲਏ ਜਾ ਰਹੇ ਹਨ।

ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ ਸ਼ਹਿਰਾਂ ਅੰਦਰ ਖੇਡ ਗਰਾਊਂਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ।

ਇਸ ਦੌਰਾਨ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਵੱਲੋਂ ਜ਼ਿਲ੍ਹੇ ਦੇ ਪਿੰਡ ਭੈਣੀ ਤੋਂ ਇਲਾਵਾ ਕਲਿਆਣ ਭਾਈ, ਕਲਿਆਣ ਮਲਕਾ ਅਤੇ ਕਲਿਆਣ ਸੁੱਖਾ ਵਿਖੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਵੀ ਕੀਤੇ ਗਏ।

ਇਸ ਮੌਕੇ ਸਕੂਲਾਂ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡਾਂ ਦੀਆਂ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

# ਸਿੱਧਸਰ ਸਾਹਿਬ 'ਚ ਸੰਗਤਾਂ ਤੇ SGPC ਵਿਚਕਾਰ ਫਿਰ ਟਕਰਾਅ ਹੋਣ ਤੋਂ ਟਲਿਆ



**ਮਲੌਦ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਹਰਿਗੋਬਿੰਦ ਸਾਹਿਬ ਜੀ ਪਾਤਸ਼ਾਹੀ ਛੇਵੀਂ ਦੇ ਜਰਨੈਲ ਬਾਬਾ ਸੀਹਾਂ ਸਿੰਘ ਗਿੱਲ ਝੱਲੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਸਿੱਧਸਰ ਸਾਹਿਬ ਵਿਖੇ ਇਲਾਕੇ ਦੀਆਂ ਸੰਗਤਾਂ ਅਤੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚਕਾਰ ਗੁਰੂ ਘਰ ਦੇ ਪ੍ਰਬੰਧਾਂ ਨੂੰ ਲੈ ਕੇ ਚੱਲ ਰਹੇ ਵਿਵਾਦ ਨੂੰ ਮੁੜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੀਤ ਪ੍ਰਧਾਨ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਤੇ ਡੈਲੀਗੇਟ ਇਫਕੋ ਪੰਜਾਬ ਨਵਤੇਜ ਸਿੰਘ ਖੱਟੜਾ ਦੀ ਸੂਝ-ਬੂਝ ਸਦਕਾ ਟਾਲ ਦਿੱਤਾ ਗਿਆ।

ਅੱਜ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੱਤਰ ਬਲਵਿੰਦਰ ਸਿੰਘ ਖੈਰਾਬਾਦ ਤੇ ਮੈਨੇਜਰ ਨਰਿੰਦਰਜੀਤ ਸਿੰਘ ਭਵਾਨੀਗੜ੍ਹ ਦੀ ਅਗਵਾਈ ਵਿੱਚ ਗੁਰਦੁਆਰਾ ਸਿੱਧਸਰ ਸਾਹਿਬ ਵਿਖੇ ਗੁਰੂ ਘਰ ਦੇ ਪ੍ਰਬੰਧਾਂ ਨੂੰ ਆਪਣੇ ਹੱਥ (ਕਬਜ਼ਾ) ਲਿਆ ਜਾਣਾ ਸੀ। ਦੂਜੇ ਪਾਸੇ ਅੱਜ ਸਵੇਰ ਤੋਂ ਹੀ ਇਲਾਕੇ ਭਰ ਦੀਆਂ ਸੰਗਤਾਂ ਸ਼੍ਰੋਮਣੀ ਕਮੇਟੀ ਦਾ ਵਿਰੋਧ ਕਰਨ ਲਈ ਵੱਡੀ ਗਿਣਤੀ ਵਿੱਚ ਇਕੱਤਰ ਹੋਣੀਆਂ ਸ਼ੁਰੂ ਹੋ ਗਈਆਂ ਸਨ।

ਸਿਵਲ ਪ੍ਰਸਾਸਨ ਵੱਲੋਂ ਡਿਊਟੀ ਮੈਜਿਸਟਰੇਟ ਨਾਇਬ ਤਹਿਸੀਲਦਾਰ ਪਾਇਲ ਗੁਰਪ੍ਰੀਤ ਸਿੰਘ ਅਤੇ ਕਾਨੂੰਗੋ ਨੀਤੂ ਬਾਲਾ ਸਮੇਤ ਮਾਲ ਵਿਭਾਗ ਦੇ ਹੋਰ ਕਰਮਚਾਰੀ ਵੀ ਮੌਜੂਦ ਸਨ।

ਪੁਲੀਸ ਪ੍ਰਸ਼ਾਸਨ ਵੱਲੋਂ ਕਿਸੇ ਵੀ ਜਾਨੀ-ਮਾਲੀ ਨੁਕਸਾਨ ਨੂੰ ਰੋਕਣ ਲਈ ਪੂਰੀ ਮੁਸਤੈਦੀ ਨਾਲ ਡੀਐਸਪੀ ਪਾਇਲ ਹੇਮੰਤ ਮਲਹੋਤਰਾ, ਐਸਐੱਚਓ ਪਾਇਲ ਸੰਦੀਪ ਕੁਮਾਰ, ਐਸਐਚਓ ਮਲੌਦ ਸਤਨਾਮ ਸਿੰਘ ਭਾਰੀ ਪੁਲੀਸ ਫੋਰਸ ਸਮੇਤ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਮੌਜੂਦ ਰਹੇ ਅਤੇ ਜੈਕਾਰੇ ਲਗਾ ਰਹੀਆਂ ਸੰਗਤਾਂ ਨੂੰ ਵਾਰ-ਵਾਰ ਸਾਂਤ ਰਹਿਣ ਦੀ ਅਪੀਲ ਕੀਤੀ ਜਾ ਰਹੀ ਸੀ।

ਅੱਜ ਦੇ ਇਸ ਵੱਡੇ ਇਕੱਠ ਨੂੰ ਮੱਦੇਨਜ਼ਰ ਰੱਖਦੇ ਹੋਏ ਦੋਵੇਂ ਧਿਰਾਂ ਨੇ ਸਹਿਮਤ ਹੁੰਦਿਆਂ ਕਿਹਾ ਕਿ ਭਵਿੱਖ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਬੈਠ ਕੇ ਮਸਲਾ ਹੱਲ ਕਰਨ ਲਈ ਵਿਚਾਰ ਕੀਤੀ ਜਾਵੇਗੀ।

ਇੱਥੇ ਇਹ ਦੱਸਣਯੋਗ ਹੈ ਕਿ ਗੁਰਦੁਆਰਾ ਸਿੱਧਸਰ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਇਸ ਮਾਮਲੇ ਸਬੰਧੀ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕੀਤੀ ਗਈ ਹੈ।

ਇਸ ਮੌਕੇ ਗੁਰਦੁਆਰਾ ਸਿੱਧਸਰ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਵੱਖ-ਵੱਖ ਧਾਰਮਿਕ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਸਮੇਤ ਵੱਡੀ ਗਿਣਤੀ ਬੀਬੀਆਂ ਸਮੇਤ ਇਲਾਕੇ ਦੀ ਸੰਗਤ ਹਾਜ਼ਰ ਸੀ।

# ਸਿੱਖਿਆ ਦੇ ਖੇਤਰ 'ਚ ਸੁਧਾਰ ਨਾਲ ਸਮਾਜ ਦੇ ਹਰ ਵਰਗ ਨੂੰ ਹੋਵੇਗਾ ਲਾਭ: ਡਾ. ਚਰਨਜੀਤ ਸਿੰਘ



**ਚਮਕੌਰ ਸਾਹਿਬ 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਲਈ 18 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਸਿੱਖਿਆ ਖੇਤਰ ਨੂੰ ਤਰਜੀਹ ਦੇਣ ਵਿੱਚ ਕਿੰਨੀ ਗੰਭੀਰ ਹੈ। ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕਰਵਾਏ ਜਾ ਰਹੇ ਵਿਕਾਸ ਕਾਰਜ ਨਾ ਸਿਰਫ਼ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਮਾਹੌਲ ਪ੍ਰਦਾਨ ਕਰਨਗੇ ਬਲਕਿ ਅਧਿਆਪਕਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਵਿੱਚ ਵੀ ਮਦਦ ਕਰਨਗੇ। ਸਿੱਖਿਆ ਖੇਤਰ ਵਿੱਚ ਸੁਧਾਰ ਸਮਾਜ ਦੇ ਹਰ ਵਰਗ ਨੂੰ ਲਾਭ ਪਹੁੰਚਾਏਗਾ ਅਤੇ ਇਹ ਸੂਬੇ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਵੇਗਾ।

ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਅੱਜ ਹਲਕੇ ਦੇ ਵੱਖ-ਵੱਖ ਸਕੂਲਾਂ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।

ਵਿਧਾਇਕ ਡਾ. ਚਰਨਜੀਤ ਸਿੰਘ ਨੇ 17 ਲੱਖ 29 ਹਜਾਰ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਜਿਸ ਵਿੱਚ ਸਰਕਾਰੀ ਹਾਈ ਸਕੂਲ ਚਤਾਮਲੀ ਵਿਖੇ 1.40 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਦੇ ਹੋਏ ਵਿਕਾਸ ਕਾਰਜ, ਸਰਕਾਰੀ ਹਾਈ ਸਕੂਲ ਮੜੌਲੀ ਕਲਾਂ ਵਿਖੇ 5 ਲੱਖ 63 ਹਜਾਰ ਰੁਪਏ ਦੀ ਲਾਗਤ ਨਾਲ ਸਾਇੰਸ ਲੈਬ (5 ਲੱਖ) ਅਤੇ ਚਾਰਦੀਵਾਰੀ (63 ਹਜ਼ਾਰ), ਸਰਕਾਰੀ ਮਿਡਲ ਸਕੂਲ ਕਾਈਨੌਰ ਵਿਖੇ 2.75 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਕਕਰਾਲੀ ਵਿਖੇ 7 ਲੱਖ 51 ਹਜਾਰ ਰੁਪਏ ਦੀ ਲਾਗਤ ਨਾਲ ਨਵੇਂ ਕਲਾਸਰੂਮ ਸ਼ਾਮਿਲ ਹਨ, ਦਾ ਉਦਘਾਟਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਵੱਲ ਇਤਿਹਾਸਕ ਕਦਮ ਚੁੱਕੇ ਹਨ। ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਵੱਲ ਧਿਆਨ ਨਾ ਦੇਣ ਕਾਰਨ ਸੂਬੇ ਵਿੱਚ ਵੱਡੀ ਪੱਧਰ 'ਤੇ ਪ੍ਰਾਈਵੇਟ ਸਕੂਲ ਖੁੱਲ੍ਹੇ ਅਤੇ ਸਿੱਖਿਆ ਨੂੰ ਮਹਿੰਗਾ ਕਰ ਕੇ ਆਮ ਲੋਕਾਂ ਦੇ ਬੱਚਿਆਂ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਪਰ ਇਸ ਸਰਕਾਰ ਵੱਲੋਂ ਤਿੰਨ ਸਾਲਾਂ ਵਿੱਚ ਸਿੱਖਿਆ ਦੇ ਖੇਤਰ ਵਿੱਚ ਲਾ ਮਿਸਾਲ ਤਬਦੀਲੀਆਂ ਸਦਕਾ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ।

ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਸੂਬਾ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਬੁਨਿਆਦੀ ਢਾਂਚਾ ਅਤੇ ਪੜ੍ਹਾਈ ਲਈ ਢੁੱਕਵਾਂ ਮਾਹੌਲ ਵਿਦਿਆਰਥੀਆਂ ਲਈ ਬਹੁਤ ਹੀ ਮਦਦਗਾਰ ਸਾਬਿਤ ਹੋਵੇਗਾ।

ਇਸ ਮੌਕੇ ਸਿੱਖਿਆ ਕੋਆਰਡੀਨੇਟਰ ਰਾਜਿੰਦਰ ਸਿੰਘ ਰਾਜਾ, ਜਸਵੀਰ ਸਿੰਘ, ਬੀਰਦਵਿੰਦਰ ਸਿੰਘ ਬੱਲਾਂ, ਪੀਏ ਸ੍ਰੀ ਚੰਦ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ, ਸਟਾਫ਼, ਵਿਦਿਆਰਥੀ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਸ਼ੁਰੂ

**ਹੁਸ਼ਿਆਰਪੁਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਹੁਸ਼ਿਆਰਪੁਰ ਕੈਂਪਸ ਵਿੱਚ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਸਟੀਚਿਊਟ ਦੇ ਡਾਇਰੈਕਟਰ ਲੈਫ ਕਰਨਲ (ਰਿਟਾ.) ਸਰਬਜੀਤ ਸਿੰਘ ਸੈਣੀ ਨੇ ਦੱਸਿਆ ਕਿ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੋਣੀ ਚਾਹੀਦੀ ਹੈ।

ਇਸ ਵਿੱਚ 75 ਫੀਸਦੀ ਜ਼ਿਲ੍ਹੇ ਦੇ ਸਾਬਕਾ ਸੈਨਿਕ ਅਤੇ ਇਨ੍ਹਾਂ ਤੋਂ ਇਲਾਵਾ 25 ਫੀਸਦੀ ਬਾਕੀ ਰਿਜ਼ਰਵ ਕੈਟੇਗਰੀ (ਐਸ ਸੀ/ਐਸ ਟੀ/ਬੀ.ਸੀ) ਅਤੇ ਹੋਰ ਗਰੀਬ ਪਰਿਵਾਰਾਂ ਦੇ ਵਿਦਿਆਰਥੀ ਵੀ ਦਾਖਲਾ ਲੈ ਸਕਦੇ ਹਨ।

ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਇਨ੍ਹਾਂ ਕੋਰਸਾਂ ਵਿੱਚ ਬੱਚਿਆਂ ਨੂੰ ਐਮ.ਐਸ. ਵਰਡ, ਐਮ.ਐਸ. ਐਕਸਲ, ਐਮ.ਐਸ. ਪਾਵਰਪੁਆਇੰਟ, ਪ੍ਰੋਗਰੈਮਿੰਗ ਇੰਨ ਜਾਵਾ, ਪ੍ਰੋਗਰੈਮਿੰਗ ਇੰਨ ਸੀ ਪਲੱਸ ਪਲੱਸ, ਐਚ.ਟੀ.ਐਮ.ਐਲ, ਪ੍ਰਿੰਟਿੰਗ, ਸਕੈਨਿੰਗ, ਈ-ਮੇਲਿੰਗ ਆਦਿ ਤੋਂ ਇਲਾਵਾ ਪੰਜਾਬੀ ਅਤੇ ਇੰਗਲਿਸ਼ ਟਾਈਪਿੰਗ ਵੀ ਸਿਖਾਈ ਜਾਵੇਗੀ। ਇੱਥੇ ਵਿਦਿਆਰਥੀਆਂ ਲਈ ਲਿਖਤੀ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਕਲਾਸਾਂ 'ਤੇ ਖਾਸ ਧਿਆਨ ਦਿੱਤਾ ਜਾਂਦਾ ਹੈ। ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਆਈ.ਐਸ.ਓ. ਤੋਂ ਪ੍ਰਮਾਣਿਤ ਸਰਟੀਫਿਕੇਟ ਵੀ ਦਿੱਤਾ ਜਾਂਦਾ ਹੈ, ਤਾਂ ਜੋ ਉਹ ਕਿਸੀ ਵੀ ਸਰਕਾਰੀ ਨੌਕਰੀ ਦੀ ਮੁੱਢਲੀ ਲੋੜ(120 ਘੰਟੇ ਦੀ ਪੜ੍ਹਾਈ) ਨੂੰ ਪੂਰਾ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਆਪਣੀ ਜ਼ਿੰਦਗੀ ਦਾ ਨਿਰਵਾਹ ਚੰਗੇ ਢੰਗ ਨਾਲ ਕਰ ਸਕਣ।

ਇਨ੍ਹਾਂ ਕੋਰਸਾਂ ਵਿਚ ਦਾਖਲੇ ਸਬੰਧੀ ਜਾਣਕਾਰੀ ਦਫਤਰ ਵਿਖੇ ਕਿਸੇ ਵੀ ਕੰਮ-ਕਾਜ ਵਾਲੇ ਦਿਨ ਲਈ ਜਾ ਸਕਦੀ ਹੈ । ਵਧੇਰੇ ਜਾਣਕਾਰੀ ਲਈ ਫੋਨ ਨੰਬਰ 94786-18790, 98157-05178 ਅਤੇ 01882-246812 'ਤੇ ਸੰਪਰਕ ਵੀ ਕੀਤਾ ਜਾ ਸਕਦਾ ਹੈ।

# ਨਸ਼ਾ ਤਸਕਰਾਂ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਬਣਾਏ ਘਰਾਂ 'ਤੇ ਪ੍ਰਸ਼ਾਸਨ ਨੇ ਚਲਾਇਆ ਪੀਲਾ ਪੰਜਾ

**ਪਾਇਲ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਜਾਰੀ ਹੈ। ਅੱਜ ਪਿੰਡ ਧਮੋਟ ਕਲਾਂ 'ਚ ਐੱਸਐੱਸਪੀ ਖੰਨਾ ਡਾ. ਜੋਤੀ ਯਾਦਵ ਬੈਂਸ ਦੀ ਅਗਵਾਈ ਹੇਠ ਤਿੰਨ ਨਸ਼ਾ ਤਸਕਰਾਂ ਦੇ ਘਰਾਂ ਤੇ ਪੀਲਾ ਪੰਜਾ ਚਲਾਇਆ ਗਿਆ।

ਇਹ ਮਕਾਨ ਗਲਾਡਾ ਤੋਂ ਬਿਨਾਂ ਮੰਨਜ਼ੂਰੀ ਲਏ ਗੈਰ-ਕਾਨੂੰਨੀ ਢੰਗ ਨਾਲ ਬਣਾਏ ਹੋਏ ਸਨ। ਇਸ ਮੌਕੇ ਗਲਾਡਾ ਤੋਂ ਸਬ ਡਵੀਜ਼ਨਲ ਇੰਜਨੀਅਰ ਲੁਧਿਆਣਾ ਕਰਨ ਅਗਰਵਾਲ, ਗਲਾਡਾ ਤੋਂ ਜ਼ਿਲ੍ਹਾ ਨਗਰ ਯੋਜਨਾਕਾਰ ਰੈਗੂਲੇਟਰ ਲੁਧਿਆਣਾ ਹਰਪ੍ਰੀਤ ਸਿੰਘ ਬਾਜਵਾ ਅਤੇ ਨਾਇਬ ਤਹਿਸੀਲਦਾਰ (ਡਿਊਟੀ ਮੈਜਿਸਟਰੇਟ) ਸ੍ਰੀ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।

ਐੱਸਐੱਸਪੀ ਖੰਨਾ ਡਾ. ਜੋਤੀ ਯਾਦਵ ਬੈਂਸ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਧਮੋਟ ਕਲਾਂ ਦੇ ਇਨ੍ਹਾਂ 3 ਪਰਿਵਾਰਾਂ ਦੇ ਮੈਂਬਰਾਂ ਵਿਰੁੱਧ ਆਈਪੀਸੀ, ਐੱਨਡੀਪੀਐੱਸ ਐਕਟ ਅਧੀਨ ਵੱਖ-ਵੱਖ ਕੇਸ ਦਰਜ ਹਨ। ਜਿਨ੍ਹਾਂ ਵਿਚ ਸਤਵਿੰਦਰ ਸਿੰਘ ਉਰਫ ਬੌਬੀ ਵਾਸੀ ਧਮੋਟ ਕਲਾਂ 'ਤੇ 6 ਪਰਚੇ, ਪਲਵਿੰਦਰ ਸਿੰਘ ਉਰਫ ਪੱਪੂ ਵਾਸੀ 'ਤੇ 6 ਪਰਚੇ, ਸਰਬਜੀਤ ਕੌਰ ਖ਼ਿਲਾਫ਼ 3 ਪਰਚੇ ਦਰਜ ਅਤੇ ਸਰਬਜੀਤ ਕੌਰ ਦੀ ਮਾਤਾ ਕਰਮਜੀਤ ਕੌਰ ਵਾਸੀ ਖ਼ਿਲਾਫ਼ ਵੀ 3 ਪਰਚੇ ਦਰਜ ਹਨ।

ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।

ਸੂਬਾ ਸਰਕਾਰ ਅਤੇ ਪ੍ਰਸ਼ਾਸਨ ਦੀ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਦੀ ਪਿੰਡ ਧਮੋਟ ਕਲਾਂ ਦੇ ਸਰਪੰਚ ਕਮਲਜੀਤ ਕੌਰ, ਪੰਚ ਅਮਨਦੀਪ ਸਿੰਘ, ਪੰਚ ਜਗਜੀਵਨ ਸਿੰਘ, ਪੰਚ ਗੁਰਦੀਪ ਸਿੰਘ, ਪੰਚ ਮਨਵੀਰ ਸਿੰਘ, ਪੰਚ ਹਰਪ੍ਰੀਤ ਸਿੰਘ, ਯਾਦਵਿੰਦਰ ਸਿੰਘ ਅਤੇ ਹੋਰ ਪਿੰਡ ਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਐੱਸਪੀ (ਐਚ) ਖੰਨਾ ਤੇਜਵੀਰ ਸਿੰਘ, ਡੀਐੱਸਪੀ (ਡੀ) ਮੋਹਿਤ ਸਿੰਗਲਾ, ਡੀਐੱਸਪੀ ਪਾਇਲ ਹੇਮੰਤ ਮਲਹੋਤਰਾ, ਐੱਸਐੱਚਓ ਸੰਦੀਪ ਕੁਮਾਰ, ਐਸਐਚਓ ਸਤਨਾਮ ਸਿੰਘ ਵੀ ਹਾਜ਼ਰ ਸਨ।

# ਭਾਜਪਾ ਵੱਲੋਂ 'ਆਪ' ਸਰਕਾਰ ਖ਼ਿਲਾ.ਫ ਪੁਤਲਾ ਫੂਕ ਮੁਜ਼ਾਹਰਾ

**ਲੁਧਿਆਣਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤੀ ਜਨਤਾ ਪਾਰਟੀ ਦੀ ਸੈਂਕੜੇ ਵਰਕਰਾਂ ਨੇ ਅੱਜ ਫਿਰੋਜ਼ਪੁਰ ਰੋਡ ਸਥਿਤ ਭਾਰਤ ਨਗਰ ਚੌਕ ਵਿੱਚ ਭਗਵੰਤ ਮਾਨ ਸਰਕਾਰ ਖ਼ਿਲਾਫ਼ ਮੁਜ਼ਾਹਰਾ ਕਰਕੇ ਸਰਕਾਰ ਦਾ ਪੁਤਲਾ ਫੂਕਿਆ। ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਵਰਕਰਾਂ ਨੇ ਭਗਵੰਤ ਮਾਨ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ। ਆਗੂਆਂ ਨੇ ਦੋਸ਼ ਲਗਾਇਆ ਕਿ ਭਗਵੰਤ ਮਾਨ ਸਰਕਾਰ ਹਰ ਫਰੰਟ ਤੇ ਫੇਲ੍ਹ ਹੈ।

ਉਨ੍ਹਾਂ ਕਿਹਾ ਕਿ ਅੱਜ ਅਮਨ ਕਾਨੂੰਨ ਦੀ ਹਾਲਤ ਇਸ ਕਦਰ ਡਗਮਗਾ ਰਹੀ ਹੈ ਕਿ ਲੋਕ ਆਪਣੇ-ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਹਰ ਰੋਜ਼ ਦਿਨ-ਦਿਹਾੜੇ ਗੋਲੀਆਂ ਚੱਲ ਰਹੀਆਂ ਹਨ ਅਤੇ ਲੁੱਟਾਂ-ਖੋਹਾਂ ਹੋ ਰਹੀਆਂ ਹਨ ਜਿਸ ਕਾਰਨ ਲੋਕ ਦੁਖੀ ਅਤੇ ਪ੍ਰੇਸ਼ਾਨ ਹਨ।

ਉਨ੍ਹਾਂ ਦੋਸ਼ ਲਗਾਇਆ ਕਿ ਪਿਛਲੇ ਤਿੰਨ ਸਾਲ ਤੋਂ ਝੂਠੇ ਵਾਅਦੇ ਅਤੇ ਝੂਠੇ ਦਾਅਵੇ ਕਰਕੇ ਲੋਕਾਂ ਨਾਲ ਕੋਝਾ ਮਜ਼ਾਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਸਾਰੀ ਅਸਲੀਅਤ ਲੋਕਾਂ ਸਾਹਮਣੇ ਆ ਗਈ ਹੈ ਅਤੇ ਉਹ ਇਸ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨਾ ਚਾਹੁੰਦੇ ਹਨ ਅਤੇ ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਵਿੱਚ ਇਸਨੂੰ ਜਵਾਬ ਦੇਣ ਲਈ ਤਿਆਰ ਬੈਠੇ ਹਨ।

ਇਸ ਮੌਕੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਜਤਿੰਦਰ ਮਿੱਤਲ, ਰੇਨੂ ਥਾਪਰ, ਗੁਰਦੇਵ ਸ਼ਰਮਾ ਦੇਬੀ, ਪ੍ਰਵੀਨ ਬਾਂਸਲ, ਅਸ਼ੋਕ ਲੂੰਬਾ, ਡਾ: ਸੁਭਾਸ਼ ਵਰਮਾ, ਰਜਿੰਦਰ ਖੱਤਰੀ ਅਤੇ ਕੌਂਸਲਰ ਗਰੁੱਪ ਆਗੂ ਪੂਨਮ ਰੱਤੜਾ ਸਣੇ ਕਈ ਆਗੂਆਂ ਨੇ ਸੰਬੋਧਨ ਕੀਤਾ।

# ਯਮੁਨਾਨਗਰ ਦੇ ਵਿਕਾਸ ਕਾਰਜ ਤੇਜ਼ ਕਰਨ ਦੇ ਨਿਰਦੇਸ਼

**ਯਮੁਨਾਨਗਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਰੂਕਸ਼ੇਤਰ ਤੋਂ ਲੋਕ ਸਭਾ ਮੈਂਬਰ ਨਵੀਨ ਜਿੰਦਲ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਯਮੁਨਾਨਗਰ ਨੂੰ ਵਿਕਸਤ ਜ਼ਿਲ੍ਹਾ ਬਣਾਉਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਉਨ੍ਹਾਂ ਜ਼ਿਲ੍ਹਾ ਸਕੱਤਰੇਤ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨੀ ਕਮੇਟੀ (ਦਿਸ਼ਾ) ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਤੇ ਕੇਂਦਰ ਸਰਕਾਰ ਵੱਲੋਂ ਸਪਾਂਸਰ ਯੋਜਨਾਵਾਂ ਲਾਗੂ ਕਰਨ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਸਾਰੇ ਟੀਚੇ ਮਿਥੇ ਸਮੇਂ 'ਚ ਪੂਰੇ ਕਰਨ ਲਈ ਵਿਕਾਸ ਕਾਰਜਾਂ 'ਚ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਅੰਬਾਲਾ ਤੋਂ ਲੋਕ ਸਭਾ ਮੈਂਬਰ ਤੇ ਜ਼ਿਲ੍ਹਾ ਪੱਧਰੀ ਦਿਸ਼ਾ ਕਮੇਟੀ ਦੇ ਉਪ-ਪ੍ਰਧਾਨ ਵਰੁਣ ਚੌਧਰੀ, ਡੀਸੀ ਪਾਰਥ ਗੁਪਤਾ, ਨਗਰ ਨਿਗਮ ਕਮਿਸ਼ਨਰ ਆਯੂਸ਼ ਸਿਨਹਾ, ਏਡੀਸੀ ਨਵੀਨ ਆਹੂਜਾ ਮੌਜੂਦ ਸਨ। ਲੋਕ ਸਭਾ ਮੈਂਬਰ ਨਵੀਨ ਜਿੰਦਲ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਦੇ ਸਾਰੇ ਬੱਚਿਆਂ ਦਾ ਟੀਕਾਕਰਨ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਕੁਦਰਤੀ ਖੇਤੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ, ਲੋਕਾਂ ਨੂੰ ਜਾਗਰੂਕ ਕਰਨ ਅਤੇ ਸਿਖਲਾਈ ਦੇਣ ਲਈ ਕੈਂਪ ਲਗਾਏ ਜਾਣੇ ਚਾਹੀਦੇ ਹਨ ਤਾਂ ਜੋ ਜ਼ਹਿਰ ਮੁਕਤ ਖੇਤੀ ਉਤਪਾਦਨ ਰਾਹੀਂ ਬਿਮਾਰੀਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਸਫਾਈ ਦੇ ਮੁੱਦੇ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਲਾਵਾਰਸ ਜਾਨਵਰਾਂ ਕਾਰਨ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਮਾਈਨਿੰਗ ਅਫ਼ਸਰ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਕੋਈ ਵੀ ਗੈਰ-ਕਾਨੂੰਨੀ ਮਾਈਨਿੰਗ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਕਮੇਟੀ ਤੋਂ ਪ੍ਰਵਾਨਗੀ ਲੈਣ ਤੋਂ ਬਾਅਦ ਮਾਈਨਿੰਗ ਫੰਡਾਂ ਦੀ ਵਰਤੋਂ ਕਰਕੇ ਸੜਕਾਂ ਦੀ ਮੁਰੰਮਤ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਨੂੰ ਹਦਾਇਤ ਕੀਤੀ ਕਿ ਪਿੰਡ ਗੁਮਥਲਾ, ਮਾਡਲ ਟਾਊਨ ਕਰ੍ਹੇੜਾ, ਭੋਗਪੁਰ, ਸਿਕੰਦਰਾ, ਬੁੜੀਆ, ਖਦਰੀ, ਦੇਵਧਰ ਆਦਿ ਦੀਆਂ ਸੜਕਾਂ ਦੀ ਮੁਰੰਮਤ ਜਲਦੀ ਕਰਵਾਈ ਜਾਵੇ। ਬੈਠਕ ਵਿੱਚ ਕਾਰਜਕਾਰੀ ਇੰਜੀਨੀਅਰ ਨੇ ਕਿਹਾ ਕਿ ਰੇਲਵੇ ਓਵਰਬ੍ਰਿਜ ਦਾ ਕੰਮ 15 ਜੂਨ ਤੱਕ ਪੂਰਾ ਹੋ ਜਾਵੇਗਾ। ਜਿੰਦਲ ਨੇ ਕਿਹਾ ਕਿ ਨੌਜਵਾਨਾਂ ਵਿੱਚ ਹੁਨਰ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ।

# ਹਰਿਆਣਾ ਵਿੱਚ ਕਈ ਥਾਈਂ ਮੀਂਹ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਕਈ ਜ਼ਿਲ੍ਹਿਆਂ ਵਿਚ ਅੱਜ ਮੀਂਹ ਪਿਆ ਤੇ ਨੂਹ ਵਿਚ ਤੇਜ਼ ਮੀਂਹ ਨਾਲ ਗੜੇ ਵੀ ਪਏ। ਇਸ ਤੋਂ ਇਲਾਵਾ ਦਿੱਲੀ ਵਿਚ ਅੱਜ ਹਲਕਾ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਇਸ ਵੇਲੇ ਹਰਿਆਣਾ ਦੇ ਭਿਵਾਨੀ, ਫਰੀਦਾਬਾਦ, ਪਲਵਲ ਵਿਚ ਮੀਂਹ ਪੈਣਾ ਸ਼ੁਰੂ ਹੋ ਗਿਆ ਹੈ ਤੇ ਕਈ ਜ਼ਿਲ੍ਹਿਆਂ ਵਿਚ ਬੱਦਲਵਾਈ ਹੈ। ਮੌਸਮ ਵਿਭਾਗ ਨੇ ਪੰਚਕੂਲਾ, ਸਿਰਸਾ, ਸੋਨੀਪਤ, ਰਿਵਾੜੀ ਤੇ ਮੇਵਾਤ ਵਿਚ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਦੂਜੇ ਪਾਸੇ ਚੰਡੀਗੜ੍ਹ ਵਿਚ ਮੌਸਮ ਸਾਫ ਹੈ। ਇਸ ਤੋਂ ਇਲਾਵਾ ਪੰਜਾਬ ਵਿਚ ਵੀ ਜ਼ਿਆਦਾਤਰ ਥਾਵਾਂ 'ਤੇ ਮੌਸਮ ਸਾਫ ਹੈ। ਭਾਰਤੀ ਮੌਸਮ ਵਿਭਾਗ ਨੇ ਕਿਹਾ ਹੈ ਕਿ ਸੱਤ ਮਈ ਤਕ ਗਰਮੀ ਦਾ ਅਸਰ ਜ਼ਿਆਦਾ ਨਹੀਂ ਰਹੇਗਾ।

# ਕਲਾਕਾਰਾਂ ਵੱਲੋਂ ਲੋਕ ਗੀਤ ਸ਼ੈਲੀ ਸੰਭਾਲਣ 'ਤੇ ਚਰਚਾ

**ਸ਼ਾਹਬਾਦ ਮਾਰਕੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਲੋਕ ਗੀਤ ਕਲਾ ਦੀ ਸੰਭਾਲ ਤੇ ਪ੍ਰਚਾਰ ਲਈ ਹਰਿਆਣਾ ਕਲਾ ਪ੍ਰੀਸ਼ਦ ਵੱਲੋਂ ਕਲਾ ਕੀਰਤੀ ਭਵਨ 'ਚ ਸੂਬੇ ਦੇ ਵੱਖ ਵੱਖ ਹਿੱਸਿਆਂ ਤੋਂ ਆਏ ਕਲਾਕਾਰਾਂ ਦੀ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਹਰਿਆਣਾ ਕਲਾ ਪ੍ਰੀਸ਼ਦ ਦੇ ਡਾਇਰੈਕਟਰ ਨਗਿੰਦਰ ਸ਼ਰਮਾ ਨੇ ਕੀਤੀ। ਕਲਾਕਾਰਾਂ ਨੇ ਕਿਹਾ ਕਿ 'ਸਾਂਗ' ਲੋਕ ਰੰਗਮੰਚ ਦੀ ਇਕ ਮਹੱਤਵਪੂਰਨ ਸ਼ੈਲੀ ਹੈ ਤੇ ਉਨ੍ਹਾਂ ਨੇ ਇਸ ਗੀਤ ਸ਼ੈਲੀ ਨੂੰ ਬਚਾਉਣ ਤੇ ਇਸ ਨੂੰ ਨੌਜਵਾਨ ਪੀੜੀ ਤੱਕ ਲਿਜਾਣ ਲਈ ਸੁਝਾਅ ਦਿੱਤੇ।

ਬੈਠਕ ਵਿਚ ਵਿਚਾਰ ਵਟਾਂਦਰਾਂ ਕੀਤਾ ਗਿਆ ਕਿ ਸਾਂਗ ਸ਼ੈਲੀ ਨੂੰ ਬਚਾਉਣ ਲਈ ਸੂਬੇ ਦੇ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਵਰਕਸ਼ਾਪਾਂ ਹੋਣੀਆਂ ਚਾਹੀਦੀਆਂ ਹਨ ਤਾਂ ਜੋ ਨੌਜਵਾਨਾਂ ਨੂੰ ਇਸ ਨਾਲ ਜੁੜਨ ਦਾ ਮੌਕਾ ਮਿਲ ਸਕੇ। ਵਿਸ਼ਨੂ ਦੱਤ ਸਾਂਗੀ ਨੇ ਕਿਹਾ ਕਿ ਗੀਤ ਸ਼ੈਲੀ ਵਿਚੋਂ ਅਸ਼ਲੀਲਤਾ ਨੂੰ ਹਟਾਉਣਾ ਚਾਹੀਦਾ ਹੈ, ਕਿਉਂਕਿ ਕੁਝ ਗੀਤਕਾਰ ਲੋਕਾਂ ਦੇ ਮਨੋਰੰਜਨ ਲਈ ਸ਼ਿਸ਼ਟਾਚਾਰ ਗੁਆ ਲੈਂਦੇ ਹਨ।

ਉਨ੍ਹਾਂ ਕਿਹਾ ਕਿ ਗੀਤਕਾਰ ਨੂੰ ਪ੍ਰਣ ਲੈਣਾ ਚਾਹੀਦਾ ਹੈ ਕਿ ਉਸ ਦੇ ਗੀਤਾਂ 'ਚ ਅਸ਼ਲੀਲਤਾ ਲਈ ਕੋਈ ਥਾਂ ਨਹੀਂ ਹੈ ਤੇ ਸਾਫ਼ ਸੁਥਰੀ ਗਾਇਕੀ ਵਾਲੇ ਕਲਾਕਾਰਾਂ, ਸੰਗੀਤਕਾਰਾਂ ਤੇ ਨ੍ਰਿਤਕਾਂ ਨੂੰ ਸੂਬਾ ਸਰਕਾਰ ਵੱਲੋਂ ਸਨਮਾਨ ਤੋਂ ਇਲਾਵਾ ਪੈਨਸ਼ਨ ਦਿੱਤੀ ਜਾਣੀ ਚਾਹੀਦੀ ਹੈ।

# ਮੈਡੀਕਲ ਸਟੋਰਾਂ ਤੇ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਸਖਤੀ

**ਰਤੀਆ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਟੀ ਥਾਣਾ ਪੁਲੀਸ ਟੀਮਾਂ ਨੇ ਲੰਘੀ ਸ਼ਾਮ ਸ਼ਹਿਰ ਦੇ ਪ੍ਰਮੁੱਖ ਬਜ਼ਾਰਾਂ ਦਾ ਨਿਰੀਖਣ ਕੀਤਾ ਤੇ ਪੁਲੀਸ ਮੁਲਾਜ਼ਮ ਨੇ ਵਿਸ਼ੇਸ਼ ਟੀਮਾਂ ਨਾਲ ਜਾ ਕੇ ਸ਼ਹਿਰ ਦੇ ਦਰਜਨਾਂ ਮੈਡੀਕਲ ਸੰਚਾਲਕਾਂ ਨੂੰ ਨੋਟਿਸ ਦੇ ਕੇ ਮੈਡੀਕਲ ਨਸ਼ਾ ਨਾ ਵੇਚਣ ਦੇ ਆਦੇਸ਼ ਦਿੱਤੇ। ਪੁਲੀਸ ਨੇ ਮੁੱਖ ਬਾਜ਼ਾਰਾਂ 'ਚ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਪ੍ਰਤੀ ਵੀ ਸਖ਼ਤੀ ਦਿਖਾਈ। ਸਿਟੀ ਪੁਲੀਸ ਦੇ ਕਾਰਜਕਾਰੀ ਥਾਣਾ ਇੰਚਾਰਜ ਕੰਵਰਪਾਲ ਸਿੰਘ ਦੀ ਅਗਵਾਈ ਵਿਚ ਪੁਲੀਸ ਟੀਮਾਂ ਨੇ ਸ਼ਹਿਰ ਦੇ ਬੁਢਲਾਡਾ ਰੋਡ, ਪਾਲਿਕਾ ਬਾਜ਼ਾਰ, ਨਵਾਂ ਬੱਸ ਸਟੈਂਡ ਦੇ ਸਾਹਮਣੇ ਆਦਿ ਥਾਵਾਂ 'ਤੇ ਸਥਿਤ ਮੈਡੀਕਲ ਦੀਆਂ ਦੁਕਾਨਾਂ ਤੇ ਜਾ ਕੇ ਨੋਟਿਸ ਦਿੰਦੇ ਹੋਏ ਕਿਹਾ ਕਿ ਕੁਆਲੀਫਾਈਡ ਡਾਕਟਰਾਂ ਦੀ ਪਰਚੀ ਅਤੇ ਪੂਰੇ ਰਿਕਾਰਡ ਦੇ ਬਿਨਾਂ ਨਸ਼ੇ ਦੀ ਦਵਾਈ ਵੇਚਣਾ ਜੁਰਮ ਹੈ, ਜੇਕਰ ਕੋਈ ਅਜਿਹਾ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਸਖਤ ਕਾਰਵਾਈ ਹੋਵੇਗੀ।

# ਵਿਦਿਆਰਥੀਆਂ ਵੱਲੋਂ ਪਹਿਲਗਾਮ ਹਮਲੇ ਖ਼ਿਲਾਫ਼ ਰੈਲੀ

**ਸ਼ਾਹਬਾਦ ਮਾਰਕੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਗੀਤਾ ਵਿਦਿਆ ਮੰਦਿਰ ਦੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨਾਲ ਅਧਿਆਪਕਾਂ ਨੇ ਪਹਿਲਗਾਮ 'ਚ ਹੋਏ ਦਹਿਸ਼ਤੀ ਹਮਲੇ ਦੇ ਵਿਰੋਧ ਵਿਚ ਰੈਲੀ ਕੱਢੀ। ਸਕੂਲ ਦੀ ਪ੍ਰਿੰਸੀਪਲ ਨਿਸ਼ਾ ਗੋਇਲ ਨੇ ਅਤਿਵਾਦੀਆਂ ਵੱਲੋਂ ਨਿਹੱਥੇ ਸੈਲਾਨੀਆਂ 'ਤੇ ਹਮਲੇ ਨੂੰ ਬੁਜ਼ਦਿਲੀ ਵਾਲੀ ਕਾਰਵਾਈ ਕਰਾਰ ਦਿੱਤਾ ਸੀ। ਰੈਲੀ 'ਚ ਹਾਜ਼ਰੀਨ ਨੇ ਦੋ ਮਿੰਟ ਦਾ ਮੌਨ ਰੱਖ ਕੇ ਹਮਲੇ 'ਚ ਮਾਰੇ ਗਏ 26 ਵਿਅਕਤੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਉਨ੍ਹਾਂ ਕਿਹਾ ਕਿ ਹਮਲੇ ਕਾਰਨ ਪੂਰੇ ਦੇਸ਼ ਵਿਚ ਸੋਗ ਦੀ ਲਹਿਰ ਤੇ ਮਨਾਂ ਵਿਚ ਗੁੱਸਾ ਹੈ। ਇਸ ਮੌਕੇ ਅਚਾਰੀਆ ਪੂਜਾ ਗੁਪਤਾ ਤੇ ਕਰਨ ਨੇ ਬੱਚਿਆਂ ਨੂੰ ਸੁਰੱਖਿਆ ਬਾਰੇ ਜਾਗਰੂਕ ਕੀਤਾ। ਇਹ ਰੈਲੀ ਸਕੂਲ ਤੋਂ ਸ਼ੁਰੂ ਹੋ ਕੇ ਵੱਖ-ਵੱਖ ਬਾਜ਼ਾਰਾਂ ਲੰਘਦਿਆਂ ਸਕੂਲ ਆ ਕੇ ਸਮਾਪਤ ਹੋਈ।

# ਮੰਨਾਪੁਰਮ ਗੋਲਡ ਲੋਨ ਬੈਂਕ ਵਿਚੋਂ 6 ਕਿਲੋ ਸੋਨਾ ਤੇ ਨਕਦੀ ਲੁੱਟੀ

**ਚਰਖੀ ਦਾਦਰੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਇੱਥੋਂ ਪਰਸ਼ੁਰਾਮ ਚੌਕ ਵਿਖੇ ਸਥਿਤ ਮੰਨਾਪੁਰਮ ਗੋਲਡ ਲੋਨ ਬੈਂਕ ਵਿਚ ਵੀਰਵਾਰ ਦੀ ਰਾਤ ਚੋਰਾਂ ਨੇ ਵੱਡੀ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ। ਜਾਣਕਾਰੀ ਅਨੁਸਾਰ ਚੋਰ ਬੈਂਕ ਦਾ ਸ਼ਟਰ ਤੋੜ ਕੇ ਅੰਦਰ ਵੜੇ ਅਤੇ ਲਗਭਗ 6 ਕਿਲੋ ਸੋਨਾ ਅਤੇ 14 ਲੱਖ ਰੁਪਏ ਨਕਦ ਚੋਰੀ ਕਰਕੇ ਫਰਾਰ ਹੋ ਗਏ। ਇਸ ਘਟਨਾ ਦਾ ਖੁਲਾਸਾ ਸ਼ੁੱਕਰਵਾਰ ਸਵੇਰੇ ਲਗਭਗ 9 ਵਜੇ ਹੋਇਆ, ਜਦੋਂ ਬੈਂਕ ਦਾ ਸੁਰੱਖਿਆ ਕਰਮੀ ਡਿਊਟੀ 'ਤੇ ਪਹੁੰਚਿਆ। ਉਸ ਨੇ ਦੇਖਿਆ ਕਿ ਬੈਂਕ ਦੇ ਮੁੱਖ ਸ਼ਟਰ ਦਾ ਇਕ ਜਿੰਦਰਾ ਟੁੱਟਿਆ ਹੋਇਆ ਸੀ ਅਤੇ ਸ਼ਟਰ ਚੁੱਕਿਆ ਹੋਇਆ ਸੀ। ਇਸ ਉਪਰੰਤ ਤੁਰੰਤ ਪੁਲੀਸ ਨੂੰ ਸੂਚਨਾ ਦਿੱਤੀ ਗਈ।

ਘਟਨਾ ਦੀ ਜਾਣਕਾਰੀ ਮਿਲਦੇ ਹੀ ਡੀਐੱਸਪੀ ਹੈੱਡਕੁਆਟਰ ਧੀਰਜ ਕੁਮਾਰ, ਸਿਟੀ ਥਾਣਾ ਪੁਲੀਸ, ਸੀਆਈਏ ਅਤੇ ਐੱਫਐੱਸਐੱਲ ਟੀਮ ਮੌਕੇ 'ਤੇ ਪਹੁੰਚੀ।

ਪੁਲੀਸ ਨੇ ਘਟਨਾ ਸਥਾਨ ਦੇ ਨੇੜੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਪੁਲੀਸ ਚੋਰਾਂ ਦੀ ਭਾਲ 'ਚ ਲੱਗੀ ਹੋਈ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਚੋਰੀ ਦੀ ਇਸ ਵਾਰਦਾਤ ਵਿੱਚ ਕਿੰਨੇ ਵਿਅਕਤੀ ਸ਼ਾਮਿਲ ਸਨ। ਸਥਾਨਕ ਲੋਕਾਂ ਵਿਚ ਇਸ ਘਟਨਾ ਨੂੰ ਲੈ ਕੇ ਡਰ ਅਤੇ ਗੁੱਸੇ ਦਾ ਮਾਹੌਲ ਹੈ।

# ਬੱਚਿਆਂ ਦੀਆਂ ਟੀਕਾਕਰਨ ਰਿਪੋਰਟਾਂ ਦੀ ਜਾਂਚ ਦੇ ਨਿਰਦੇਸ਼

**ਸ਼ਾਹਬਾਦ ਮਾਰਕੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਨੇਹਾ ਸਿੰਘ ਨੇ ਕਿਹਾ ਹੈ ਕਿ ਸਿੱਖਿਆ ਵਿਭਾਗ ਪਹਿਲੀ ਜਮਾਤ ਵਿਚ ਆਉਣ ਵਾਲੇ ਸਾਰੇ ਬੱਚਿਆਂ ਦੀਆਂ ਟੀਕਾਕਰਨ ਰਿਪੋਰਟਾਂ ਦੀ ਜਾਂਚ ਕਰੇ ਤੇ ਜੇਕਰ ਕੋਈ ਬੱਚਾ ਟੀਕਾਕਰਨ ਤੋਂ ਖੁੰਝ ਗਿਆ ਹੈ ਤਾਂ ਉਸ ਦੀ ਰਿਪੋਰਟ ਸਿਹਤ ਵਿਭਾਗ ਨੂੰ ਦਿੱਤੀ ਜਾਏ ਤੇ ਟੀਕਾਕਰਨ ਯਕੀਨੀ ਬਣਾਇਆ ਜਾਏ। ਮਿਨੀ ਸਕਤਰੇਤ ਦੇ ਆਡੀਟੋਰੀਅਮ ਵਿਚ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ 'ਚ ਉਨ੍ਹਾਂ ਨੇ ਸਿਹਤ ਵਿਭਾਗ ਦੀ ਟੀਕਾਰਕਨ ਮੁਹਿੰਮ ਨੂੰ ਸਫਲ ਬਨਾਉਣ ਲਈ ਕਿਰਤ ਵਿਭਾਗ ਨੂੰ ਆਪਣੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਇੱਟਾਂ ਦੇ ਭੱਠਿਆਂ ਤੇ ਡਿਊਟੀ ਲਾਉਣ ਲਈ ਵੀ ਆਖਿਆ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਇਕ ਬੱਚੀ ਨੂੰ ਪੋਲੀਓ ਰੋਕੂ ਦਵਾਈ ਦੀਆਂ ਬੂੰਦਾਂ ਵੀ ਪਿਆਈਆਂ। ਉਨ੍ਹਾਂ ਨੇ ਵਿਭਾਗ ਦੀਆਂ ਯੋਜਨਾਵਾਂ ਦੀ ਸਮੀਖਿਆ ਵੀ ਕੀਤੀ।

# ਜਬਰ-ਜਨਾਹ ਅਤੇ ਅਸ਼ਲੀਲ ਵੀਡੀਓ ਵਾਇਰਲ ਕਰਨ ਦੇ ਦੋਸ਼ ਹੇਠ ਕੇਸ ਦਰਜ

**ਰਤੀਆ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇਲਾਕੇ ਦੇ ਇਕ ਪਿੰਡ ਦੀ ਲੜਕੀ ਨਾਲ ਵਿਆਹ ਦਾ ਝਾਂਸਾ ਦੇ ਕੇ ਜਬਰ-ਜਨਾਹ ਤੇ ਅਸ਼ਲੀਲ ਵੀਡੀਓ ਇੰਟਰਨੈੱਟ 'ਤੇ ਵਾਇਰਲ ਕਰਨ ਦੇ ਦੋਸ਼ ਹੇਠ ਪੁਲੀਸ ਨੇ ਸਰਦੂਲਗੜ੍ਹ (ਪੰਜਾਬ) ਦੇ ਨੌਜਵਾਨ ਸੰਦੀਪ ਖ਼ਿਲਾਫ਼ ਕੇਸ ਦਰਜ ਕੀਤਾ ਹੈ।

ਪੀੜਤਾ ਦੀ ਸ਼ਿਕਾਇਤ 'ਤੇ ਜਬਰ ਜਨਾਹ ਤੇ ਹੋਰ ਧਾਰਾਵਾਂ ਤਹਿਤ ਕੇਸ ਕਰਕੇ ਪੁਲੀਸ ਨੇ ਮਾਮਲੇ ਦੀ ਜਾਂਚ ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲੀਸ ਨੂੰ ਦਿੱਤੀ ਸ਼ਿਕਾਇਤ 'ਚ ਪੀੜਤ ਲੜਕੀ ਨੇ ਸ਼ਿਕਾਇਤ 'ਚ ਦੋਸ਼ ਲਾਇਆ ਕਿ ਇਸ ਸਾਲ 2 ਜਨਵਰੀ ਨੂੰ ਉਨ੍ਹਾਂ ਦੀ ਜਾਣਕਾਰ ਲੜਕੀ ਦਾ ਵਿਆਹ 'ਚ ਉਸ ਦੀ ਸਰਦੂਲਗੜ੍ਹ ਦਾ ਸੰਦੀਪ ਨਾਲ ਜਾਣ-ਪਛਾਣ ਹੋ ਗਈ।

ਇਸ ਮਗਰੋਂ ਉਨ੍ਹਾਂ ਦੀ ਫੋਨ 'ਤੇ ਗੱਲਬਾਤ ਹੋਣ ਲੱਗ ਪਈ ਤੇ ਉਸ ਨੇ ਵਿਆਹ ਦੀ ਗੱਲ ਕੀਤੀ। ਉਕਤ ਲੜਕੀ ਨੇ ਦੋਸ਼ ਲਾਇਆ ਕਿ ਸੰਦੀਪ 9 ਫਰਵਰੀ ਨੂੰ ਉਸ ਦੇ ਘਰ ਆਇਆ ਤੇ ਉਸ ਨੂੰ ਸਰਦੂਲਗੜ੍ਹ ਦੇ ਇਕ ਕੈਫੇ 'ਚ ਲਿਜਾ ਕੇ ਉਸ ਨਾਲ ਜਬਰ ਜਨਾਹ ਕੀਤਾ ਅਤੇ ਅਸ਼ਲੀਲ ਵੀਡੀਓ ਬਣਾ ਲਈ। ਜਦੋਂ ਉਸ ਨੂੰ ਵੀਡੀਓ ਡਿਲੀਟ ਕਰਨ ਲਈ ਆਖਿਆ ਤਾਂ ਉਸ ਨੇ ਵਿਆਹ ਕਰਵਾਉਣ ਦਾ ਭਰੋਸਾ ਦਿੱਤਾ। ਲੜਕੀ ਮੁਤਾਬਕ ਸੰਦੀਪ ਨੇ ਲੰਘੀ 6 ਅਪਰੈਲ ਨੂੰ ਉਸ ਨੂੰ ਫਿਰ ਬਾਹਰ ਘੁੰਮਣ ਲਈ ਨਾਲ ਜਾਣ ਲਈ ਆਖਿਆ ਪਰ ਉਸ ਵੱਲੋਂ ਮਨ੍ਹਾਂ ਕਰਨ 'ਤੇ ਸੰਦੀਪ ਨੇ ਅਸ਼ਲੀਲ ਵੀਡੀਓ ਇੰਟਰਨੈੱਟ 'ਤੇ ਵਾਇਰਲ ਕਰ ਦਿੱਤੀ। ਪੀੜਤਾ ਨੇ ਦੋਸ਼ ਲਾਇਆ ਕਿ ਇਸ ਉਪਰੰਤ ਉਸ ਦੇ ਪਰਿਵਾਰਕ ਮੈਂਬਰ ਸੰਦੀਪ ਦੇ ਘਰ ਗਏ ਤਾਂ ਉਸ ਦੇ ਪਰਿਵਾਰ ਨੇ ਇਕ ਵਾਰ ਵਿਆਹ ਲਈ ਹਾਂ ਵੀ ਕਰ ਦਿੱਤੀ ਪਰ ਬਾਅਦ ਵਿੱਚ ਮੁੱਕਰ ਗਏ।

# ਪੰਚਾਇਤ ਭਵਨ 'ਚ ਸਨਮਾਨ ਸਮਾਰੋਹ

**ਕੁਰੂਕਸ਼ੇਤਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਉਲਾਸ ਨਵ ਸਾਖਰ ਭਾਰਤ ਪ੍ਰੋਗਰਾਮ ਤਹਿਤ ਅੱਜ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ ਕਰਵਾਇਆ ਗਿਆ।

ਜਿਸ ਵਿੱਚ ਉਲਾਸ ਪ੍ਰੋਗਰਾਮ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ 100 ਤੋਂ ਵੱਧ ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਹੋਰ ਹਿੱਸੇਦਾਰਾਂ ਨੂੰ ਸਨਮਾਨਿਤ ਕੀਤਾ ਗਿਆ।

ਜ਼ਿਲ੍ਹਾ ਪ੍ਰੀਸ਼ਦ ਦੀ ਚੇਅਰਪਰਸਨ ਕੰਵਲਜੀਤ ਕੌਰ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸਨ, ਜਦੋਂ ਕਿ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੰਤੋਸ਼ ਸ਼ਰਮਾ ਅਤੇ ਜ਼ਿਲ੍ਹਾ ਮੁੱਢਲੀ ਸਿੱਖਿਆ ਅਧਿਕਾਰੀ ਵਿਨੋਦ ਕੌਸ਼ਿਕ ਨੇ ਇਸ ਦੀ ਪ੍ਰਧਾਨਗੀ ਕੀਤੀ। ਇਸ ਦੌਰਾਨ ਜ਼ਿਲ੍ਹਾ ਪ੍ਰੀਸ਼ਦ ਦੇ ਮੀਤ ਪ੍ਰਧਾਨ ਧਰਮਪਾਲ ਚੌਧਰੀ, ਡੀਪੀਸੀ ਸੰਤੋਸ਼ ਚੌਹਾਨ, ਡਿਪਟੀ ਡੀਈਓ ਇੰਦੂ ਕੌਸ਼ਿਕ ਆਦਿ ਹਾਜ਼ਰ ਸਨ।

ਜ਼ਿਲ੍ਹਾ ਉਲਾਸ ਕੋਆਰਡੀਨੇਟਰ ਸੰਜੇ ਕੌਸ਼ਿਕ ਨੇ ਪ੍ਰੋਗਰਾਮ ਦੀ ਰੂਪ-ਰੇਖਾ ਪੇਸ਼ ਕੀਤੀ। ਚੇਅਰਪਰਸਨ ਕੰਵਲਜੀਤ ਕੌਰ ਨੇ ਕਿਹਾ ਕਿ ਵਿਕਸਤ ਭਾਰਤ ਦੇ ਸਾਡੇ ਦ੍ਰਿਸ਼ਟੀਕੋਣ ਲਈ ਸੰਪੂਰਨ ਸਾਖਰਤਾ ਪ੍ਰਾਪਤ ਕਰਨਾ ਬਹੁਤ ਜ਼ਰੂਰੀ ਹੈ ਅਤੇ ਉਲਾਸ ਪ੍ਰੋਗਰਾਮ ਇਸ ਦਿਸ਼ਾ ਵਿੱਚ ਇੱਕ ਬੇਮਿਸਾਲ ਯਤਨ ਹੈ।

# ਜਗਾਧਰੀ ਪੁਲਿਸ ਵੱਲੋਂ ਵਿਸ਼ਨੂੰ ਗਾਰਡਨ ਕਲੋਨੀ 'ਚ ਛਾਪਾ

**ਯਮੁਨਾਨਗਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਨੇ ਜਗਾਧਰੀ ਦੇ ਵਿਸ਼ਨੂੰ ਗਾਰਡਨ ਕਲੋਨੀ ਵਿੱਚ ਇੱਕ ਘਰ 'ਤੇ ਛਾਪਾ ਮਾਰਿਆ ਅਤੇ ਦੇਹ ਵਪਾਰ ਦੇ ਸ਼ੱਕ ਹੇਠ ਪੁੱਛ-ਪੜਤਾਲ ਤਿੰਨ ਔਰਤਾਂ ਨੂੰ ਹਿਰਾਸਤ ਵਿੱਚ ਲਿਆ। ਸਥਾਨਕ ਕਲੋਨੀ ਵਾਸੀਆਂ ਨੇ ਔਰਤਾਂ 'ਤੇ ਸ਼ਰਾਬ ਪੀਣ ਅਤੇ ਮਾਹੌਲ ਖਰਾਬ ਕਰਨ ਦਾ ਦੋਸ਼ ਲਾਇਆ ਜਿਸ ਦੇ ਚੱਲਦਿਆਂ ਪੁਲੀਸ ਤਿੰਨੋਂ ਔਰਤਾਂ ਨੂੰ ਜਾਂਚ ਲਈ ਆਪਣੇ ਨਾਲ ਥਾਣੇ ਲੈ ਗਈ। ਮੌਕੇ ਤੋਂ ਇੱਕ ਆਲਟੋ ਕਾਰ ਵੀ ਬਰਾਮਦ ਕੀਤੀ ਗਈ ਹੈ। ਜਗਾਧਰੀ ਸਿਟੀ ਪੁਲੀਸ ਸਟੇਸ਼ਨ ਦੇ ਇੰਚਾਰਜ ਰਾਜਪਾਲ ਨੇ ਦੱਸਿਆ ਕਿ ਅੱਜ ਡਾਇਲ 112 ਤੋਂ ਸੂਚਨਾ ਮਿਲਣ 'ਤੇ ਪੁਲੀਸ ਮੌਕੇ 'ਤੇ ਪਹੁੰਚੀ ਅਤੇ ਉਕਤ ਕਲੋਨੀ ਦੇ ਇੱਕ ਘਰ ਵਿੱਚ ਰਹਿਣ ਵਾਲੀਆਂ ਤਿੰਨ ਔਰਤਾਂ ਨੂੰ ਪੁੱਛ-ਪੜਤਾਲ ਲਈ ਹਿਰਾਸਤ ਵਿੱਚ ਲੈ ਲਿਆ। ਔਰਤਾਂ ਨੇ ਆਪਣੀ ਪਛਾਣ ਨਹੀਂ ਦੱਸੀ ਅਤੇ ਨਾ ਹੀ ਕੋਈ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਥਾਨਕ ਕਲੋਨੀ ਦੀਆਂ ਔਰਤਾਂ ਨੇ ਇਸ ਘਰ ਵਿੱਚ ਰਹਿਣ ਵਾਲੀਆਂ ਔਰਤਾਂ 'ਤੇ ਸ਼ਰਾਬ ਪੀਣ, ਦੇਹ ਵਪਾਰ ਤੇ ਮਾਹੌਲ ਖਰਾਬ ਕਰਨ ਦਾ ਦੋਸ਼ ਲਾਇਆ ਹੈ ਪਰ ਮੌਕੇ ਤੋਂ ਅਜਿਹਾ ਕੋਈ ਸਬੂਤ ਮਿਲਿਆ। ਔਰਤਾਂ ਨੂੰ ਪੁੱਛ-ਪੜਤਾਲ ਲਈ ਪੁਲੀਸ ਸਟੇਸ਼ਨ ਲਿਜਾਇਆ ਗਿਆ ਹੈ। ਪੁਲੀਸ ਅਧਿਕਾਰੀ ਦਾ ਕਹਿਣਾ ਹੈ ਕਿ ਜਾਂਚ ਤੋਂ ਬਾਅਦ ਹੀ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

# ਗਰਮੀ ਵਧਣ ਕਾਰਨ ਪਾਣੀ ਦੀ ਸਮੱਸਿਆ ਵਧੀ

**ਫਰੀਦਾਬਾਦ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਵਿੱਚ ਗਰਮੀ ਦੇ ਵਧਣ ਨਾਲ ਹੀ ਪਾਣੀ ਦੀ ਕਮੀ ਸ਼ੁਰੂ ਹੋ ਗਈ ਹੈ। ਸੈਕਟਰ-31 ਦੇ ਲੋਕ ਲੰਬੇ ਸਮੇਂ ਤੋਂ ਬਦਬੂਦਾਰ ਪੀਣ ਵਾਲੇ ਪਾਣੀ ਦੀ ਸ਼ਿਕਾਇਤ ਕਰਦੇ ਥੱਕ ਚੁੱਕੇ ਹਨ ਪਰ ਕੋਈ ਹੱਲ ਨਹੀਂ ਹੋਇਆ। ਸੈਕਟਰ 37 ਵਿੱਚ ਵੀ ਪਾਣੀ ਬਹੁਤ ਘੱਟ ਸਮੇਂ ਵਿੱਚ ਪਹੁੰਚ ਰਿਹਾ ਹੈ। ਇਸ ਦੇ ਨਾਲ ਹੀ, ਗੈਰ-ਰਜਿਸਟਰਡ ਕਲੋਨੀਆਂ ਦੀ ਹਾਲਤ ਸਭ ਤੋਂ ਮਾੜੀ ਹੈ।

ਸੈਕਟਰ-37 ਦੇ ਵਾਸੀਆਂ ਨੇ ਦੱਸਿਆ ਕਿ ਲਗਪਗ ਹਫ਼ਤੇ ਤੋਂ ਪੀਣ ਵਾਲੇ ਪਾਣੀ ਦੀ ਸਪਲਾਈ ਵਿੱਚ ਵਿਘਨ ਪਿਆ ਹੈ। ਜੇ ਸਵੇਰੇ ਸਪਲਾਈ ਹੁੰਦੀ ਹੈ ਤਾਂ ਸ਼ਾਮ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਰਹਿੰਦੀ ਹੈ। ਸੈਕਟਰ-31 ਇੰਦਰਪ੍ਰਸਥ ਕਲੋਨੀ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਛੇ ਮਹੀਨਿਆਂ ਤੋਂ ਲੋਕਾਂ ਨੂੰ ਸੈਕਟਰ ਵਿੱਚ ਬਦਬੂਦਾਰ ਪਾਣੀ ਦੀ ਸਪਲਾਈ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇੱਥੇ ਪੀਣ ਵਾਲੇ ਪਾਣੀ ਦੀ ਲੋਹੇ ਦੀ ਲਾਈਨ ਵਿਛਾਈ ਹੋਈ ਹੈ। ਜਦੋਂ ਵੀ ਸੀਵਰੇਜ ਦਾ ਪਾਣੀ ਓਵਰਫਲੋਅ ਹੁੰਦਾ ਹੈ, ਇਹ ਪੀਣ ਵਾਲੇ ਪਾਣੀ ਦੀ ਲਾਈਨ ਵਿੱਚ ਰਲ ਜਾਂਦਾ ਹੈ। ਇਸ ਲਈ ਨਗਰ ਨਿਗਮ ਦੇ ਹੱਲ ਕੈਂਪ ਵਿੱਚ ਵੀ ਸ਼ਿਕਾਇਤ ਕੀਤੀ ਗਈ ਹੈ ਪਰ ਕੁਝ ਨਹੀਂ ਕੀਤਾ ਗਿਆ। ਸਬੰਧਤ ਵਿਭਾਗ ਦੇ ਕਰਮਚਾਰੀ ਆ ਕੇ ਸੀਵਰੇਜ ਲਾਈਨ ਸਾਫ਼ ਕਰਦੇ ਹਨ, ਕੁਝ ਦਿਨਾਂ ਲਈ ਸਮੱਸਿਆ ਘੱਟ ਜਾਂਦੀ ਹੈ। ਮਗਰੋਂ ਸਮੱਸਿਆ ਫਿਰ ਸ਼ੁਰੂ ਹੋ ਜਾਂਦੀ ਹੈ। ਸਮੱਸਿਆ ਅਜੇ ਪੂਰੀ ਤਰ੍ਹਾਂ ਹੱਲ ਨਹੀਂ ਹੋਈ ਹੈ।

ਫਰੀਦਾਬਾਦ ਮੈਟਰੋਪੋਲੀਟਨ ਵਿਕਾਸ ਅਥਾਰਟੀ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਜ਼ਿੰਮੇਵਾਰ ਹੈ। ਅਥਾਰਟੀ ਦੇ ਅਨੁਸਾਰ, ਸ਼ਹਿਰ ਵਿੱਚ 450 ਐੱਮਐੱਲਡੀ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਮੰਗ ਹੈ। ਕਾਰਪੋਰੇਸ਼ਨ, ਐੱਚਐੱਸਵੀਪੀ ਅਤੇ ਐੱਫਐੱਮਡੀਏ ਕੋਲ 1830 ਬੋਰਵੈੱਲ ਹਨ। ਉਨ੍ਹਾਂ ਦੀ ਮਦਦ ਨਾਲ, 330 ਐੱਮਐੱਲਡੀ ਪੀਣ ਵਾਲਾ ਪਾਣੀ ਉਪਲਬਧ ਹੈ। ਇਸ ਵੇਲੇ ਸ਼ਹਿਰ ਵਿੱਚ 120 ਐੱਮਐੱਲਡੀ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਘਾਟ ਹੈ।

ਸ਼ਹਿਰ ਵਿੱਚ ਲਗਪਗ 310 ਗੈਰ-ਰਜਿਸਟਰਡ ਕਲੋਨੀਆਂ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਐੱਨਆਈਟੀ ਅਸੈਂਬਲੀ ਅਤੇ ਨਹਿਰ ਦੇ ਪਾਰ ਤਿਗਾਓਂ ਖੇਤਰ ਵਿੱਚ ਹਨ। ਹਾਲਾਂਕਿ, ਸਾਰੀਆਂ ਸਹੂਲਤਾਂ ਲਈ ਸਰਕਾਰ ਵੱਲੋਂ 81 ਕਲੋਨੀਆਂ ਰਜਿਸਟਰ ਕੀਤੀਆਂ ਗਈਆਂ ਸਨ। ਹਾਲਾਂਕਿ, ਸਾਰੀਆਂ ਕਲੋਨੀਆਂ ਦੀਆਂ ਸਥਿਤੀਆਂ ਵਿੱਚ ਬਹੁਤਾ ਬਦਲਾਅ ਨਹੀਂ ਆਇਆ ਹੈ। ਗਰਮੀ ਵਧਣ ਦੇ ਨਾਲ ਹੀ ਦੋਵਾਂ ਵਿਧਾਨ ਸਭਾ ਹਲਕਿਆਂ ਦੀਆਂ ਲਗਪਗ 50 ਕਲੋਨੀਆਂ ਵਿੱਚ ਪਾਣੀ ਦਾ ਸੰਕਟ ਸ਼ੁਰੂ ਹੋ ਗਿਆ ਹੈ। ਇੱਥੇ ਲੋਕ ਨਿੱਜੀ ਟੈਂਕਰਾਂ ਤੋਂ ਪਾਣੀ ਖਰੀਦ ਕੇ ਗੁਜ਼ਾਰਾ ਕਰ ਰਹੇ ਹਨ।

# ਮੀਂਹ ਕਾਰਨ ਮੰਡੀਆਂ 'ਚ ਕਣਕ ਦਾ ਨੁਕਸਾਨ ਹੋਣ 'ਤੇ ਅਧਿਕਾਰੀ ਹੋਣਗੇ ਜ਼ਿੰਮੇਵਾਰ




**ਜੀਂਦ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀਸੀ ਮੁਹੰਮਦ ਇਮਰਾਨ ਰਜ਼ਾ ਦੀ ਪ੍ਰਧਾਨਗੀ ਹੇਠ ਚਾਲੂ ਹਾੜੀ ਸੀਜ਼ਨ ਤਹਿਤ ਫਸਲ ਦੀ ਖਰੀਦ ਅਤੇ ਲਿਫਟਿੰਗ ਪ੍ਰਕਿਰਿਆ ਨੂੰ ਲੈ ਕੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਕਿਹਾ ਕਿ ਮੀਂਹ ਕਾਰਨ ਜਿਣਸ ਦਾ ਨੁਕਸਾਨ ਹੋਣ 'ਤੇ ਅਧਿਕਾਰੀ ਜ਼ਿੰਮੇਵਾਰ ਹੋਣਗੇ। ਮੀਟਿੰਗ 'ਚ ਐੱਸਡੀਐੱਮ ਜੀਂਦ ਸਤਿਆਵਾਨ ਸਿੰਘ ਮਾਨ, ਸਫੀਦੋਂ ਦੇ ਐੱਸਡੀਐੱਮ ਪੁਲਕਿਤ ਮਲਹੋਤਰਾ, ਨਰਵਾਣਾ ਦੇ ਜਗਦੀਸ਼ ਚੰਦਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਵਿਭਾਗ ਕੰਟਰੋਲਰ ਰਾਜੇਸ਼ ਆਰੀਆ ਤੇ ਸਾਰੀਆਂ ਮਾਰਕੀਟ ਕਮੇਟੀਆਂ ਦੇ ਸੈਕਟਰੀ ਹਾਜ਼ਰ ਰਹੇ।

ਡੀਸੀ ਨੇ ਅਧਿਕਾਰੀਆਂ ਨੂੰ ਆਦੇਸ਼ ਦਿੱਤਾ ਕਿ ਸਾਰੀਆਂ ਮੰਡੀਆਂ 'ਚ ਕਣਕ ਦੀ ਲਿਫਟਿੰਗ 'ਚ ਤੇਜ਼ੀ ਲਿਆਂਦੀ ਜਾਵੇ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਕਰਦੇ ਹੋਏ ਕਿਹਾ ਕਿ ਜੇਕਰ ਕਿਸੇ ਵੀ ਮੰਡੀ ਵਿੱਚ ਮੀਂਹ ਕਾਨ ਕਣਕ ਭਿੱਜਦੀ ਹੈ ਜਾਂ ਕਿਸੇ ਤਰ੍ਹਾਂ ਨੁਕਸਾਨ ਪਹੰਚਦਾ ਹੈ ਤਾਂ ਉਸ ਲਈ ਸਬੰਧਤ ਅਧਿਕਾਰੀ ਜਾਂ ਏਜੰਸੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

# ਬੱਚਿਆਂ ਨੂੰ ਮਾਰਕੰਡਾ ਮੰਦਰ ਦੇ ਦਰਸ਼ਨ ਕਰਵਾਏ



**ਸ਼ਾਹਬਾਦ ਮਾਰਕੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗੀਤਾ ਵਿੱਦਿਆ ਮੰਦਿਰ ਦੀ ਸ਼ਿਸ਼ੂ ਵਾਟਿਕਾ ਤੋਂ ਲਗਪਗ 80 ਛੋਟੇ ਬੱਚਿਆਂ ਨੂੰ ਜੀਟੀ ਰੋਡ ਸਥਿਤ ਰਿਸ਼ੀ ਮਾਰਕੰਡਾ ਮੰਦਰ ਦੇ ਦਰਸ਼ਨ ਕਰਵਾਏ ਗਏ। ਇਸ ਤੋਂ ਸਕੂਲ ਦੀ ਪ੍ਰਿੰਸੀਪਲ ਨਿਸ਼ਾ ਗੋਇਲ ਨੇ ਬੱਚਿਆਂ ਨੂੰ ਰਵਾਨਾ ਕੀਤਾ। ਬੱਚਿਆਂ ਨੇ ਰਿਸ਼ੀ ਮਾਰਕੰਡਾ ਮੰਦਿਰ ਮੱਥਾ ਟੇਕਿਆ। ਅਚਾਰੀਆ ਮੇਨਕਾ ਨੇ ਬੱਚਿਆਂ ਨੂੰ ਰਿਸ਼ੀ ਮਾਰਕੰਡਾ ਦੀ ਜੀਵਨੀ ਬਾਰੇ ਦੱਸਿਆ। ਬੱਚਿਆਂ ਨੇ ਪਾਰਕ ਵਿੱਚ ਝੂਲਿਆਂ 'ਤੇ ਝੂਟੇ ਵੀ ਲਏ। ਇਸ ਟੂਰ ਵਿਦਿਆਰਥੀਆਂ ਨਾਲ ਸੀਮਾ ਗਾਬਾ, ਅੰਮ੍ਰਿਤਾ, ਅਦਿਤੀ ਤੇ ਅੰਜਨਾ ਆਦਿ ਮੌਜੂਦ ਸਨ।

# ਵਿਕਾਸ ਲਈ ਪੈਸੇ ਦੀ ਘਾਟ ਨਹੀਂ: ਬੇਦੀ



**ਜੀਂਦ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਬੇਦੀ ਨੇ ਕਿਹਾ ਹੈ ਕਿ ਪਿੰਡਾਂ ਦਾ ਚਹੁੰਮੁਖੀ ਵਿਕਾਸ ਅਤੇ ਯੋਗ ਨੌਜਵਾਨਾਂ ਦੇ ਰੁਜ਼ਗਾਰ ਲਈ ਸੂਬਾ ਸਰਕਾਰ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕਈ ਮਹੱਤਵਪੂਰਨ ਫੈਸਲੇ ਲਏ ਗਏ ਹਨ। ਵਰਤਮਾਨ ਵਿੱਚ ਪਿੰਡਾਂ ਦੇ ਵਿਕਾਸ ਨੂੰ ਸ਼ਹਿਰਾਂ ਦੀ ਤਰਜ਼ 'ਤੇ ਨਵੀਂ ਗਤੀ ਮਿਲ ਰਹੀ ਹੈ। ਪਿੰਡਾਂ ਵਿੱਚ ਵਧੀਆ ਸਿੱਖਿਆ, ਸਿਹਤ ਸੇਵਾਵਾਂ, ਲੋੜ ਅਨੁਸਾਰ ਬਿਜਲੀ ਦੀ ਸਪਲਾਈ, ਸੜਕਾਂ ਦਾ ਨਿਰਮਾਣ ਅਤੇ ਵਿਸਥਾਰੀਕਰਨ ਕੀਤਾ ਜਾ ਰਿਹਾ ਹੈ। ਇਹ ਗੱਲ ਕੈਬਨਿਟ ਮੰਤਰੀ ਨੇ ਪਿੰਡ ਬੇਲਰਖਾਂ ਵਿੱਚ ਆਪਣੇ ਧੰਨਵਾਦੀ ਦੌਰੇ ਦੌਰਾਨ ਕੀਤੇ ਗਏ ਸਮਾਰੋਹ ਦੌਰਾਨ ਕਹੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ 90 ਵਿਧਾਨ ਸਭਾ ਹਲਕਿਆਂ ਵਿੱਚ ਕਰਵਾਏ ਜਾ ਰਹੇ ਵਿਕਾਸ ਤੋਂ ਨਰਵਾਣਾ ਦਾ ਇਲਾਕਾ ਵਿਰਵਾ ਨਹੀਂ ਰਹੇਗਾ।

ਬੇਦੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜਲਦੀ ਹੀ ਨਰਵਾਣਾ ਵਿਕਾਸ ਦਾ ਮਾਡਲ ਬਣੇਗਾ। ਇਸ ਵੇਲੇ ਪਿੰਡ ਵਾਸੀਆਂ ਵੱਲੋਂ 55 ਮੰਗਾਂ ਦਾ ਪ੍ਰਾਰਥਨਾ-ਪੱਤਰ ਪੇਸ਼ ਕੀਤਾ ਗਿਆ। ਇਸ ਉੱਤੇ ਮੰਤਰੀ ਨੇ ਭਰੋਸਾ ਦਿੱਤਾ ਕਿ ਵਿਕਾਸ ਕੰਮਾਂ ਲਈ ਪੈਸੇ ਦੀ ਕੋਈ ਘਾਟ ਨਹੀਂ ਹੈ ਆਪਸੀ ਭਾਈਚਾਰਾ ਅਤੇ ਵਿਕਾਸ ਕੰਮਾਂ ਵਿੱਚ ਸਹਿਯੋਗ ਦੀ ਲੋੜ ਹੈ। ਉਨ੍ਹਾਂ ਖੇਡ ਸਟੇਡੀਅਮ ਦੇ ਨਿਰਮਾਣ, ਸੇਵਾ ਕੇਂਦਰ, ਸੈਕਿੰਡ ਪੀਐੱਚਸੀ ਭਵਨ, ਹਸਪਤਾਲ ਦੀ ਚਾਰਦੀਵਾਰੀ, ਜਲਘਰ ਨੰਬਰ 2 ਵਿੱਚ ਮੋਟਰ ਰਖਵਾਉਣ, ਧਰਮਸ਼ਾਲਾ ਤਲਾਬ ਦਾ ਸੁਧਾਰ, ਰਾਮੂ ਪੱਤੀ ਦੇ ਸਮਸ਼ਾਨਘਾਟ ਦੀ ਚਾਰਦੀਵਾਰੀ, ਪੰਚਾਇਤਘਰ ਦਾ ਨਿਰਮਾਣ, ਰਾਮੂ ਪੱਤੀ ਬ੍ਰਾਹਮਣ ਚੌਪਾਲ, ਬਾਲਮੀਕੀ ਚੌਪਾਲ ਦਾ ਨਿਰਮਾਣ, ਹਰਬਲ ਪਾਰਕ ਦੇ ਨਿਰਮਾਣ ਸਹਿਤ ਅਨੇਕਾਂ ਗਲੀਆਂ ਦਾ ਨਿਰਮਾਣ ਕਰਵਾਉਣ ਦੀ ਗੱਲ ਕਹੀ। ਇਸ ਮੌਕੇ ਭਾਜਪਾ ਆਗੂ ਰਿਸ਼ਪਾਲ ਸ਼ਰਮਾ, ਭਾਜਪਾ ਮੰਡਲ ਪ੍ਰਧਾਨ ਸੁਰਿੰਦਰ ਪ੍ਰਜਾਪਤ, ਅਨਾਜ ਮੰਡੀ ਪ੍ਰਧਾਨ ਈਸ਼ਵਰ ਗੋਇਲ ਹਾਜ਼ਰ ਸਨ।

# ਕੁਰੂਕਸ਼ੇਤਰ 'ਚ ਸਥਾਪਤ ਹੋਵੇਗੀ ਸੂਰਜਮੁਖੀ ਆਇਲ ਮਿੱਲ: ਰਾਣਾ



**ਸ਼ਾਹਬਾਦ ਮਾਰਕੰਡਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀ ਤੇ ਕਿਸਾਨ ਕਲਿਆਣ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਹੈ ਕਿ ਸੂਬੇ ਵਿਚ ਸੂਰਜਮੁਖੀ ਸਭ ਤੋਂ ਵੱਧ ਪੈਦਾਵਾਰ ਸ਼ਾਹਬਾਦ ਖੇਤਰ ਵਿਚ ਹੁੰਦੀ ਹੈ, ਜਿਸ ਦੇ ਮੱਦੇਨਜ਼ਰ ਕੁਰੂਕਸ਼ੇਤਰ ਵਿਚ ਸੂਰਜਮੁਖੀ ਆਇਲ ਮਿੱਲ ਸਥਾਪਤ ਕੀਤੀ ਜਾਏਗੀ। ਉਹ ਸ਼ਾਹਬਾਦ ਦੀ ਅਨਾਜ ਮੰਡੀ ਵਿਚ ਸਵੈ-ਸਹਾਇਤਾ ਸਮੂਹ ਦੇ ਕਾਰਕੁਨਾਂ ਵਲੋਂ ਚਲਾਈ ਜਾਣ ਵਾਲੀ ਅਟਲ ਕਿਸਾਨ ਮਜ਼ਦੂਰ ਕੰਟੀਨ ਦਾ ਉਦਘਾਟਨ ਮੌਕੇ ਬੋਲ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਕੰਟੀਨ ਤੋਂ 10 ਰੁਪਏ ਦੀ ਥਾਲੀ ਲੈ ਕੇ ਖਾਣਾ ਵੀ ਖਾਧਾ।ਖੇਤੀ ਮੰਤਰੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਕਿਸਾਨਾਂ ਲਈ ਕਈ ਭਲਾਈ ਸਕੀਮਾਂ ਲਾਗੂ ਕੀਤੀਆਂ ਹਨ, ਜੋ ਕਿਸਾਨਾਂ ਦੀ ਤਰੱਕੀ ਵਿਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਅਪਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਕੁਦਰਤੀ ਖੇਤੀ ਅਪਨਾ ਕੇ ਕਿਸਾਨ ਆਪਣੇ ਸੁਆਸਥ, ਭੂਮੀ ਵਾਤਾਵਰਨ ਤੇ ਸਮਾਜ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ। ਇਸ ਦੌਰਾਨ ਉਨਾਂ ਨੇ ਹਰਿਆਣਾ ਮਾਰਕੀਟਿੰਗ ਬੋਰਡ ਵਲੋਂ ਅਨਾਜ ਮੰਡੀ ਤੇ ਸਬਜ਼ੀ ਮੰਡੀ ਦੀਆਂ ਸੜਕਾਂ ਦੀ 3.74 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੀ ਮੁਰੰਮਤ ਦਾ ਨੀਂਹ ਪੱਥਰ ਵੀ ਰਖਿਆ। ਉਨ੍ਹਾਂ ਕਿਹਾ ਕਿ 15 ਜੂਨ ਤੱਕ ਸਾਰੀਆਂ ਸੜਕਾਂ ਦੀ ਮੁਰੰਮਤ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਖੇਤੀ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੇ ਘਰ ਵਿਚ ਵਰਤਣ ਵਾਲਾ ਅਨਾਜ ਕੁਦਰਤੀ ਖੇਤੀ ਰਾਹੀਂ ਤਿਆਰ ਕਰਨਾ ਚਾਹੀਦਾ ਹੈ।

# ਨਕਲੀ ਸ਼ਰਾਬ ਬਣਾਉਣ ਵਾਲੀ ਫੈਕਟਰੀ ਦਾ ਪਰਦਾਫਾਸ਼



**ਅੰਬਾਲਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੀ ਪੁਲੀਸ ਨੇ ਥਾਣਾ ਸ਼ਹਿਜ਼ਾਦਪੁਰ ਇਲਾਕੇ ਦੀ ਮਾਡਰਨ ਕਲੋਨੀ ਵਿਚ ਘਰ ਵਿਚ ਨਕਲੀ ਸ਼ਰਾਬ ਬਣਾਉਣ ਵਾਲੀ ਫੈਕਟਰੀ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਇਥੋਂ ਭਾਰੀ ਮਾਤਰਾ ਵਿਚ ਨਕਲੀ ਸ਼ਰਾਬ, ਸਪਿਰਟ ਅਤੇ ਸ਼ਰਾਬ ਬਣਾਉਣ ਦੇ ਉਪਕਰਨ ਬਰਾਮਦ ਕਰਕੇ ਚਾਰ ਵਿਅਕਤੀਆਂ ਨੂੰ ਕਾਬੂ ਕੀਤਾ ਹੈ, ਜਿਨ੍ਹਾਂ ਦੀ ਪਛਾਣ ਉਪਰਲੀ ਧਮੋਲੀ ਦੇ ਗੁਰਪ੍ਰੀਤ ਸਿੰਘ, ਬਪੋਲੀ ਦੇ ਸੁਰਿੰਦਰ ਸਿੰਘ, ਧਨਾਨਾ ਦੇ ਸੰਦੀਪ ਅਤੇ ਗੋਬਿੰਦਪੁਰ ਦੇ ਸਚਿਨ ਵਜੋਂ ਹੋਈ ਹੈ।

ਪੁਲੀਸ ਨੇ ਇਨ੍ਹਾਂ ਖ਼ਿਲਾਫ਼ ਆਬਕਾਰੀ ਐਕਟ ਦਾ ਮਾਮਲਾ ਦਰਜ ਕਰਕੇ ਅਦਾਲਤ ਵਿੱਚ ਪੇਸ਼ ਕੀਤਾ ਤੇ ਅਦਾਲਤ ਨੇ ਉਨ੍ਹਾਂ ਨੂੰ ਚਾਰ ਦਿਨ ਦੇ ਪੁਲੀਸ ਰਿਮਾਂਡ 'ਤੇ ਭੇਜ ਦਿੱਤਾ ਹੈ।ਮੁਲਜ਼ਮਾਂ ਨੇ ਮੁੱਢਲੀ ਪੁੱਛਹ ਪੜਤਾਲ ਦੌਰਾਨ ਦੱਸਿਆ ਕਿ ਇਹ ਫੈਕਟਰੀ ਧਨਾਨਾ ਦੇ ਬਿੱਟੂ ਦੀ ਹੈ।

# ਮੰਡੀਆਂ 'ਚੋਂ 73.92 ਫ਼ੀਸਦ ਕਣਕ ਦੀ ਚੁਕਾਈ

**ਟੋਹਾਣਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਫਤਿਹਾਬਾਦ ਦੀਆਂ ਵੱਖ-ਵੱਖ ਅਨਾਜ ਮੰਡੀਆਂ ਤੇ ਖਰੀਦ ਕੇਂਦਰਾਂ ਤੋਂ ਹੁਣ ਤੱਕ ਸਰਕਾਰੀ ਏਜੰਸੀਆਂ ਨੇ 4,87,365 ਮੀਟ੍ਰਿਕ ਟਨ ਕਣਕ ਖਰੀਦੀ ਹੈ, ਜਿਸ ਵਿਚੋਂ 73.92 ਫ਼ੀਸਦ ਕਣਕ ਦੀ ਲਿਫਟਿੰਗ ਹੋ ਗਈ ਹੈ। ਡੀਸੀ ਮਨਦੀਪ ਕੌਰ ਨੇ ਦੱਸਿਆ ਕਿ ਫੂਡ ਸਪਲਾਈ ਨੇ 87736 ਮੀਟ੍ਰਿਕ ਟਨ, ਹੈਫੇਡ ਨੇ 2,78,007 ਮੀਟ੍ਰਿਕ ਟਨ, ਐੱਚ.ਡਬਲਯੂ.ਸੀ ਨੇ 201122 ਮੀਟ੍ਰਿਕ ਟਨ, ਐਫ.ਸੀ.ਆਈ. ਨੇ 20499 ਮੀਟ੍ਰਿਕ ਟਨ ਕਣਕ ਖਰੀਦੀ ਹੈ। ਉਨ੍ਹਾਂ ਦੱਸਿਆ ਕਿ ਹੁੱਣ ਤਕ ਖਰੀਦੀ ਗਈ ਕਣਕ ਵਿਚੋਂ 73.92 ਕਣਕ ਦੀ ਲਿਫਟਿੰਗ ਹੋ ਗਈ ਹੈ।

# ਮਹਿਲਾ ਨੇ ਬੱਸ 'ਚ ਬੱਚੇ ਨੂੰ ਜਨਮ ਦਿੱਤਾ

**ਅੰਬਾਲਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀਆਰਟੀਸੀ ਦੀ ਬੱਸ ਵਿੱਚ ਸਵਾਰ ਮਹਿਲਾ ਨੇ ਬੱਚੇ ਨੂੰ ਜਨਮ ਦਿੱਤਾ। ਬੱਸ ਰਿਸ਼ੀਕੇਸ ਤੋਂ ਪਟਿਆਲਾ ਆ ਰਹੀ ਸੀ।

ਇਹ ਗਰਭਵਤੀ ਮਹਿਲਾ ਅੰਬਾਲਾ ਕੈਂਟ ਤੋਂ ਬੱਸ 'ਚ ਚੜ੍ਹੀ ਸੀ ਪਰ ਰਸਤੇ 'ਚ ਹੀ ਉਸ ਨੂੰ ਦਰਦ ਸ਼ੁਰੂ ਹੋ ਗਿਆ।

ਇਸ ਕਰ ਕੇ ਬੱਸ ਦੇ ਡਰਾਈਵਰ ਬੇਅੰਤ ਸਿੰਘ ਤੇ ਕੰਡਕਟਰ ਗੁਰਪ੍ਰੀਤ ਸਿੰਘ ਵੱਲੋਂ ਮਹਿਲਾ ਦੀ ਮਦਦ ਵਾਸਤੇ ਕੀਤੇ ਯਤਨਾਂ ਕਰ ਕੇ ਪੀਆਰਟੀਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਅੱਜ ਇੱਥੇ ਆਪਣੇ ਦਫ਼ਤਰ 'ਚ ਦੋਵਾਂ ਸਟਾਫ ਮੈਂਬਰਾਂ ਦਾ ਸਨਮਾਨ ਕੀਤਾ।

ਉਨ੍ਹਾਂ ਦੱਸਿਆ ਕਿ ਮਹਿਲਾ ਸਵਾਰੀ ਨੂੰ ਅਚਾਨਕ ਦਰਦ ਸ਼ੁਰੂ ਹੋਣ 'ਤੇ ਡਰਾਈਵਰ ਤੇ ਕੰਡਕਟਰ ਨੇ ਬੱਸ ਰੋਕ ਕੇ ਪੁਰਸ਼ ਸਵਾਰੀਆਂ ਨੂੰ ਹੇਠਾਂ ਉਤਾਰ ਕੇ ਮਹਿਲਾ ਸਵਾਰੀਆਂ ਨੂੰ ਗਰਭਵਤੀ ਦੀ ਮਦਦ ਦੀ ਅਪੀਲ ਕੀਤੀ। ਇਸ ਦੌਰਾਨ ਇਨ੍ਹਾਂ ਮਹਿਲਾਵਾਂ ਦੀ ਮਦਦ ਨਾਲ ਡਿਲਿਵਰੀ ਹੋ ਗਈ। ਡਰਾਈਵਰ ਅਤੇ ਕੰਡਕਟਰ ਨੇ ਐਂਬੂਲੈਂਸ ਸੱਦ ਕੇ ਔਰਤ ਅਤੇ ਬੱਚੇ ਨੂੰ ਹਸਪਤਾਲ ਦਾਖ਼ਲ ਕਰਵਾਇਆ।

# ਖੇਤੀਬਾੜੀ ਵਿਭਾਗ ਦੀਆਂ ਸਕੀਮਾਂ ਦੇ ਬਜਟ ਦੀ ਪੂਰੀ ਵਰਤੋਂ ਕਰੋ: ਖੇਤੀਬਾੜੀ ਮੰਤਰੀ

**ਚੰਡੀਗੜ੍ਹ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਖੇਤੀਬਾੜੀ ਵਿਭਾਗ ਦੀਆਂ ਸਾਰੀਆਂ ਯੋਜਨਾਵਾਂ ਲਈ ਅਲਾਟ ਕੀਤੇ ਗਏ ਬਜਟ ਦਾ ਪੂਰਾ ਉਪਯੋਗ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕਿਸਾਨਾਂ ਨੂੰ ਲਾਭ ਮਿਲ ਸਕੇ। ਉਨ੍ਹਾਂ ਨੇ ਬੀਨ ਦੀ ਕਾਸ਼ਤ ਵਾਲੀ ਜ਼ਮੀਨ ਦਾ ਤਾਜ਼ਾ ਸਰਵੇਖਣ ਕਰਨ ਅਤੇ ਉਸ ਖੇਤਰ ਵਿੱਚ ਮੱਛੀ ਪਾਲਣ ਦੀਆਂ ਸੰਭਾਵਨਾਵਾਂ ਦਾ ਪਤਾ ਲਗਾਉਣ ਦੇ ਨਿਰਦੇਸ਼ ਵੀ ਦਿੱਤੇ।



ਖੇਤੀਬਾੜੀ ਮੰਤਰੀ ਅੱਜ ਚੰਡੀਗੜ੍ਹ ਵਿੱਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ, ਸ੍ਰੀ ਰਾਜਾ ਸ਼ੇਖਰ ਵੂੰਡਰੂ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਆਉਣ ਵਾਲੇ ਫਸਲ ਬਿਜਾਈ ਦੇ ਸੀਜ਼ਨ ਦੇ ਮੱਦੇਨਜ਼ਰ ਮਿੱਟੀ ਸੰਭਾਲ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਅਤੇ ਖਾਦਾਂ ਦੀ ਉਪਲਬਧਤਾ ਦੀਆਂ ਤਿਆਰੀਆਂ ਦਾ ਵੀ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਇਸ ਦਿਸ਼ਾ ਵਿੱਚ ਢੁਕਵੇਂ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਅਧਿਕਾਰੀਆਂ ਨਾਲ ਫਸਲਾਂ ਦੇ ਬੀਜਾਂ ਲਈ ਦਿੱਤੀ ਜਾ ਰਹੀ ਸਬਸਿਡੀ ਬਾਰੇ ਵਿਸਥਾਰ ਵਿੱਚ ਗੱਲ ਕੀਤੀ ਅਤੇ ਕਿਸਾਨਾਂ ਨੂੰ ਚੰਗੀ ਗੁਣਵੱਤਾ ਵਾਲੇ ਬੀਜ ਉਪਲਬਧ ਕਰਵਾਉਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅੱਗੇ ਕਿਹਾ ਕਿ ਖੇਤੀਬਾੜੀ ਵਿਭਾਗ ਅਧੀਨ ਕਿਸਾਨਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਗਈਆਂ ਸਾਰੀਆਂ ਯੋਜਨਾਵਾਂ ਦਾ ਲਾਭ ਕਿਸਾਨਾਂ ਨੂੰ ਮਿਲਣਾ ਚਾਹੀਦਾ ਹੈ, ਬਜਟ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਖੇਤੀਬਾੜੀ ਮੰਤਰੀ ਨੇ ਸੂਬੇ ਵਿੱਚ ਫਲੀਆਂ ਦੀ ਮਾਰ ਹੇਠ ਆਈ ਜ਼ਮੀਨ ਬਾਰੇ ਜਾਣਕਾਰੀ ਇਕੱਠੀ ਕਰਨ ਤੋਂ ਬਾਅਦ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਾਲ ਇੱਕ ਲੱਖ ਹੈਕਟੇਅਰ ਜ਼ਮੀਨ ਨੂੰ ਫਲੀਆਂ ਤੋਂ ਮੁਕਤ ਕਰਨ ਦਾ ਟੀਚਾ ਰੱਖਿਆ ਗਿਆ ਹੈ ਅਤੇ ਟੀਚੇ ਤੋਂ ਵੱਧ ਕੰਮ ਕਰਨ ਦੀ ਕੋਸ਼ਿਸ਼ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਸਾਲ ਚਰਖੀ ਦਾਦਰੀ, ਸਿਰਸਾ ਅਤੇ ਫਤਿਹਾਬਾਦ ਜ਼ਿਲ੍ਹਿਆਂ ਨੂੰ ਪੂਰੀ ਤਰ੍ਹਾਂ ਬੀਨ ਮੁਕਤ ਬਣਾਇਆ ਜਾਣਾ ਚਾਹੀਦਾ ਹੈ ਅਤੇ ਹੋਰ ਜ਼ਿਲ੍ਹਿਆਂ ਵਿੱਚ ਵੀ ਇਸ ਕੰਮ ਵਿੱਚ ਗਤੀਵਿਧੀ ਵਧਾਈ ਜਾਣੀ ਚਾਹੀਦੀ ਹੈ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਕੁਝ ਪਿੰਡਾਂ ਦੀਆਂ ਖਾਰੀਆਂ ਪੰਚਾਇਤੀ ਜ਼ਮੀਨਾਂ ਵਿੱਚ ਮਾਡਲ ਵਜੋਂ ਤਲਾਬ ਬਣਾ ਕੇ ਪੰਚਾਇਤਾਂ ਨੂੰ ਮੱਛੀ ਪਾਲਣ ਲਈ ਉਤਸ਼ਾਹਿਤ ਕਰਨ। ਜੇਕਰ ਨਤੀਜੇ ਸਕਾਰਾਤਮਕ ਹਨ, ਤਾਂ ਇਸ ਮਾਡਲ ਨੂੰ ਰਾਜ ਦੇ ਹੋਰ ਕਿਸਾਨਾਂ ਲਈ ਉਤਸ਼ਾਹਿਤ ਕੀਤਾ ਜਾ ਸਕਦਾ ਹੈ ਜਿਨ੍ਹਾਂ ਦੀ ਜ਼ਮੀਨ ਫਲੀਆਂ ਨਾਲ ਭਰੀ ਹੋਈ ਹੈ ਅਤੇ ਖੇਤੀ ਸੰਭਵ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਿਸ ਖੇਤਰ ਵਿੱਚ ਬੀਨ ਦੀ ਕਾਸ਼ਤ ਸੰਭਵ ਨਹੀਂ ਹੈ ਅਤੇ ਪਾਣੀ ਹਮੇਸ਼ਾ ਖੜ੍ਹਾ ਰਹਿੰਦਾ ਹੈ, ਉੱਥੇ ਸਫੇਦਾ ਪੌਦਾ ਲਗਾਇਆ ਜਾ ਸਕਦਾ ਹੈ ਤਾਂ ਜੋ ਪਾਣੀ ਦਾ ਪੱਧਰ ਸਹੀ ਪੱਧਰ ’ਤੇ ਆ ਸਕੇ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਵੀ ਇੱਕ ਵਿਜ਼ਨ ਹੈ ਕਿ ਫਲੀਆਂ ਪ੍ਰਭਾਵਿਤ ਖੇਤਰਾਂ ਵਿੱਚ ਸੁਧਾਰ ਕੀਤਾ ਜਾਵੇ ਅਤੇ ਮੱਛੀ ਪਾਲਣ ਵਰਗੇ ਕਾਰੋਬਾਰਾਂ ਨੂੰ ਉਤਸ਼ਾਹਿਤ ਕੀਤਾ ਜਾਵੇ, ਇਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵੀ ਕਾਫ਼ੀ ਵਾਧਾ ਹੋਵੇਗਾ।

ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨਾਲ ਆਉਣ ਵਾਲੀਆਂ ਫਸਲਾਂ ਜਿਵੇਂ ਕਿ ਝੋਨਾ, ਕਪਾਹ ਆਦਿ ਲਈ ਖਾਦਾਂ ਦੀਆਂ ਤਿਆਰੀਆਂ ਬਾਰੇ ਗੱਲਬਾਤ ਕੀਤੀ ਅਤੇ ਹਦਾਇਤ ਕੀਤੀ ਕਿ ਕਿਸਾਨਾਂ ਲਈ ਖਾਦਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ, ਇਸ ਲਈ ਆਪਣੇ ਪੱਧਰ ’ਤੇ ਪਹਿਲਾਂ ਤੋਂ ਤਿਆਰੀਆਂ ਕਰੋ।

ਖੇਤੀਬਾੜੀ ਮੰਤਰੀ ਨੇ ਮਿੱਟੀ ਸਿਹਤ ਕਾਰਡ, ਪਰਾਲੀ ਪ੍ਰਬੰਧਨ, ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਸਿਖਲਾਈ ਵਰਗੇ ਕੰਮਾਂ ਦਾ ਵੀ ਜਾਇਜ਼ਾ ਲਿਆ ਅਤੇ ਕਿਹਾ ਕਿ ਦੇਸ਼ ਅਤੇ ਸੂਬੇ ਦੀ ਆਰਥਿਕਤਾ ਖੇਤੀਬਾੜੀ ’ਤੇ ਨਿਰਭਰ ਕਰਦੀ ਹੈ, ਇਸ ਲਈ ਕਿਸਾਨਾਂ ਦੇ ਹਿੱਤ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹਨ।

# ਡੇਂਗੂ ਤੇ ਵਾਰ ਮੁਹਿੰਮ ਅਧੀਨ ਜਿਲ੍ਹਾ ਫਾਜਿਲਕਾ ਵਿੱਚ ਕੀਤੀਆ ਗਈਆਂ ਗਤੀਵਿਧੀਆ



**ਫਾਜ਼ਿਲਕਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਹੁਕਮਾਂ ਅਤੇ ਡਾਕਟਰ ਰਾਜ ਕੁਮਾਰ ਸਿਵਲ ਸਰਜਨ ਫਾਜਿਲਕਾ ਦੀ ਯੋਗ ਅਗਵਾਈ ਵਿੱਚ ਡਾ ਸੁਨੀਤਾ ਕੰਬੋਜ਼ ਜਿਲ੍ਹਾ ਐਡੀਡਮੈਲੋਜਿਸਟ ਦੀ ਦੇਖ ਰੇਖ ਵਿੱਚ ਜਿਲ੍ਹਾ ਫਾਜਿਲਕਾ ਵਿੱਚ 0ਹਰ ਸ਼ੁੱਕਰਵਾਰ, ਡੇਂਗੂ ਤੇ ਵਾਰ0 ਮੁਹਿੰਮ ਅਧੀਨ ਡੇਂਗੂ ਤੋਂ ਬਚਣ ਲਈ ਵੱਖ ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਕੰਬੋਜ਼ ਨੇ ਦੱਸਿਆ ਕਿ ਜਾਗਰੂਕਤਾ ਨਾਲ ਹੀ ਅਸੀਂ ਡੇਂਗੂ ਅਤੇ ਮਲੇਰੀਏ ਤੋਂ ਬਚ ਸਕਦੇ ਹਾਂ। ਉਹਨਾਂ ਕਿਹਾ ਕਿ ਡੇਂਗੂ ਮਾਦਾ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਅੱਗੇ ਫੈਲਦਾ ਹੈ। ਇਹ ਮੱਛਰ ਖੜੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੇ ਅਤੇ ਦਿਨ ਵੇਲੇ ਕੱਟਣ ਦੀ ਜ਼ਿਆਦਾ ਸੰਭਾਵਨਾ ਹੁੰਦੀ ਹੈ। ਇਸ ਦੇ ਮੁੱਖ ਲੱਛਣ ਤੇਜ਼ ਬੁਖਾਰ, ਮਾਸ਼ਪੇਸ਼ੀਆਂ ਵਿੱਚ ਦਰਦ, ਅੱਖਾਂ ਪਿੱਛੇ ਦਰਦ, ਜ਼ਿਆਦਾ ਗੰਭੀਰ ਹਾਲਤ ਵਿੱਚ ਦੰਦਾਂ ਵਿੱਚੋਂ ਖੂਨ ਆਉਣਾ ਹਨ। ਅਜਿਹੇ ਲੱਛਣ ਆਉਣ ਤਾਂ ਆਪਣੇ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਵਿੱਚ ਮਾਹਿਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ। ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਟੈਸਟ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ ਹੈ।

ਉਹਨਾਂ ਦੱਸਿਆ ਕਿ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿਓ ਅਤੇ ਸਾਫ਼ ਸਫ਼ਾਈ ਦਾ ਧਿਆਨ ਰੱਖੋ। ਮੱਛਰਾਂ ਦੇ ਕੱਟਣ ਤੋਂ ਬਚਣ ਲਈ ਮੱਛਰਦਾਨੀ, ਮੱਛਰ ਭਜਾਓ ਕਰੀਮਾਂ, ਜਾਲੀਦਾਰ ਦਰਵਾਜੇ ਅਤੇ ਪੂਰਾ ਸਰੀਰ ਢਕਣ ਵਾਲੇ ਕੱਪੜਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ।

ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਸ਼ੁੱਕਰਵਾਰ ਆਪਣੇ ਘਰ ਵਿੱਚ ਪਏ ਟੁੱਟੇ ਬਰਤਨ, ਕੂਲਰ, ਗਮਲੇ, ਫਰਿਜ਼ ਦੀ ਟ੍ਰੇਅ, ਟਾਇਰ, ਕੁਬਾੜ ਜਾਂ ਪਾਣੀ ਖੜਣ ਵਾਲੇ ਹੋਰ ਸੋਮਿਆਂ ਨੂੰ ਖਾਲੀ ਕਰਕੇ ਸੁਕਾ ਕੇ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾਵੇ।

# ਹਰਜੋਤ ਬੈਂਸ ਵੱਲੋਂ ’ਪਿੰਡਾਂ ਦੇ ਪਹਿਰੇਦਾਰਾਂ’ ਨੂੰ ਨਸ਼ਿਆਂ ਵਿਰੋਧੀ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦਾ ਸੱਦਾ

## ਸਿੱਖਿਆ ਮੰਤਰੀ ਬੈਂਸ, ਡਾ. ਰਵਜੋਤ, ਡਿਪਟੀ ਸਪੀਕਰ ਜੈ ਕ੍ਰਿਸ਼ਨ ਰੌੜੀ ਤੇ ਐੱਮ.ਪੀ. ਡਾ. ਚੱਬੇਵਾਲ ਵੱਲੋਂ ਵੀ.ਡੀ.ਸੀ. ਮੈਂਬਰਾਂ ਨੂੰ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕੀਤਾ ਪ੍ਰੇਰਿਤ

**ਚੰਡੀਗੜ੍ਹ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਪੰਜਾਬੀਆਂ ਨੂੰ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ‘ਯੁੱਧ ਨਸ਼ਿਆ ਵਿਰੁੱਧ’ ਮੁਹਿੰਮ ਵਿੱਚ ਯੋਧੇ ਬਣਨ ਦਾ ਸੱਦਾ ਦਿੱਤਾ।




ਹੁਸ਼ਿਆਰਪੁਰ ਵਿਖੇ ਵਿਲੇਜ ਡਿਫੈਂਸ ਕਮੇਟੀਜ਼ (ਪਿੰਡਾਂ ਦੇ ਪਹਿਰੇਦਾਰ) ਦੇ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੀ ਅਲਾਮਤ ਦਾ ਖ਼ਾਤਮਾ ਕਰਨਾ ਸਮੇਂ ਦੀ ਮੰਗ ਹੈ ਅਤੇ ਇਸ ਤਰ੍ਹਾਂ ਸਾਡੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਵਰਤਿਆ ਜਾ ਸਕਦਾ ਹੈ। ਉਨ੍ਹਾਂ ਇਸ ਸਮਾਜਿਕ ਖ਼ਤਰੇ ਨੂੰ ਦੂਰ ਕਰਨ ਲਈ ਜਨਤਕ ਸ਼ਮੂਲੀਅਤ ਦੀ ਲੋੜ ’ਤੇ ਜ਼ੋਰ ਦਿੱਤਾ।

ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਅਗਲਾ ਟੀਚਾ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦਾ ਸੁਨੇਹਾ ਸੂਬੇ ਭਰ ਦੇ ਹਰ ਘਰ ਤੱਕ ਪਹੁੰਚਾਉਣਾ ਹੈ ਤਾਂ ਜੋ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਾਰਿਆਂ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਸ ਲਾਹਨਤ ਤੋਂ ਛੁਟਕਾਰਾ ਪਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਪੁਲਿਸ ਨੂੰ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਖੁੱਲ੍ਹ ਦੇ ਦਿੱਤੀ ਹੈ।

ਸ. ਬੈਂਸ ਨੇ ਪੰਜਾਬ ਦੇ ਪਾਣੀਆਂ ਦੇ ਮੁੱਦੇ ’ਤੇ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਬੀ.ਬੀ.ਐਮ.ਬੀ. ਦਾ ਫੈਸਲਾ ਪੂਰੀ ਤਰ੍ਹਾਂ ਗੈਰ-ਵਾਜ਼ਬ ਹੈ ਅਤੇ ਇਹ ਸੂਬੇ ਦੇ ਜਲ ਸਰੋਤਾਂ ਦੀ ਯੋਜਨਾਬੱਧ ਲੁੱਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ, ਜਿਸਦਾ ਆਧਾਰ ਪਾਣੀ ਹੈ। ਉਨ੍ਹਾਂ ਕਿਹਾ ਕਿ ਇਹ ਹੈਰਾਨੀ ਦੀ ਗੱਲ ਹੈ ਕਿ ਪੰਜਾਬ ਦੇ ਕਿਸਾਨ ਪਹਿਲਾਂ ਹੀ ਵੱਖ-ਵੱਖ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ ਜਦੋਂ ਕਿ ਬੀ.ਬੀ.ਐਮ.ਬੀ. ਦੇ ਗੈਰ-ਵਾਜ਼ਬ ਫੈਸਲੇ ਨੇ ਸੂਬੇ ਨੂੰ ਨਵੇਂ ਸੰਕਟ ਵਿੱਚ ਪਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਯੋਗ ਅਗਵਾਈ ਹੇਠ ਸੂਬੇ ਭਰ ਵਿੱਚ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਕਾਇਆ ਕਲਪ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਇਸ ਦੌਰਾਨ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਲੜ ਰਹੀ ਹੈ ਜਿਸਨੂੰ ਤਰਕਪੂਰਨ ਅੰਤ ਤੱਕ ਲਿਜਾਇਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਜਨਤਕ ਹਿੱਤ ਲਈ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ।

ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਠੋਸ ਅਤੇ ਵਿਆਪਕ ਮੁਹਿੰਮ ਸ਼ੁਰੂ ਕੀਤੀ ਹੈ ਜਿਸ ਦੇ ਪ੍ਰਭਾਵਸ਼ਾਲੀ ਨਤੀਜੇ ਮਿਲ ਰਹੇ ਹਨ ਅਤੇ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਨਸ਼ਿਆਂ ਤੋਂ ਮੁਕਤ ਹੋ ਜਾਵੇਗਾ। ਇਸ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਚੁੱਕੇ ਜਾ ਰਹੇ ਕਦਮਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ, ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਵੀ ਹਾਜ਼ਰ ਸਨ।

# ਐਸਕੋਰਟ ਫੈਕਟਰੀ ਬਹਾਦਰਗੜ੍ਹ (ਟੈਨਕੋ ਪਟਿਆਲਾ ਵਿਖੇ ਮਨਾਇਆ ਮਈ ਦਿਹਾੜਾ




**ਪਟਿਆਲਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐਸਕੋਰਟ ਫੈਕਟਰੀ ਬਹਾਦਰਗੜ੍ਹ (ਟੈਨਕੋ )ਪਟਿਆਲਾ ਇੰਮਪਲਾਈਜ ਯੂਨੀਅਨ ਵੱਲੋਂ ਮਈ ਦਾ ਦਿਹਾੜਾ ਮਨਾਇਆ ਗਿਆ ਐਸਕੋਰਟਸ ਗੋਇਟਜੇ ਇਮਪਲਾਈਜ ਯੂਨੀਅਨ ਬਹਾਦਰਗੜ੍ਹ ਫੈਕਟਰੀ ਦੇ ਮੇਨ ਗੇਟ ਉੱਤੇ ਯੂਨੀਅਨ ਦੇ ਪ੍ਰਧਾਨ ਸਰਦਾਰ ਮਸਤਾਨ ਸਿੰਘ ਵਿਰਕ ਅਤੇ ਸਮੁੱਚੀ ਲੀਡਰਸ਼ਿਪ ਨੇ ਯੂਨੀਅਨ ਦਾ ਝੰਡਾ ਚੜਾ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ ਇਸ ਉਪਰੰਤ ਯੂਨੀਅਨ ਵੱਲੋਂ ਇਕ ਗੇਟ ਮੀਟਿੰਗ ਕੀਤੀ ਗਈ ਜਿਸ ਵਿੱਚ ਪ੍ਰਧਾਨ ਮਸਤਾਨ ਸਿੰਘ ਅਤੇ ਸਮੁੱਚੀ ਲੀਡਰਸ਼ਿਪ ਨੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਮੀਟਿੰਗ ਤੋਂ ਬਾਅਦ ਸਾਰੇ ਮੁਲਾਜ਼ਮਾਂ ਨੂੰ ਲੱਡੂ ਵੰਡੇ ਗਏ।

# ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ, ਜਿਨ੍ਹਾਂ ਨੇ ਨਸ਼ਾ ਤਸਕਰੀ ਰੋਕਣ ਅਤੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ : ਵਿੱਤ ਮੰਤਰੀ ਹਰਪਾਲ ਸਿੰਘ ਚੀਮਾ

## ਸਰਕਾਰ ਨਸ਼ਿਆਂ ਖਿਲਾਫ ਫੈਸਲਾਕੁੰਨ ਜੰਗ ਲੜ੍ਹ ਰਹੀ, ਜਦਕਿ ਕੇਂਦਰ ਸਰਕਾਰ ਪੰਜਾਬ ਦੇ ਪਾਣੀ ਲੁੱਟ ਕੇ ਹੋਰ ਇੱਕ ਜੰਗ ਥੋਪ ਰਹੀ ਹੈ : ਬਰਿੰਦਰ ਗੋਇਲ

**ਚੰਡੀਗੜ੍ਹ/ਸੰਗਰੂਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਅਤੇ ਯੁੱਧ ਨਸ਼ਿਆਂ ਵਿਰੁੱਧ ਕੈਬਿਨਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਸੰਗਰੂਰ ਵਿਖੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਨਕ ਪੈਲੇਸ ਵਿੱਚ ਕਰਵਾਈ ਗਈ ਵਿਲੇਜ਼ ਡਿਫੈਂਸ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ ਹਨ ਜਿਨ੍ਹਾਂ ਨੇ ਨਸ਼ਾ ਤਸਕਰੀ ਰੋਕਣ ਅਤੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਰਾਜ ਨਸ਼ਿਆਂ ਖਿਲਾਫ ਜੰਗ ਲੜ੍ਹ ਰਿਹਾ ਹੈ ਅਤੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਉਨ੍ਹਾਂ ਨੇ ਨਸ਼ਾ ਵੇਚਣਾ ਨਾ ਛੱਡਿਆ ਤਾਂ ਉਨ੍ਹਾਂ ਨੂੰ ਪੰਜਾਬ ਛੱਡਣਾ ਪਏਗਾ।




ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਦੇ ਪੈਸੇ ਨਾਲ ਬਣੇ ਮਕਾਨਾਂ ਨੂੰ ਤੋੜਨ ਦੇ ਨਾਲ ਨਾਲ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਯਕੀਨੀ ਬਣਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ ਜੇਕਰ ਇਕੱਲੇ ਜ਼ਿਲ੍ਹਾ ਸੰਗਰੂਰ ਦੀ ਹੀ ਗੱਲ ਕਰੀ ਜਾਵੇ ਤਾਂ ਹੁਣ ਤੱਕ ਐਨ ਡੀ ਪੀ ਐਸ ਤਹਿਤ 240 ਕੇਸ ਦਰਜ ਹੋਏ ਹਨ ਅਤੇ 332 ਗ੍ਰਿਫਤਾਰੀਆਂ ਹੋਈਆਂ ਹਨ, ਇਨ੍ਹਾਂ ਤੋਂ ਇਲਾਵਾ ਲਗਭਗ 9.20 ਲੱਖ ਰੁਪਏ ਦੀ ਨਕਦੀ ਵੀ ਬਰਾਮਦ ਹੋਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਕਾਰਵਾਈ ਦੇ ਨਾਲ-ਨਾਲ ਸਰਕਾਰ ਨੇ ਪਿੰਡ ਪੱਧਰ ਤੇ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀ) ਅਤੇ ਸ਼ਹਿਰੀ ਪੱਧਰ ਤੇ ਵਾਰਡ ਡਿਫੈਂਸ ਕਮੇਟੀਆਂ (ਡਬਲਯੂ.ਡੀ.ਸੀ) ਬਣਾਈਆਂ ਹਨ ਜੋ ਨਸ਼ਿਆਂ ਦੇ ਖ਼ਿਲਾਫ ਲੜਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਕਿਹਾ ਕਿ ਕਮੇਟੀਆਂ ਦੇ ਮੈਂਬਰ ਆਪਣੇ-ਆਪਣੇ ਖੇਤਰਾਂ ਵਿੱਚ ਸਖਤ ਨਿਗਰਾਨੀ ਰੱਖਣਗੇ ਅਤੇ ਕਿਸੇ ਵੀ ਨਸ਼ੇ ਨਾਲ ਜੁੜੀ ਜਾਣਕਾਰੀ ਤੁਰੰਤ ਪੁਲਿਸ ਜਾਂ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਦੇਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਮੈਂਬਰ ਨਸ਼ਾ ਆਦੀ ਵਿਅਕਤੀਆਂ ਨੂੰ ਨਸ਼ਾ ਮੁਕਤੀ ਕੇਂਦਰਾਂ ਵਿੱਚ ਇਲਾਜ ਲਈ ਭੇਜਣ ਅਤੇ ਉਨ੍ਹਾਂ ਨੂੰ ਮੁੱਖ ਧਾਰਾ ਸਮਾਜ ਨਾਲ ਜੋੜਨ ਵਿੱਚ ਵੀ ਮਦਦ ਕਰਨਗੇ।

ਇਸ ਦੌਰਾਨ, ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਵੀ ਵੀ.ਡੀ.ਸੀ ਅਤੇ ਡਬਲਯੂ.ਡੀ.ਸੀ ਮੈਂਬਰਾਂ ਨੂੰ ਪੰਜਾਬ ਸਰਕਾਰ ਦੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਸ਼ਾ ਤਸਕਰੀ ਨੂੰ ਪੰਜਾਬ ਤੋਂ ਖਤਮ ਕਰਨ ਲਈ ਦਿਨ ਰਾਤ ਕੰਮ ਕਰ ਰਹੀ ਹੈ ਅਤੇ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਸਰਹੱਦਾਂ ’ਤੇ ਡਰੋਨ ਰਾਹੀਂ ਆਉਣ ਵਾਲੀਆਂ ਨਸ਼ਿਆਂ ਦੀਆਂ ਖੇਪਾਂ ਨੂੰ ਲੈਣ ਲਈ ਕੋਈ ਵੀ ਨਹੀਂ ਬਚਿਆ ਕਿਉਂਕਿ ਨਸ਼ਾ ਤਸਕਰ ਆਪਣੇ ਘਰਾਂ ’ਤੇ ਤਾਲੇ ਲਾ ਕੇ ਹੋਰ ਰਾਜਾਂ ਵੱਲ ਭੱਜ ਗਏ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਅਜੇ ਤੱਕ ਲਗਭਗ 60 ਅਜਿਹੇ ਘਰ ਢਾਹੇ ਜਾ ਚੁੱਕੇ ਹਨ ਜੋ ਨਸ਼ਿਆਂ ਦੇ ਪੈਸੇ ਨਾਲ ਬਣਾਏ ਗਏ ਸਨ।

ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਲੜ ਰਹੀ ਹੈ ਅਤੇ ਹੁਣ ਕੇਂਦਰ ਨੇ ਪੰਜਾਬ ਉੱਤੇ ਹੋਰ ਇੱਕ ਜੰਗ ਥੋਪ ਦਿੱਤੀ ਹੈ, ਜਿਸ ਰਾਹੀਂ ਪੰਜਾਬ ਦੇ ਪਾਣੀਆਂ ਦੀ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ ਵੱਲੋਂ ਹਰਿਆਣਾ ਨੂੰ ਵਾਧੂ ਪਾਣੀ ਦੇਣ ਦਾ ਫੈਸਲਾ ਪੂਰੀ ਤਰ੍ਹਾਂ ਗੈਰਕਾਨੂੰਨੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਪਹਿਲਾਂ ਹੀ ਭੂ-ਜਲ ਪੱਧਰ ਦੇ ਮਾਮਲੇ ਵਿੱਚ ਦਬਾਅ ਹੇਠ ਹੈ ਅਤੇ ਜਦੋਂ ਮੌਜੂਦਾ ਸਰਕਾਰ ਨੇ ਖੇਤਾਂ ਨੂੰ ਸਿੰਚਾਈ ਲਈ ਨਹਿਰਾਂ ਰਾਹੀਂ ਪਾਣੀ ਦੇਣ ਦੀ ਪਹਿਲ ਕੀਤੀ ਹੈ, ਤਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਇਸ ਨਹਿਰੀ ਪਾਣੀ ਦੀ ਖੁੱਲ੍ਹੀ ਲੁੱਟ ਕਰਨਾ ਚਾਹੁੰਦੀਆਂ ਹਨ।

ਇਸ ਮੌਕੇ ’ਤੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੀ ਅਗਵਾਈ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਨਸ਼ੇ ਦੀ ਸਮੱਸਿਆ ਨੂੰ ਸੰਸਦ ਵਿੱਚ ਵੀ ਉਠਾਇਆ ਗਿਆ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਲਿਖਿਆ ਹੈ ਕਿ ਡਰੋਨਾਂ ਦੀ ਰਜਿਸਟਰੇਸ਼ਨ ਹੋਣੀ ਚਾਹੀਦੀ ਹੈ ਅਤੇ ਸਰਹੱਦ ’ਤੇ ਉੱਚ ਤਕਨੀਕੀ ਉਪਕਰਨ ਲਗਾਏ ਜਾਣ ਕਿ ਜਿਨ੍ਹਾਂ ਰਾਹੀਂ ਡਰੋਨਾਂ ਰਾਹੀਂ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਦੀ ਤਸਕਰੀ ਰੋਕਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਪਰ ਮਾਨ ਸਰਕਾਰ ਇਸ ਨੂੰ ਜੜ ਤੋਂ ਖਤਮ ਕਰਨ ਲਈ ਪੱਕੇ ਅਤੇ ਠੋਸ ਕਦਮ ਚੁੱਕ ਰਹੀ ਹੈ।

ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਇਹ ਲੋਕਾਂ, ਪ੍ਰਸ਼ਾਸਨ, ਪੁਲਿਸ ਅਤੇ ਸਰਕਾਰ ਦੀ ਸਮੂਹਿਕ ਜ਼ਿੰਮੇਵਾਰੀ ਹੈ ਅਤੇ ਸਾਰੇ 3 ਕਰੋੜ ਪੰਜਾਬੀਆਂ ਨੂੰ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮਾਨ ਸਰਕਾਰ ਦੇ ਨਾਲ ਖੜ੍ਹੇ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੀ ਡੀ ਸੀ ਮੈਂਬਰਾਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਉਹ ਨਸ਼ਿਆਂ ਦੀ ਤਸਕਰੀ ਨੂੰ ਰੋਕਣਗੇ ਅਤੇ ਨਸ਼ੇ ਦੀ ਲਤ ਤੋਂ ਪੀੜਤ ਮਰੀਜ਼ਾਂ ਦਾ ਮੁੜ ਵਸੇਬਾ ਵੀ ਕਰਨਗੇ।

ਪ੍ਰੋਗਰਾਮ ਦੌਰਾਨ ਐਸਐਸਪੀ ਸਰਤਾਜ ਸਿੰਘ ਚਾਹਲ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਿਤ ਬੈਂਬੀ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਨਸ਼ਿਆਂ ਦੇ ਪ੍ਰਕੋਪ ਨੂੰ ਰੋਕਣ ਲਈ ਕੀਤੇ ਜਾ ਰਹੇ ਯਤਨਾਂ ’ਤੇ ਵੀ ਚਾਨਣਾ ਪਾਇਆ। ਉਨ੍ਹਾਂ ਵੀ ਡੀ ਸੀ ਮੈਂਬਰਾਂ ਨੂੰ ਉਨ੍ਹਾਂ ਦੇ ਆਪਣੇ ਖੇਤਰਾਂ ਤੋਂ ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਲਈ ਹਰ ਸੰਭਵ ਮਦਦ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਤੇ ਚੇਅਰਮੈਨ ਗੁਰਮੈਲ ਸਿੰਘ ਘਰਾਚੋਂ, ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ੋਨ ਕੋਆਰਡੀਨੇਟਰ ਜਗਦੀਪ ਜੱਗਾ, ਏ.ਡੀ.ਸੀ. (ਡੀ) ਸੁਖਚੈਨ ਸਿੰਘ ਪਾਪੜਾ, ਐਸ.ਪੀ. ਨਵਰੀਤ ਸਿੰਘ ਵਿਰਕ, ਐਸ.ਪੀ. ਦਿਲਪਰੀਤ ਸਿੰਘ, ਐਸ.ਡੀ.ਐਮ. ਚਰਨਜੋਤ ਸਿੰਘ ਵਾਲੀਆ, ਐਸ.ਡੀ.ਐਮ. ਰਿਸ਼ਵ ਗਰਗ, ਜਸਵੀਰ ਸਿੰਘ ਜੱਸੀ ਸੇਖੋਂ ਸਮੇਤ ਹੋਰ ਪ੍ਰਮੁੱਖ ਵਿਅਕਤੀ ਵੀ ਮੌਜੂਦ ਸਨ।

# 16 ਮਈ ਤੱਕ ਲਗਾਏ ਜਾ ਰਹੇ ਪਲੇਸਮੈਂਟ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਨੌਜਵਾਨ : ਜ਼ਿਲ੍ਹਾ ਰੋਜ਼ਗਾਰ ਅਫਸਰ

**ਹੁਸ਼ਿਆਰਪੁਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ/ਮਾਡਲ ਕਰੀਅਰ ਸੈਂਟਰ, ਹੁਸ਼ਿਆਰਪੁਰ ਵੱਲੋਂ ਐਸ.ਆਈ.ਐਸ. ਸਕਿਉਰਟੀ ਵਿੱਚ ਭਰਤੀ ਲਈ 05 ਤੋਂ 16 ਮਈ 2025 ਤੱਕ ਜ਼ਿਲ੍ਹੇ ਦੇ ਬਲਾਕ ਪੱਧਰ ’ਤੇ ਪਲੇਸਮੈਂਟ ਕੈਂਪ ਲਗਾਏ ਜਾ ਰਹੇ ਹਨ। ਇਹ ਪਲੇਸਮੈਂਟ ਕੈਂਪ 06 ਮਈ ਨੂੰ ਬੀ.ਡੀ.ਪੀ.ਓ. ਦਫਤਰ ਗੜ੍ਹਸੰਕਰ, 06 ਮਈ ਨੂੰ ਬੀ.ਡੀ.ਪੀ.ਓ. ਦਫਤਰ ਮਾਹਿਲਪੁਰ, 07 ਮਈ ਨੂੰ ਬੀ.ਡੀ.ਪੀ.ਓ. ਦਫਤਰ ਹੁਸਿਆਰਪੁਰ-2, 08 ਮਈ ਨੂੰ ਬੀ.ਡੀ.ਪੀ.ਓ. ਦਫਤਰ ਹੁਸਿਆਰਪੁਰ-1, 09 ਮਈ ਨੂੰ ਬੀ.ਡੀ.ਪੀ.ਓ. ਦਫਤਰ ਭੂੰਗਾ, 12 ਮਈ ਨੂੰ ਬੀ.ਡੀ.ਪੀ.ਓ. ਦਫਤਰ ਦਸੂਹਾ, 16 ਮਈ ਨੂੰ ਬੀ.ਡੀ.ਪੀ.ਓ. ਦਫਤਰ ਮੁਕੇਰੀਆਂ, 14 ਮਈ ਨੂੰ ਬੀ.ਡੀ.ਪੀ.ਓ. ਦਫਤਰ ਹਾਜ਼ੀਪੁਰ, 16 ਮਈ ਨੂੰ ਬੀ.ਡੀ.ਪੀ.ਓ. ਦਫਤਰ ਤਲਵਾੜਾ ਅਤੇ 16 ਮਈ ਨੂੰ ਬੀ.ਡੀ.ਪੀ.ਓ. ਦਫਤਰ ਟਾਂਡਾ ਵਿਖੇ ਸਵੇਰੇ 10:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਲਗਾਏ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਰੋਜਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਪਲੇਸਮੈਂਟਾਂ ਦੀ ਕੜ੍ਹੀ ਵਿੱਚੋਂ ਬੀ.ਡੀ.ਪੀ.ਓ. ਦਫਤਰ ਗੜ੍ਹਸੰਕਰ ਵਿਖੇ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਵਿੱਚ ਐਸ.ਆਈ.ਐਸ. ਸਕਿਉਰਟੀ ਵਲੋਂ ਕੇਵਲ ਲੜਕਿਆਂ (ਲੜਕੇ) ਦੀ ਸਕਿਊਰਟੀ ਗਾਰਡ ਦੀਆਂ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ, ਜਿਨ੍ਹਾਂ ਨੂੰ ਤਨਖਾਹ 17000-19000 ਰੁਪਏ ਮਿਲਣਯੋਗ ਹੋਵੇਗੀ। ਇਸ ਭਰਤੀ ਲਈ ਵਿਦਿਅਕ ਯੋਗਤਾ ਘੱਟੋ-ਘੱਟ ਦਸਵੀਂ ਪਾਸ, ਉਮਰ 19 ਤੋਂ 40 ਸਾਲ , ਕੱਦ 168 ਸੈਂਟੀਮੀਟਰ (ਲੜਕੇ) ਹੋਣਾ ਲਾਜ਼ਮੀ ਹੈ। ਕੰਪਨੀ ਵਲੋਂ ਤਨਖਾਹ ਤੋਂ ਇਲਾਵਾ ਕਈ ਹੋਰ ਵਾਧੂ ਸਹੂਲਤਾਂ ਜਿਵੇਂ ਕਿ ਪੀ.ਐਫ ਅਤੇ ਈ.ਐਸ.ਆਈ.ਸੀ. ਆਦਿ ਮੁਹੱਈਆਂ ਕਰਵਾਈਆ ਜਾਣਗੀਆ। ਉਨ੍ਹਾਂ ਚਾਹਵਾਨ ਯੋਗ ਪ੍ਰਾਰਥੀਆਂ ਨੂੰ ਅਪੀਲ ਕੀਤੀ ਕਿ ਉਹ 06 ਮਈ ਨੂੰ ਬੀ.ਡੀ.ਪੀ.ਓ. ਦਫਤਰ ਗੜ੍ਹਸੰਕਰ ਵਿਖੇ ਸਵੇਰੇ 10:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਆਪਣਾ ਆਧਾਰ ਕਾਰਡ, ਯੋਗਤਾ ਦੇ ਸਰਟੀਫੀਕੇਟਾਂ ਦੀ ਫੋਟੋ ਕਾਪੀ ਅਤੇ 2 ਪਾਸਪੋਰਟ ਸਾਈਜ਼ ਫੋਟੋ ਸਮੇਤ ਇਸ ਪਲੇਸਮੈਂਟ ਕੈਂਪ ਵਿੱਚ ਸ਼ਾਮਲ ਹੋ ਕੇ ਵੱਧ ਤੋਂ ਵੱਧ ਇਸ ਭਰਤੀ ਦਾ ਲਾਭ ਪ੍ਰਾਪਤ ਕਰਨ।

# ਰਿਪੇਰੀਅਨ ਕਾਨੂੰਨ ਮੁਤਾਬਕ ਪੰਜਾਬ ਦੇ ਦਰਿਆਈ ਪਾਣੀਆਂ ’ਤੇ ਸੂਬੇ ਦਾ ਹੱਕ: ਗਿਆਨੀ ਗੜਗੱਜ

## ਸ੍ਰੀ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਸਰਕਾਰਾਂ ਇਸ ਮਾਮਲੇ ਵਿਚ ਪੰਜਾਬ ਨਾਲ ਧੱਕਾ ਨਾ ਕਰਨ; ਫਿਲਮਾਂ ਵਿੱਚ ਸਿੱਖ ਕਿਰਦਾਰ ਅਤੇ ਸਿੱਖ ਇਤਿਹਾਸ ਦਰਸਾਉਣ ਸਬੰਧੀ ਵਿਦਵਾਨਾਂ ਦੀ ਮੀਟਿੰਗ ਮੌਕੇ ਮੀਡੀਆ ਨਾਲ ਕੀਤੀ ਗੱਲਬਾਤ

**ਅੰਮ੍ਰਿਤਸਰ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਦਰਿਆਈ ਪਾਣੀਆਂ ਸਬੰਧੀ ਚੱਲ ਰਹੇ ਵਿਵਾਦ ਬਾਰੇ ਸ੍ਰੀ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਰਿਪੇਰੀਅਨ ਕਾਨੂੰਨ ਮੁਤਾਬਕ ਪੰਜਾਬ ਦੇ ਦਰਿਆਈ ਪਾਣੀਆਂ ’ਤੇ ਸੂਬੇ ਦਾ ਹੱਕ ਹੈ ਅਤੇ ਇਸ ਮਾਮਲੇ ਵਿੱਚ ਸਰਕਾਰਾਂ ਵੱਲੋਂ ਪੰਜਾਬ ਨਾਲ ਧੱਕਾ ਨਹੀਂ ਕੀਤਾ ਜਾਣਾ ਚਾਹੀਦਾ। ਅੱਜ ਇੱਥੇ ਸ੍ਰੀ ਅਕਾਲ ਤਖ਼ਤ ਵਿਖੇ ਫਿਲਮਾਂ ਵਿੱਚ ਸਿੱਖ ਕਿਰਦਾਰ ਅਤੇ ਸਿੱਖ ਇਤਿਹਾਸ ਨੂੰ ਦਰਸਾਉਣ ਸਬੰਧੀ ਵਿਦਵਾਨਾਂ ਦੀ ਰੱਖੀ ਗਈ ਮੀਟਿੰਗ ਤੋਂ ਪਹਿਲਾਂ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ ਦਾ ਮੁੱਦਾ ਪੀਣ ਵਾਲੇ ਪਾਣੀ ਦਾ ਮਾਮਲਾ ਨਹੀਂ ਹੈ। ਜੇ ਪੀਣ ਵਾਲੇ ਪਾਣੀ ਦਾ ਮਾਮਲਾ ਹੈ ਤਾਂ ਪਹਿਲਾਂ ਹੀ ਵਾਧੂ ਪਾਣੀ ਜਾ ਰਿਹਾ ਹੈ ਜੋ ਕਿ ਦੇਸ਼ ਦੀ ਲੋੜ ਨੂੰ ਪੂਰਾ ਕਰ ਸਕਦਾ।

ਉਨ੍ਹਾਂ ਕਿਹਾ ਕਿ ਅਜਿਹਾ ਨਹੀਂ ਹੋਣਾ ਚਾਹੀਦਾ ਕਿ ਪੰਜਾਬ ਕੋਲੋਂ ਪਾਣੀ ਲੈ ਕੇ ਪੰਜਾਬ ਨੂੰ ਬੰਜਰ ਕਰ ਦਿੱਤਾ ਜਾਵੇ ਅਤੇ ਪੰਜਾਬ ਦੇ ਲੋਕਾਂ ਨੂੰ ਪ੍ਰਭਾਵਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਮਾਮਲਾ ਰਿਪੇਰੀਅਨ ਕਾਨੂੰਨ ਦੇ ਮੁਤਾਬਿਕ ਹੱਲ ਹੋਣਾ ਚਾਹੀਦਾ ਹੈ ਅਤੇ ਰਿਪੇਰੀਅਨ ਕਾਨੂੰਨ ਕਹਿੰਦਾ ਹੈ ਕਿ ਜਿਸ ਸੂਬੇ ਵਿੱਚ ਦਰਿਆ ਵਗਦੇ ਹਨ ਪਾਣੀ ’ਤੇ ਹੱਕ ਉਸੇ ਸੂਬੇ ਦਾ ਹੈ ਕਿਉਂਕਿ ਜਦੋਂ ਹੜ੍ਹ ਆਉਂਦੇ ਹਨ ਤਾਂ ਉਸ ਵੇਲੇ ਵੀ ਪੰਜਾਬ ਹੀ ਪ੍ਰਭਾਵਿਤ ਹੁੰਦਾ ਹੈ।

ਕੁਝ ਲੋਕਾਂ ਵੱਲੋਂ ਇਸ ਨੂੰ ਧਰਮ ਨਾਲ ਜੋੜੇ ਜਾਣ ’ਤੇ ਉਨ੍ਹਾਂ ਕਿਹਾ ਕਿ ਇਹ ਧਰਮ ਦਾ ਮਸਲਾ ਨਹੀਂ ਹੈ ਸਗੋਂ ਪੰਜਾਬ ਵਿੱਚ ਸਾਰੇ ਧਰਮਾਂ ਦੇ ਲੋਕ ਰਹਿੰਦੇ ਹਨ। ਜੇ ਪੰਜਾਬ ਬੰਜਰ ਹੁੰਦਾ ਹੈ ਤਾਂ ਸਾਰੇ ਧਰਮਾਂ ਦੇ ਲੋਕ ਹੀ ਪ੍ਰਭਾਵਿਤ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਦੁਹਾਈ ਦੇ ਰਿਹਾ ਹੈ ਕਿ ਸੂਬੇ ਕੋਲ ਵਾਧੂ ਪਾਣੀ ਨਹੀਂ ਹੈ। ਇਸ ਲਈ ਪੰਜਾਬ ਨਾਲ ਧੱਕਾ ਨਾ ਕੀਤਾ ਜਾਵੇ। ਸਰਹੱਦ ’ਤੇ ਬਣੇ ਤਣਾਅ ਵਾਲੇ ਮਾਹੌਲ ਸਬੰਧੀ ਬੋਲਦਿਆਂ ਉਨ੍ਹਾਂ ਕਿਹਾ ਕਿ ਜੰਗ ਕਦੇ ਵੀ ਕਿਸੇ ਮਸਲੇ ਦਾ ਹੱਲ ਨਹੀਂ ਹੁੰਦੀ। ਜੰਗ ਨਾਲ ਮਨੁੱਖਤਾ, ਇਨਸਾਨੀਅਤ ਅਤੇ ਖਿਤੇ ਦੇ ਜੀਵ ਜੰਤੂ ਸਭ ਨੂੰ ਨੁਕਸਾਨ ਹੁੰਦਾ ਹੈ। ਇਸ ਲਈ ਮਸਲਿਆਂ ਦਾ ਹੱਲ ਸੰਵਾਦ ਰਾਹੀਂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਸਰਹੱਦ ’ਤੇ ਬਣੀ ਸਥਿਤੀ ਅਜਿਹੀ ਹੈ ਕਿ ਮਾਵਾਂ ਬੱਚਿਆਂ ਤੋਂ ਵਿਛੜ ਰਹੀਆਂ ਹਨ ਅਤੇ ਬੱਚੇ ਮਾਵਾਂ ਤੋਂ ਵਿਛੜ ਰਹੇ ਹਨ। ਉਨ੍ਹਾਂ ਕਿਹਾ ਕਿ ਬੱਚੇ ਨੂੰ ਕੀ ਪਤਾ ਜੰਗ ਕੀ ਹੁੰਦੀ ਹੈ, ਬੱਚੇ ਨੂੰ ਤਾਂ ਸਿਰਫ ਮਾਂ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਲਾਜ ਕਰਵਾਉਣਾ ਆਏ ਲੋਕ ਵੀ ਇਲਾਜ ਅਧੂਰਾ ਛੱਡ ਕੇ ਵਾਪਸ ਪਰਤਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਇਸ ਬਾਰੇ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਹੱਦ ’ਤੇ ਆ-ਜਾ ਰਹੇ ਲੋਕਾਂ ਨੂੰ ਜੇ ਲੰਗਰ ਅਤੇ ਰਿਹਾਇਸ਼ ਜਾਂ ਹੋਰ ਕੋਈ ਲੋੜ ਹੋਵੇਗੀ ਤਾਂ ਸ਼੍ਰੋਮਣੀ ਕਮੇਟੀ ਇਸ ਲੋੜ ਨੂੰ ਪੂਰਾ ਕਰੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਵੱਲੋਂ ਲੰਗਰ ਆਦਿ ਭੇਜਿਆ ਜਾ ਰਿਹਾ ਹੈ। ਫਿਲਮਾਂ ਦੇ ਮਾਮਲਿਆਂ ਸਬੰਧੀ ਸੱਦੀ ਮੀਟਿੰਗ ਬਾਰੇ ਉਨ੍ਹਾਂ ਕਿਹਾ ਕਿ ਅੱਜ ਸਿਰਫ ਵੱਖ-ਵੱਖ ਜਥੇਬੰਦੀਆਂ, ਸੰਪਰਦਾਵਾਂ ਅਤੇ ਵਿਦਵਾਨਾਂ ਕੋਲੋਂ ਇਸ ਸਬੰਧੀ ਰਾਇ ਲਈ ਜਾਵੇਗੀ। ਇਸ ਤੋਂ ਬਾਅਦ ਇਸ ਬਾਰੇ ਹੋਰ ਮੀਟਿੰਗ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਵੀ ਪਹਿਲਾਂ ਕਈ ਮਤੇ ਪਾਸ ਕਰ ਚੁੱਕੀ ਹੈ, ਜਿਸ ਨਾਲ ਉਹ ਸਹਿਮਤ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ, ਗੁਰੂ ਸਾਹਿਬ ਦੇ ਪਰਿਵਾਰ ਅਤੇ ਗੁਰੂ ਕਾਲ ਦੇ ਸ਼ਹੀਦਾਂ ਨੂੰ ਪਾਤਰਾਂ ਰਾਹੀਂ ਨਹੀਂ ਦਿਖਾਇਆ ਜਾਣਾ ਚਾਹੀਦਾ।



# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਨਤਮਸਤਕ ਹੋਏ ਡੀਆਈਜੀ ਰੇਂਜ ਹਰਚਰਨ ਸਿੰਘ ਭੁੱਲਰ



**ਪਟਿਆਲਾ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਆਈਪੀਐਸ ਡੀਆਈਜੀ ਰੂਪਨਗਰ ਰੇਂਜ ਨੇ ਪਟਿਆਲਾ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਡੀ ਆਈ ਜੀ ਵਜੋਂ ਐਡੀਸ਼ਨਲ ਚਾਰਜ ਲੈਣ ਉਪਰੰਤ ਗੁਰੂ ਘਰ ਨਤਮਸਤਕ ਹੋਏ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਚੌਹਾਨ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਆਤਮ ਪ੍ਰਕਾਸ਼ ਸਿੰਘ ਬੇਦੀ ਨੇ ਉਨ੍ਹਾਂ ਨੂੰ ਜੀ ਆਇਆ ਆਖਿਆ ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਂਟ ਕੀਤੇ। ਇਸ ਮੌਕੇ ਗਗਨਜੀਤ ਸਿੰਘ ਪੂੰਨੀਆ, ਮਨਜੀਤ ਸਿੰਘ ਪਵਾਰ ਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਸਟਾਫ ਦੇ ਮੈਂਬਰ ਆਦਿ ਸ਼ਾਮਲ ਸਨ।

# ਮਾਂ ਵਰਗਾ ਘਣਛਾਵਾਂ ਬੂਟਾ





ਗੁਰਦੇਵ ਸਿੰਘ ਨਾਰਲੀ
98146-58915

ਕਿਸੇ ਨੇ ਠੀਕ ਹੀ ਕਿਹਾ ਹੈ ਕਿ ਮਾਂ ਦਾ ਰਿਸ਼ਤਾ ਸਭ ਰਿਸ਼ਤਿਆਂ ਨਾਲੋਂ ਉੱਤਮ, ਪਵਿੱਤਰ ਤੇ ਰੱਬ ਦੀ ਨੇੜਤਾ ਦਾ ਸਬੂਤ ਹੁੰਦਾ ਹੈ। ਸੰਖੇਪ ਭਾਵ ਅਰਥ ਇਹ ਹੈ ਕਿ ਰੱਬ ਦਾ ਦੂਜਾ ਨਾਂ ਹੀ ਮਾਂ ਹੈ। ਆਪਣੀ ਔਲਾਦ ਨੂੰ ਦੁਨੀਆ ਵਿਖਾਉਣ ਵਾਲੀ ਮਾਂ ਵਰਗੀ ਸ਼ਾਇਦ ਕੋਈ ਦੂਜੀ ਮਿਸਾਲ ਨਹੀ ਹੋ ਸਕਦੀ। ਇਕੋ-ਇਕ ਅਨੋਖਾ ਤੇ ਵਿਲੱਖਣ ਰਿਸ਼ਤਾ ਮਾਂ ਦਾ ਹੀ ਹੁੰਦਾ ਹੈ, ਜਿਹੜਾ ਸਾਰੇ ਕਸ਼ਟ ਅਤੇ ਤਕਲੀਫ਼ਾਂ ਹੰਢਾ ਕੇ ਦੁਨੀਆ ਭਰ ਦੇ ਸੁੱਖ ਆਪਣੀ ਔਲਾਦ ਵਾਸਤੇ ਪੈਦਾ ਕਰਦਾ ਹੀ ਰਹਿੰਦਾ ਹੈ।

### ਮਾਂ ਤੋਂ ਵਿਰਵੇ ਬੱਚੇ

ਮਾਂ ਦਾ ਦੇਣ ਤਾਂ ਔਲਾਦ ਸਾਰੀ ਉਮਰ ਨਹੀ ਦੇ ਸਕਦੀ। ਅਸੀਂ ਕਿਤੇ ਥੋੜ੍ਹਾ ਜਿਹਾ ਵੀ ਗਿੱਲੇ ਥਾਂ 'ਤੇ ਲੰਮੇ ਪੈ ਜਾਈਏ ਤਾਂ ਉਸੇ ਵੇਲੇ ਹੀ ਜਗ੍ਹਾ ਬਦਲ ਲੈਂਦੇ ਹਾਂ ਪਰ ਧੰਨ ਹੈ ਮਾਂ, ਜਿਹੜੀ ਆਪਣੀ ਔਲਾਦ ਨੂੰ ਪਾਲਣ-ਪੋਸ਼ਣ ਸਮੇਂ ਸਾਰੀ-ਸਾਰੀ ਰਾਤ ਸੁੱਕੇ ਥਾਂ 'ਤੇ ਪਾ ਕੇ ਆਪ ਬੱਚੇ ਦੇ ਪਿਸ਼ਾਬ ਨਾਲ ਹੋਏ ਗਿੱਲੇ ਥਾਂ 'ਤੇ ਵੀ ਸਕੂਨ ਨਾਲ ਸੌਂਦੀ ਹੈ। ਜਦੋਂਕਿ ਬਹੁਤ ਘੱਟ ਬੱਚੇ ਵੱਡੇ ਹੋ ਕੇ ਇਸ ਗੱਲ ਦਾ ਮੁੱਲ ਪਾਉਂਦੇ ਹਨ। ਕਈ ਬੱਚੇ ਆਪਣੀ ਮਾਂ ਨੂੰ 'ਰੱਬ' ਸਮਝ ਕੇ ਪੂਜਦੇ ਹਨ ਤੇ ਘਰੋਂ ਕਿਤੇ ਵੀ ਕੰਮ 'ਤੇ ਜਾਣ ਤੋਂ ਪਹਿਲਾਂ ਉਸ ਦਾ ਅਸ਼ੀਰਵਾਦ ਲੈਣਾ ਨਹੀ ਭੁੱਲਦੇ ਤੇ ਕਈ ਅਸ਼ੀਰਵਾਦ ਤਾਂ ਬੜੀ ਦੂਰ ਦੀ ਗੱਲ, ਮਾਂ ਨੂੰ ਦੱਸ-ਪੁੱਛ ਕੇ ਵੀ ਨਹੀਂ ਜਾਂਦੇ। ਖ਼ੈਰ, ਸਾਰੇ ਬੱਚੇ ਇੱਕੋ ਜਿਹੇ ਵੀ ਤਾਂ ਨਹੀ ਹੁੰਦੇ। ਕਈ ਤਾਂ ਮੰਦਭਾਗੇ ਅਜਿਹੇ ਵੀ ਹੁੰਦੇ ਹਨ, ਜਿਨ੍ਹਾਂ ਦੀਆਂ ਮਾਵਾਂ ਜਨਮ ਦੇ ਕੇ ਇਸ ਜਹਾਨ ਤੋਂ ਤੁਰ ਜਾਂਦੀਆਂ ਹਨ। ਰੱਬ ਕਰੇ ਕਿ ਕਿਸੇ ਦੀ ਵੀ ਮਾਂ ਨਾ ਮਰੇ। ਇਹ ਅਹਿਸਾਸ ਇਕ ਮਾਂ ਤੋਂ ਵਿਰਵੇ ਬੱਚੇ ਤੋਂ ਵੱਧ ਕਿਸੇ ਦੂਜੇ ਨੂੰ ਨਹੀ ਹੋ ਸਕਦਾ।

### ਸ਼ਰੀਕ ਤੇ ਰਿਸ਼ਤੇਦਾਰ


ਮਾਂ ਦੇ ਮਰਨ ਤੋਂ ਬਾਅਦ ਕੀ ਹਾਲ ਬੱਚੇ ਦਾ ਹੁੰਦਾ ਹੈ, ਇਹ ਰੱਬ ਜਾਂ ਫਿਰ ਉਸ ਬੱਚੇ ਨੂੰ ਹੀ ਪਤਾ ਹੁੰਦਾ ਹੈ। ਮਾਂ ਤੋਂ ਵਿਰਵੇ ਬੱਚੇ ਦੀ ਜ਼ਿੰਦਗੀ ਤਾਂ ਇੰਨੀ ਬੁਰੀ ਹੋ ਜਾਂਦੀ ਹੈ ਕਿ ਉਹ ਦਰ-ਦਰ ਦੀਆਂ ਠੋਕਰਾਂ ਖਾਂਦਾ ਹੈ ਤੇ ਦੂਜਿਆਂ ਦੇ ਟੁਕੜਿਆਂ 'ਤੇ ਪਲਦਾ ਹੈ। ਹਰ ਰੋਜ ਪਤਾ ਨਹੀ ਕਿੰਨੀਆਂ ਕੁ ਝਿੜਕਾਂ ਤੇ ਗਾਲ੍ਹਾਂ ਦੂਜਿਆਂ ਦੀਆਂ ਸੁਣਦਾ ਹੈ। ਇਸ ਵਿਚ ਕੋਈ ਸ਼ੱਕ ਨਹੀ ਹੈ ਕਿ ਰੱਬ ਦਾ ਦੂਜਾ ਨਾਂ 'ਮਾਂ' ਹੈ ਪਰ ਫਿਰ ਵੀ ਰੱਬ ਮਾਂਵਾ ਨੂੰ ਆਪਣੇ ਕੋਲ ਬੁਲਾ ਕੇ ਬੱਚਿਆਂ ਦਾ ਇੰਨਾਂ ਕਰੜਾ ਇਮਤਿਹਾਨ ਕਿਉਂ ਲੈਂਦਾ ਹੈ, ਇਹ ਤਾਂ ਸ਼ਾਇਦ ਰੱਬ ਹੀ ਜਾਣਦਾ ਹੈ। ਅਜਿਹੇ ਬੱਚਿਆਂ ਨੂੰ ਸ਼ਰੀਕ ਤੇ ਰਿਸ਼ਤੇਦਾਰ ਦੁਸ਼ਟ, ਅਭਾਗਾ ਤੇ ਮਨਹੂਸ ਕਹਿ ਕੇ ਉਨ੍ਹਾਂ ਦਾ ਨਿੱਤ ਮਜ਼ਾਕ ਉਡਾਉਂਦੇ ਹਨ। ਉਸ ਸਮੇਂ ਬੱਚੇ ਦੇ ਦਿਲ 'ਤੇ ਕੀ ਬੀਤਦੀ ਹੋਵੇਗੀ, ਇਸ ਦਾ ਅਹਿਸਾਸ ਤਾਂ ਉਹ ਬੱਚਾ ਹੀ ਕਰ ਸਕਦਾ ਹੈ।

### ਮਾੜਾ ਵਿਵਹਾਰ

ਕਹਿੰਦੇ ਹਨ ਜਿਹੜੇ ਬੱਚਿਆਂ ਦੀਆਂ ਮਾਵਾਂ ਮਰ ਜਾਣ ਉਨ੍ਹਾਂ ਦੇ ਹੱਥਾਂ ਵਿੱਚੋਂ ਤਾਂ ਰੋਟੀਆਂ ਵੀ 'ਕਾਂ' ਖੋਹ ਕੇ ਖਾ ਲੈਂਦੇ ਹਨ ਤਾਂ ਫਿਰ ਸ਼ਰੀਕ ਜਾਂ ਰਿਸ਼ਤੇਦਾਰ ਕਿਵੇਂ ਪਿੱਛੇ ਰਹਿ ਸਕਦੇ ਹਨ। ਬਹੁਤ ਥੋੜ੍ਹੇ ਰਿਸ਼ਤੇਦਾਰ ਅਜਿਹੇ 'ਮਾਂ-ਮਿੱਟਰਾਂ' ਨਾਲ ਚੰਗਾ ਸਲੂਕ ਕਰਨ ਵਾਲੇ ਵੀ ਹੁੰਦੇ ਹਨ। ਉਨ੍ਹਾਂ ਨੂੰ ਤਾਂ ਰੱਬ ਤੇ ਜਹਾਨ ਵੀ ਸ਼ਾਬਾਸ਼ ਤੇ ਅਸੀਸਾਂ ਦਿੰਦਾ ਹੈ ਪਰ ਜਿਹੜੇ ਮਾਵਾਂ ਤੋਂ ਸੱਖਣੇ ਬੱਚਿਆਂ ਨਾਲ ਮਾੜਾ ਵਿਵਹਾਰ ਕਰਦੇ ਹਨ, ਉਹ ਤਾਂ ਫਿਰ ਲੇਖਾ ਅਗਲੇਰੀ ਉਮਰੇ ਤਸੱਲੀ ਨਾਲ ਹੀ ਦੇ ਕੇ ਜਾਂਦੇ ਹਨ।

## ਮਾਵਾਂ ਨਾਲ ਬਦਸਲੂਕੀ

ਰੱਬਾ! ਹਰੇਕ ਬੱਚੇ ਦੀ ਮਾਂ ਸਲਾਮਤ ਰਹੇ ਤੇ ਆਪਣੇ ਬਣਦੇ ਕਾਰਜ ਪੂਰੀ ਤਰ੍ਹਾਂ ਕਰ ਕੇ ਹੀ ਦੁਨੀਆ ਤੋਂ ਜਾਵੇ। ਇਸ 'ਦੂਆ' ਨੂੰ ਤੂੰ ਕਬੂਲ ਜ਼ਰੂਰ ਕਰੀਂ। ਮਾਵਾਂ ਸਿਦਕ ਤੇ ਸ਼ਹਿਣਸ਼ੀਲਤਾ ਦੀ ਮੂਰਤ ਹੁੰਦੀਆਂ ਹਨ। ਬੱਚਿਆਂ ਨੂੰ ਕਦੀ ਵੀ ਆਪਣੀਆਂ ਮਾਂਵਾ ਨਾਲ ਬਦਸਲੂਕੀ ਨਾਲ ਪੇਸ਼ ਨਹੀ ਆਉਣਾ ਚਾਹੀਦਾ, ਸਗੋਂ ਹਰੇਕ ਮਨੁੱਖ ਨੂੰ ਆਪਣੀ ਪਤਨੀ, ਭੈਣ-ਭਾਈ ਅਤੇ ਬਾਕੀ ਰਿਸ਼ਤੇਦਾਰਾਂ ਨੂੰ ਥਾਉਂ-ਥਾਈ ਰੱਖਦਿਆਂ ਹੋਇਆ ਵੱਧ ਤੋਂ ਵੱਧ ਪਿਆਰ ਆਪਣੀ ਮਾਂ ਨੂੰ ਵੀ ਕਰਨਾ ਚਾਹੀਦਾ ਹੈ। ਕਹਿੰਦੇ ਹਨ ਕਿ ਮਾਵਾਂ ਦੇ ਪੈਰਾਂ ਵਿਚ 'ਜੰਨਤ' ਹੁੰਦੀ ਹੈ ਪਰ ਇਸ ਦਾ ਨਿੱਘ ਉਹੀ ਮਾਣ ਸਕਦੇ ਹਨ ਜਿਹੜੇ ਆਪਣੀ ਮਾਂ ਨੂੰ ਦਿਲੋਂ ਸਤਿਕਾਰਦੇ ਹਨ। ਸ਼ਾਇਦ ਤਾਂ ਹੀ ਤਾਂ ਰੱਬ ਦਾ ਦੂਜਾ ਨਾਂ ਮਾਂ ਹੈ। ਇਸ ਲਈ ਮਾਂ ਦਾ ਸਤਿਕਾਰ ਸਿੱਧਾ ਰੱਬ ਦਾ ਹੀ ਸਤਿਕਾਰ ਹੈ।



### ਰੱਬ ਦਾ ਦੂਜਾ ਨਾਂ

ਅਜੋਕਾ ਮਨੁੱਖ 'ਮਾਂ-ਦਿਵਸ' ਵਰਗੇ ਦਿਨ 'ਤੇ ਮੋਬਾਈਲ ਸੰਦੇਸ਼ਾਂ ਰਾਹੀ ਬੜੇ-ਬੜੇ ਵੱਡੇ ਸ਼ੰਦੇਸ਼ ਅੱਗੇ ਤੋਂ ਅੱਗੇ ਭੇਜਦਾ ਹੈ ਪਰ ਕੋਈ ਟਾਵਾਂ ਹੀ ਹੁੰਦਾ ਹੈ ਜਿਹੜਾ ਇਸ 'ਤੇ ਅਮਲ ਵੀ ਕਰਦਾ ਹੈ। ਕਈ ਤਾਂ ਮਾਵਾਂ ਨੂੰ 'ਬਿਰਧ-ਘਰਾਂ' ਦਾ ਰਸਤਾ ਤਕ ਵੀ ਵਿਖਾ ਦਿੰਦੇ ਹਨ, ਸ਼ਾਇਦ ਉਨ੍ਹਾਂ ਨੂੰ ਇਹ ਨਹੀ ਪਤਾ ਹੁੰਦਾ ਕਿ ਸਾਡੀ ਔਲਾਦ ਵੀ ਤਾਂ ਸਾਡੇ ਨਾਲ ਇਸੇ ਤਰ੍ਹਾਂ ਹੀ ਪੇਸ਼ ਆਵੇਗੀ ਕਿਉਂਕਿ ਇਕ ਕਹਾਵਤ ਹੈ ਕਿ 'ਜਿਹਾ ਬੀਜੋਗਾ, ਤਿਹਾ ਵੱਢੋਗੇ।' ਸਾਨੂੰ ਬਹੁਤ ਜ਼ਿਆਦਾ ਸੁਚੇਤ ਹੋਣ ਦੀ ਲੋੜ ਹੈ ਕਿਉਂਕਿ ਰੱਬ ਦਾ ਦੂਜਾ ਨਾਂ ਹੈ ਮਾਂ ਵਾਲੀ ਪੰਗਤੀ ਜੇਕਰ ਕਿਤੇ ਸਾਡੇ ਮਨ ਵਿਚ ਦ੍ਰਿੜ੍ਹ ਹੋ ਜਾਵੇਗੀ ਤਾਂ ਫਿਰ ਅਸੀਂ ਸਦਾ ਹੀ ਮਾਂ ਨੂੰ ਰੱਬ ਵਾਂਗੂ ਸਮਝਾਂਗੇ ਅਤੇ ਕਦੀ ਵੀ ਇਸ ਰੱਬ-ਰੂਪੀ ਮਾਂ ਨੂੰ 'ਬਿਰਧ-ਘਰ' ਨਹੀ ਜਾਣ ਦੇਵਾਂਗੇ।

### ਤੋਹਫ਼ਾ

ਮਾਂ ਤਾਂ ਰੱਬ ਤੋਂ ਪੁੱਤ ਦੇ ਪ੍ਰਾਣ ਤਕ ਵਾਪਸ ਲਿਆ ਸਕਦੀ ਹੈ। ਰੱਬ ਨੇ ਵੀ ਸਾਰੇ ਰਾਖਵੇਂ ਅਧਿਕਾਰ ਮਾਂ ਦੀ ਝੋਲੀ ਵਿਚ ਹੀ ਪਾਏ ਹੋਏ ਹਨ। ਸਾਨੂੰ ਮਾਂ-ਦਿਵਸ 'ਤੇ ਆਪਣੀ ਮਾਂ ਨੂੰ ਬਹੁਤ ਜ਼ਿਆਦਾ ਪਿਆਰ ਕਰਨ ਦਾ ਤੋਹਫ਼ਾ ਦੇਣਾ ਚਾਹੀਦਾ ਹੈ ਕਿਉਂਕਿ ਮਾਂ ਨੂੰ ਦੁਨਿਆਵੀ ਤੋਹਫ਼ਿਆਂ ਨਾਲੋਂ ਮੋਹ ਤੇ ਪਿਆਰ ਰੂਪੀ ਤੋਹਫ਼ਿਆਂ ਦੀ ਜ਼ਿਆਦਾ ਲੋੜ ਹੁੰਦੀ ਹੈ। ਕਿਸੇ ਗਾਇਕ ਨੇ ਵੀ ਤਾਂ ਮਾਂ ਦੀ ਉਪਮਾਂ ਬਾਬਤ ਸ਼ਾਇਦ ਇੰਝ ਕਿਹਾ ਹੈ ਕਿ 'ਮਾਂ ਹੁੰਦੀ ਏ ਮਾਂ ਉਹ ਦੁਨੀਆਂ ਵਾਲਿਉ, ਉਹ ਰੱਬ ਦਾ ਦੂਜਾ ਨਾਂ ਹੈ ਦੁਨੀਆਂ ਵਾਲਿਉ।' ਸੱਚ ਮੁੱਚ ਹੀ ਮਨੁੱਖ ਆਪਣੀ ਮਾਂ ਦਾ ਕਰਜ ਕਦੀ ਨਹੀ ਉਤਾਰ ਸਕਦਾ। ਜੇਕਰ ਕੁਝ ਕਰ ਸਕਦਾ ਹੈ ਤਾਂ ਆਪਣੀ ਮਾਂ ਨੂੰ ਸਦਾ ਹੀ ਖ਼ੁਸ਼ ਰੱਖੇ ਅਤੇ ਹਰ ਕੰਮ ਮਾਂ ਦੇ ਅਸ਼ੀਰਵਾਦ ਨਾਲ ਕਰੇ, ਫਿਰ ਵੇਖਿਉ ਕਿ ਕਿਵੇਂ 'ਬਰਕਤਾਂ' ਤੁਹਾਡੇ ਹਰੇਕ ਕੰਮ ਵਿਚ ਖ਼ੁਦ ਚੱਲ ਕੇ ਆਉਣਗੀਆਂ।

**ਕਈ ਬੱਚੇ ਮਾਂ ਨੂੰ 'ਰੱਬ' ਸਮਝ ਕੇ ਪੂਜਦੇ ਹਨ ਤੇ ਘਰੋਂ ਕਿਤੇ ਵੀ ਜਾਣ ਤੋਂ ਪਹਿਲਾਂ ਉਸ ਦਾ ਅਸ਼ੀਰਵਾਦ ਲੈਣਾ ਨਹੀਂ ਭੁੱਲਦੇ। ਕਈ ਅਸ਼ੀਰਵਾਦ ਤਾਂ ਬੜੀ ਦੂਰ ਦੀ ਗੱਲ ਮਾਂ ਨੂੰ ਦੱਸ-ਪੁੱਛ ਕੇ ਵੀ ਨਹੀਂ ਜਾਂਦੇ। ਖ਼ੈਰ, ਸਾਰੇ ਬੱਚੇ ਇੱਕੋ ਜਿਹੇ ਨਹੀਂ ਹੁੰਦੇ ਪਰ ਜਿਹੜੇ ਮਾਂ ਦੀ ਕਦਰ ਕਰਦੇ ਹਨ ਉਹ ਹਰ ਥਾਂ ਸਫਲ ਹੁੰਦੇ ਹਨ...**

### ਆਦਰਸ਼ ਤੇ ਸੁਚੱਜਾ-ਸਮਾਜ

ਸਾਰੇ ਪੁੱਤਰ ਵੀ 'ਸਰਵਣ ਕੁਮਾਰ' ਵਾਂਗੂ ਆਪਣੇ ਮਾਂ-ਬਾਪ ਦੀ ਸੇਵਾ ਦਾ ਪ੍ਰਣ ਇਸ ਮਾਂ-ਦਿਵਸ 'ਤੇ ਕਰਨ। ਇਸ ਤਰ੍ਹਾਂ ਦੇ ਸੁਚੱਜੇ ਕੰਮ ਸਮਾਜ ਨੂੰ ਇਕ ਆਦਰਸ਼ ਤੇ ਸੁਚੱਜਾ-ਸਮਾਜ ਬਣਾ ਦੇਣਗੇ ਤੇ ਵੈਰ-ਵਿਰੋਧ ਖੰਭ ਲਾ ਕੇ ਉੱਡ ਜਾਣਗੇ। ਆਉ, ਫਿਰ ਸਾਰੇ ਹੀ ਜਣੇ ਇਸ ਪਵਿੱਤਰ ਦਿਹਾੜੇ 'ਤੇ ਰੱਬ-ਰੂਪੀ ਮਾਂ ਦੀਆਂ ਸਾਰੀਆਂ ਹੀ ਅਸੀਸਾਂ ਲਈਏ ਤੇ ਆਪਣੀ ਜ਼ਿੰਦਗੀ ਨੂੰ ਵੀ ਸਵਰਗ ਬਣਾ ਲਈਏ। ਅੰਤ ਵਿਚ ਪੇਸ਼ ਹਨ ਕਿਸੇ ਗੀਤ ਦੀਆਂ ਇਹ ਸਤਰਾਂ :

ਮਾਂ ਵਰਗਾ ਘਣਛਾਵਾਂ ਬੂਟਾ
ਮੈਨੂੰ ਕਿਧਰੇ ਨਜ਼ਰ ਨਾ ਆਵੇ
ਲੈ ਕੇ ਜਿਸ ਤੋਂ ਛਾਂ ਉਧਾਰੀ
ਰੱਬ ਨੇ ਸਵਰਗ ਬਣਾਏ।



## ਅਸ਼ੀਰਵਾਦ

ਮਨੁੱਖ ਵੱਡੀ ਤੋਂ ਵੱਡੀ ਪਦਵੀ ਜਾਂ ਅਹੁਦਾ ਜਿੰਨੀ ਛੇਤੀ ਮਾਂ ਦੇ ਅਸ਼ੀਰਵਾਦ ਨਾਲ ਪ੍ਰਾਪਤ ਕਰ ਸਕਦਾ ਹੈ। ਸ਼ਾਇਦ ਹੋਰ ਕਿਸੇ ਵੀ ਤਰੀਕੇ ਨਾਲ ਨਹੀ ਕਰ ਸਕਦਾ। ਇਕ ਹੋਰ ਗੱਲ ਇੱਥੇ ਵਿਚਾਰਨੀ ਜ਼ਰੂਰੀ ਹੈ ਕਿ ਕਈ ਆਪਣੀਆਂ ਮਾਵਾਂ ਨੂੰ ਅਨਪੜ੍ਹ ਜਾਂ ਘੱਟ ਪੜ੍ਹੀਆਂ-ਲਿਖੀਆਂ ਹੋਣ ਕਰਕੇ ਸਕੂਲ-ਕਾਲਜ ਦੀ ਮੀਟਿੰਗ 'ਚ ਜਾਂ ਕਿਸੇ ਵੀ ਵੱਡੇ ਸਮਾਰੋਹ ਵਿਚ ਲਿਜਾਣ ਤੋਂ ਕੰਨੀ ਕਤਰਾਉਂਦੇ ਹਨ। ਯਾਦ ਰੱਖਿਉ ਕਿ ਕੋਈ ਔਲਾਦ ਭਾਵੇਂ ਜਿੰਨੀ ਮਰਜ਼ੀ ਪੜ੍ਹ-ਲਿਖ ਜਾਵੇ, ਭਾਵੇਂ ਦੇਸ਼ ਦੇ ਸਭ ਤੋਂ ਉੱਚ ਅਹੁਦੇ 'ਤੇ ਵੀ ਹੋਵੇ, ਆਪਣੀ ਮਾਂ ਤੋਂ ਵੱਡੀ ਕਦੇ ਵੀ ਨਹੀ ਹੋ ਸਕਦੀ। ਇਹ ਗੱਲ ਹਮੇਸ਼ਾ ਹੀ ਆਪਣੇ ਮਨ 'ਚ ਸਾਨੂੰ ਬਿਠਾ ਲੈਣੀ ਚਾਹੀਦੀ ਹੈ ਕਿ ਔਲਾਦ ਨੂੰ 'ਹੀਰੋ' ਬਣਾਉਣ ਵਾਲੀ ਮਾਂ ਕਦੇ ਵੀ 'ਜੀਰੋ' ਨਹੀ ਹੋ ਸਕਦੀ। ਉਹ ਸਦਾ ਹੀ ਹੀਰੋ ਸੀ, ਹੀਰੋ ਹੈ ਅਤੇ ਹੀਰੋ ਹੀ ਰਹੇਗੀ ਭਾਵੇਂ ਪੜ੍ਹੀ ਹੋਵੇ ਜਾਂ ਨਾ, ਇਹ ਅਲੱਗ ਮਸਲਾ ਹੈ। ਅਗਲੀ ਗੱਲ ਇਹ ਹੈ ਕਿ ਬੇਟੀ ਵੀ ਇਕ ਸੁਚੱਜੀ ਧੀ ਬਣਨ ਲਈ ਅਗਵਾਈ ਸਦਾ ਹੀ ਆਪਣੀ ਮਾਂ ਤੋਂ ਲਵੇ। ਇਕ ਨੂੰਹ ਵੀ ਆਪਣੀ ਸਕੀ-ਮਾਂ ਵਾਂਗੂ ਸੱਸ ਨਾਲ ਪਿਆਰ ਕਰੇ ਤੇ ਸੱਸ ਵੀ ਸਕੀ-ਮਾਂ ਬਣ ਕੇ ਨੂੰਹ ਦੇ ਚਾਅ ਕਰੇ।

---

# ਮਾਂ ਨੂੰ ਦਿਉ ਸਤਿਕਾਰ ਦਾ ਤੋਹਫ਼ਾ



ਮਨੀਸ਼ਾ ਬੱਤਰਾ
098912-71517

**ਇਹ ਮਾਂ ਹੀ ਹੁੰਦੀ ਹੈ ਜੋ ਮਨੁੱਖ ਨੂੰ ਜ਼ਿੰਦਗੀ ਜਿਉਣ ਦੀ ਸੇਧ ਦਿੰਦੀ ਹੈ। ਉਹ ਸਭ ਕੁਝ ਸਮਝ ਸਕਦੀ ਹੈ ਜੋ ਅਸੀਂ ਆਪਣੇ ਬਾਰੇ ਸੋਚ ਵੀ ਨਹੀਂ ਸਕਦੇ...**

'ਮਾਂ' ਜਦੋਂ ਵੀ ਇਹ ਸ਼ਬਦ ਮਨ ਦੀਆਂ ਤਰੰਗਾਂ ਤੋਂ ਹੁੰਦਾ ਹੋਇਆ ਸ਼ਬਦਾਂ ਦੇ ਸੰਸਾਰ ਦੀ ਯਾਤਰਾ ਕਰਦਾ ਹੈ ਤਾਂ ਅਜਿਹਾ ਮਹਿਸੂਸ ਹੁੰਦਾ ਹੈ ਕਿ ਪੂਰੇ ਬ੍ਰਹਿਮੰਡ ਦੇ ਦਰਸ਼ਨ ਹੋ ਗਏ ਹੋਣ। ਇੰਝ ਲੱਗਦਾ ਹੈ ਜਿਵੇਂ ਸੂਰਜ, ਚੰਨ ਤੇ ਸਿਤਾਰੇ ਸਭ ਮਾਂ ਨੂੰ ਮਿਲਣ ਆਏ ਹੋਣ ਰੱਬ ਆਪ ਆ ਕੇ ਮਾਂ ਦੇ ਪੈਰਾਂ 'ਚ ਡਿੱਗ ਕੇ ਕਹਿੰਦਾ ਹੋਵੇ 'ਮਾਂ ਤੂੰ ਠੀਕ ਹੈ, ਮੇਰੇ ਤੋਂ ਪਹਿਲਾਂ ਅਗਰ ਇਨਸਾਨ ਕਿਸੇ ਨੂੰ ਯਾਦ ਕਰਦਾ ਹੈ ਤਾਂ ਉਹ ਸਿਰਫ਼ ਤੂੰ ਹੈ, ਜ਼ਰਾ ਆਪਣਾ ਖ਼ਿਆਲ ਰੱਖਿਆ ਕਰ ਮਾਂ !!! ਕਿਉਂਕਿ ਇਹ ਸਿਰਫ਼ ਤੂੰ ਹੀ ਤਾਂ ਹੈ ਜੋ ਦੂਜਿਆਂ ਦੀ ਜਗ੍ਹਾ ਲੈ ਸਕਦੀ ਹੈ ਪਰ ਤੇਰੀ 'ਥਾਂ' ਹੋਰ ਕੋਈ ਨਹੀਂ ਲੈ ਸਕਦਾ। ਇਹ ਗੱਲ ਸਹੀ ਹੈ ਕਿ ਮਾਂ ਕਿਸੇ ਦੀ ਵੀ ਹੋਵੇ, ਪੜ੍ਹੀ-ਲਿਖੀ ਹੋਵੇ ਜਾਂ ਅਨਪੜ੍ਹ ਉਸ ਦੇ ਪਿਆਰ ਦਾ ਅਹਿਸਾਸ ਸਰਵਵਿਆਪੀ ਤੇ ਇਕਸਾਰ ਹੁੰਦਾ ਹੈ। ਜਦੋਂ ਵੀ ਅਸੀਂ ਆਪਣੀ ਜ਼ਿੰਦਗੀ ਵਿਚ ਅਸਫ਼ਲ ਹੁੰਦੇ ਹੋ ਤਾਂ ਉਹ ਸਾਨੂੰ ਦੁਨੀਆ ਦੀ ਹਰ ਸਮੱਸਿਆ ਤੋਂ ਬਾਹਰ ਕੱਢ ਲੈਂਦੀ ਹੈ। ਮਾਂ ਹੀ ਹੁੰਦੀ ਹੈ ਜੋ ਮਨੁੱਖ ਨੂੰ ਜ਼ਿੰਦਗੀ ਜਿਉਣ ਦੀ ਸਭ ਤੋਂ ਵਧੀਆ ਸੇਧ ਦਿੰਦੀ ਹੈ। ਮਾਂ ਉਹ ਸਭ ਕੁਝ ਸਮਝ ਸਕਦੀ ਹੈ ਜੋ ਅਸੀਂ ਆਪਣੇ ਬਾਰੇ ਸੋਚ ਵੀ ਨਹੀਂ ਸਕਦਾ। ਉਂਜ ਤਾਂ ਹਰ ਦਿਨ ਮਾਂ, ਉਸ ਦੇ ਪਿਆਰ ਤੇ ਬਲਿਦਾਨ ਨੂੰ ਸਮਰਪਤ ਹੁੰਦਾ ਹੈ ਪਰ ਇਸ ਦੇ ਨਾਲ ਹੀ ਇਕ ਹੋਰ ਖ਼ਾਸ ਦਿਨ ਮਾਂ ਦੇ ਸਮਰਪਣ ਵਿਚ ਮਨਾਇਆ ਜਾਂਦਾ ਹੈ ਜਿਸ ਨੂੰ ਅਸੀਂ 'ਮਾਂ-ਦਿਵਸ' ਦੇ ਤੌਰ 'ਤੇ ਮਨਾਉਂਦੇ ਹਾਂ। ਹਰ ਸਾਲ ਮਈ ਮਹੀਨੇ ਦੇ ਦੂਜੇ ਐਤਵਾਰ ਨੂੰ ਮਾਂ ਦਿਵਸ ਮਨਾਇਆ ਜਾਂਦਾ ਹੈ ਤੇ ਇਸ ਸਾਲ ਇਹ ਵਿਸ਼ੇਸ਼ ਦਿਨ 12 ਮਈ ਨੂੰ ਮਨਾਇਆ ਜਾ ਰਿਹਾ ਹੈ। ਹਾਲਾਂਕਿ ਅਸੀਂ ਕੁਝ ਵੀ ਕਰ ਕੇ ਆਪਣੀ ਮਾਂ ਦੁਆਰਾ ਕੀਤੇ ਗਏ ਕੰਮਾਂ ਦੀ ਸ਼ੁਕਰਗੁਜ਼ਾਰੀ ਨਹੀਂ ਕਰ ਸਕਦੇ ਪਰ ਅਸੀਂ ਇਸ ਦਿਨ ਨੂੰ ਮਨਾ ਕੇ ਇਕ ਵਾਰ ਫਿਰ ਆਪਣੀ ਮਾਂ ਨੂੰ ਇਹ ਯਾਦ ਕਰਾ ਸਕਦੇ ਹਾਂ ਕਿ 'ਉਹ ਸਾਡੇ ਲਈ ਅਨਮੋਲ ਹੈ।' ਮਾਂ ਆਪਣੇ ਪਰਿਵਾਰ ਲਈ ਬਹੁਤ ਸਾਰੀਆਂ ਕੁਰਬਾਨੀਆਂ ਦਿੰਦੀ ਹੈ ਪਰ ਉਸ ਦੁਆਰਾ ਕੀਤੇ ਬਲੀਦਾਨਾਂ ਨੂੰ ਹਮੇਸ਼ਾ ਤੋਂ ਹੀ ਨਜ਼ਰ ਅੰਦਾਜ਼ ਕੀਤਾ ਜਾਂਦਾ ਰਿਹਾ ਹੈ। ਆਮ ਤੌਰ 'ਤੇ ਘਰੇਲੂ ਅਤੇ ਆਫ਼ਿਸ ਦੀਆਂ ਬਹੁਤ ਜ਼ਿਆਦਾ ਜ਼ਿੰਮੇਵਾਰੀਆਂ ਅਤੇ ਰੁਝੇਵੇਂ ਕਾਰਣ ਮਾਵਾਂ ਆਪਣੀ ਸਿਹਤ ਨੂੰ ਨਜ਼ਰ ਅੰਦਾਜ਼ ਕਰ ਦਿੰਦਿਆਂ ਹਨ। ਉਹ ਹਰ ਸਮੇਂ ਆਪਣੇ ਪਰਿਵਾਰ, ਬੱਚਿਆਂ ਦੀ ਦੇਖਭਾਲ ਅਤੇ ਉਨ੍ਹਾਂ ਨੂੰ ਪਾਲਣ ਵਿਚ ਲੱਗੀਆਂ ਰਹਿੰਦੀਆਂ ਹਨ। ਜਦੋਂ ਬੱਚੇ ਵੱਡੇ ਹੋ ਜਾਂਦੇ ਹਨ ਤਾਂ ਉਹ ਆਪਣਾ ਕੈਰੀਅਰ ਬਣਾਉਣ ਦੇ ਰੁਝੇਵਿਆਂ ਵਿਚ ਇਸ ਕਦਰ ਫੱਸ ਜਾਂਦੇ ਹਨ ਕਿ ਉਨ੍ਹਾਂ ਨੂੰ ਆਪਣੀ ਮਾਂ ਦੀ ਸਿਹਤ ਦਾ ਖ਼ਿਆਲ ਹੀ ਨਹੀਂ ਰਹਿੰਦਾ। ਸਾਡੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ 'ਮਾਂ-ਦਿਵਸ' 'ਤੇ ਕਿਸੇ ਕੀਮਤੀ ਤੋਹਫ਼ੇ ਤੋਂ ਜ਼ਿਆਦਾ ਕੀਮਤੀ ਉਪਹਾਰ ਉਸ ਨੂੰ ਸਤਿਕਾਰ ਦਿੱਤਾ ਜਾਵੇ। ਆਉ ਅਸੀਂ ਸਾਰੇ ਆਪਣੀ ਮਾਂ ਨੂੰ ਖ਼ਾਸ ਮਹਿਸੂਸ ਕਰਾਉਣ ਤੇ ਉਸ ਦੀ ਦੇਖਭਾਲ ਕਰਨ ਦਾ ਵਾਅਦਾ ਕਰੀਏ। ਮਾਂ ਨੂੰ 'ਉਸ ਦੀ ਸਿਹਤ' ਨੂੰ ਤਰਜੀਹ ਦੇਣ ਬਾਰੇ ਪ੍ਰੇਰਿਤ ਕਰੀਏ ਤਾਂ ਜੋ ਉਹ ਸਿਹਤਮੰਦ ਅਤੇ ਸੁਰੱਖਿਅਤ ਜੀਵਨ ਦਾ ਅਨੰਦ ਮਾਣ ਸੱਕੇ। ਇਸ ਦਿਵਸ ਦੇ ਮੌਕੇ 'ਤੇ ਸਾਨੂੰ ਸਾਰਿਆਂ ਨੂੰ ਸਮੇਂ-ਸਮੇਂ 'ਤੇ ਉਨ੍ਹਾਂ ਦੀ ਸਿਹਤ ਦੀ ਜਾਂਚ-ਪੜਤਾਲ ਕਰਵਾਉਣ ਵਿਚ ਉਨ੍ਹਾਂ ਦੀ ਮਦਦ ਕਰਨੀ ਚਾਹੀਦੀ ਹੈ। ਹਮੇਸ਼ਾ ਉਨ੍ਹਾਂ ਨਾਲ ਰਹਿ ਕੇ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ। ਮਾਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਉਮਰ ਭਾਵੇਂ ਕੁਝ ਵੀ ਹੋਵੇ ਪਰ ਤੰਦਰੁਸਤ ਜੀਵਨ ਜਿਊਣਾ ਉਨ੍ਹਾਂ ਦਾ ਮੌਲਿਕ ਅਧਿਕਾਰ ਹੈ। ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਉਨ੍ਹਾਂ ਨੂੰ ਸਮਝਾਈਏ ਕਿ ਉਹ ਆਪਣੀ ਖ਼ੁਰਾਕ ਵਿਚ ਫਲ਼ਾਂ ਤੇ ਸਬਜ਼ੀਆਂ ਨੂੰ ਜ਼ਿਆਦਾ ਮਾਤਰਾ ਵਿਚ ਸ਼ਾਮਲ ਕਰਨਾ ਕਿਉਂਕਿ ਇਹ ਸਰੀਰ ਨੂੰ ਜ਼ਰੂਰੀ ਫ਼ਾਇਬਰ, ਵਿਟਾਮਿਨ ਅਤੇ ਖਣਿਜ ਪ੍ਰਦਾਨ ਕਰਦੇ ਹਨ। ਇਸ ਦੇ ਨਾਲ ਇਹ ਕੈਂਸਰ ਅਤੇ ਹੋਰ ਗੰਭੀਰ ਬਿਮਾਰੀਆਂ ਦੇ ਖ਼ਤਰੇ ਨੂੰ ਵੀ ਘਟਾਉਂਦੇ ਹਨ। ਉਨ੍ਹਾਂ ਨੂੰ ਲੂਣ-ਮਿੱਠੇ ਦੀ ਮਾਤਰਾ ਨੂੰ ਸੀਮਿਤ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਤੇ ਜਿੰਨਾ ਹੋ ਸਕੇ ਪਾਣੀ ਪੀਣ ਲਈ ਕਹਿਣਾ ਚਾਹੀਦਾ ਹੈ। ਸਾਨੂੰ ਸਾਰਿਆਂ ਨੂੰ ਮਾਵਾਂ ਨੂੰ ਨਿਯਮਿਤ ਤੌਰ 'ਤੇ ਚੈੱਕਅਪ ਕਰਾਉਣ ਲਈ ਆਪਣੇ ਨਾਲ ਲੈ ਕੇ ਜਾਣਾ ਚਾਹੀਦਾ ਹੈ। ਸਾਨੂੰ ਅਜਿਹਾ ਵਾਤਾਵਰਣ ਤਿਆਰ ਕਰਨ ਕਰਨਾ ਚਾਹੀਦਾ ਹੈ ਜਿਸ ਵਿਚ ਉਹ ਆਪਣੀ ਨੀਂਦ ਪੂਰੀ ਕਰ ਸਕਣ ਆਦਿ। ਇਨ੍ਹਾਂ ਨਿੱਕੇ-ਨਿੱਕੇ ਨੁਕਤਿਆਂ ਨਾਲ ਹੀ ਅਸੀਂ ਆਪਣੀ ਮਾਂ ਦੀ ਸਿਹਤ ਦਾ ਖ਼ਿਆਲ ਕਰ ਸਕਦੇ ਹਾਂ। ਪਰਿਵਾਰ ਵਿਚ ਸਿਰਫ਼ ਇਕ ਮਾਂ ਦੀ ਸਿਹਤ ਹੁੰਦੀ ਹੈ ਜੋ ਪ੍ਰਤੱਖ-ਪਰੋਖ ਰੂਪ ਵਿਚ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਨਾਲ-ਨਾਲ ਪੂਰੇ ਸਮਾਜ ਨੂੰ ਪ੍ਰਭਾਵਿਤ ਕਰਦੀ ਹੈ। ਸੋ, ਆਉ ਮਾਂ ਦਿਵਸ ਦੇ ਇਸ ਮੌਕੇ 'ਤੇ ਇਸ ਤੋਹਫ਼ੇ ਨੂੰ ਹਰ ਮਾਂ ਨੂੰ ਦੇਈਏ।

---


# ਸ਼ਹਿਦ ਤੋਂ ਮਿੱਠੀ ਹੁੰਦੀ ਹੈ ਮਮਤਾ

ਜਸਪ੍ਰੀਤ ਕੌਰ ਸੰਘਾ

ਮਾਂ ਸ਼ਬਦ ਲਿਖਣ ਅਤੇ ਬੋਲਣ ਵਿਚ ਜਿੰਨਾ ਛੋਟਾ ਹੈ ਇਸ ਦੇ ਅਰਥ ਉਨੇ ਹੀ ਡੂੰਘੇ ਹਨ। ਜਨਮਦਾਤੀ ਹੈ ਮਾਂ। ਮਮਤਾ ਦਾ ਸਾਗਰ ਅਤੇ ਤਿਆਗ ਦੀ ਮੂਰਤ ਹੈ ਮਾਂ। ਦੁਨੀਆ ਦਾ ਹਰ ਰਿਸ਼ਤਾ ਸਵਾਰਥੀ ਹੋ ਸਕਦਾ ਹੈ ਪਰ ਮਾਂ ਦੀ ਮਮਤਾ ਨਿਸਵਾਰਥ ਹੁੰਦੀ ਹੈ। ਮਾਂ ਦੀ ਮਮਤਾ ਵਿਚ ਛਲ, ਕਪਟ, ਧੋਖਾ ਨਹੀ ਹੁੰਦਾ। ਮਾਂ ਦੀ ਮਮਤਾ ਤਾਂ ਪਾਕ ਹੁੰਦੀ ਹੈ। ਧਰਤੀ ਉੱਪਰ ਰੱਬ ਦਾ ਦੂਸਰਾ ਰੂਪ ਹੈ ਮਾਂ। ਸ਼ਹਿਦ ਨਾਲੋਂ ਵੀ ਮਿੱਠੀ ਹੁੰਦੀ ਹੈ ਮਾਂ ਦੀ ਮਮਤਾ। ਪਹਾੜ ਨਾਲੋਂ ਵੀ ਵੱਡਾ ਜੇਰਾ ਹੁੰਦਾ ਹੈ ਮਾਂ ਦਾ। ਇਸੇ ਲਈ ਇਕ ਮਾਂ ਆਪਣੀ ਔਲਾਦ ਲਈ ਵੱਡੀ ਤੋਂ ਵੱਡੀ ਮੁਸ਼ਕਿਲ ਨਾਲ ਵੀ ਟਕਰਾ ਜਾਂਦੀ ਹੈ। ਜੋ ਇਨਸਾਨ ਆਪਣੀ ਮਾਂ ਦੀ ਕਦਰ ਕਰਦਾ ਹੈ ਉਸ ਨੂੰ ਧਰਤੀ 'ਤੇ ਹੀ ਜੰਨਤ ਮਿਲ ਜਾਂਦੀ ਹੈ :

ਮਾਵਾਂ, ਮਾਵਾਂ, ਮਾਵਾਂ
ਮਾਂ ਜੰਨਤ ਦਾ ਪਰਛਾਵਾਂ
ਮਾਏ ਤੇਰੇ ਵਿਹੜੇ ਵਿਚ ਰੱਬ ਵਸਦਾ
ਤੈਥੋਂ ਪਲ ਵੀ ਦੂਰ ਨਾ ਜਾਵਾਂ...


ਮਾਂ ਬਣਨ ਦਾ ਸੁਭਾਗ ਪਰਮਾਤਮਾ ਨੇ ਔਰਤ ਨੂੰ ਹੀ ਬਖ਼ਸ਼ਿਆ ਹੈ ਕਿਉਂਕਿ ਔਰਤ ਅੰਦਰ ਮਰਦ ਨਾਲੋਂ ਕਿਤੇ ਜ਼ਿਆਦਾ ਸਹਿਣ-ਸ਼ਕਤੀ ਹੁੰਦੀ ਹੈ। ਮਾਂ ਅਖਵਾਉਣ ਲਈ ਇਕ ਔਰਤ ਜ਼ਿੰਦਗੀ ਅਤੇ ਮੌਤ ਨਾਲ ਲੜਦੀ ਹੈ। ਬੱਚੇ ਦੇ ਜਨਮ ਸਮੇਂ ਜੋ ਪੀੜਾ ਔਰਤ ਸਹਿੰਦੀ ਹੈ ਮਰਦ ਉਸ ਬਾਰੇ ਸੋਚ ਵੀ ਨਹੀ ਸਕਦਾ ਪਰ ਆਪਣੇ ਬੱਚੇ ਦੀ ਇਕ ਮੁਸਕਾਨ ਨਾਲ ਉਹ ਆਪਣੇ ਸਾਰੇ ਦਰਦ ਭੁਲਾ ਦਿੰਦੀ ਹੈ। ਦੁਨੀਆ ਦਾ ਹਰ ਕਰਜ਼ ਚੁਕਾਇਆ ਜਾ ਸਕਦਾ ਹੈ ਪਰ ਮਾਂ ਦੀ ਮਮਤਾ ਦਾ ਕਰਜ਼ ਔਲਾਦ ਕਦੇ ਨਹੀ ਚੁੱਕਾ ਸਕਦੀ। ਇਕ ਮਾਂ ਆਪਣੀ ਔਲਾਦ ਖ਼ਾਤਰ ਸਾਰੀ ਜ਼ਿੰਦਗੀ ਕੁਰਬਾਨੀ ਦਿੰਦੀ ਹੈ। ਖ਼ੁਦ ਗਿੱਲੇ 'ਤੇ ਸੌਂ ਜਾਵੇਗੀ ਤਾਂ ਕਿ ਉਸ ਦਾ ਬੱਚਾ ਸੁੱਕੇ ਥਾਂ ਸੌਂਵੇ। ਖ਼ੁਦ ਭੁੱਖੀ ਰਹਿ ਲਵੇਗੀ ਤਾਂ ਕਿ ਉਸ ਦੇ ਬੱਚੇ ਦਾ ਢਿੱਡ ਭਰ ਜਾਵੇ। ਬੱਚੇ ਦੀ ਪਹਿਲੀ



ਗੁਰੂ ਉਸ ਦੀ ਮਾਂ ਹੀ ਹੁੰਦੀ ਹੈ। ਮਾਂ ਦੀ ਉਂਗਲੀ ਫੜ ਕੇ ਹੀ ਬੱਚਾ ਚਲਣਾ ਸਿੱਖਦਾ ਹੈ। ਬੱਚਾ ਮਾਂ ਦੀ ਪਰਛਾਈ ਹੁੰਦਾ ਹੈ। ਮਾਂ ਦੇ ਵਜੂਦ ਦਾ ਇਕ ਅੰਸ਼। ਮਾਂ ਆਪਣੀ ਔਲਾਦ ਦੀ ਹਰ ਰਮਜ਼ ਨੂੰ ਪਛਾਣਦੀ ਹੈ। ਉਹ ਦੀ ਸਾਰੀ ਦੁਨੀਆ ਉਸ ਦੀ ਔਲਾਦ ਹੀ ਹੁੰਦੀ ਹੈ। ਮਾਂ ਦੇ ਦਿਲੋਂ ਆਪਣੀ ਔਲਾਦ ਲਈ ਹਮੇਸ਼ਾ ਅਸੀਸਾਂ ਹੀ ਨਿਕਲਦੀਆਂ ਹਨ। ਮਾਂ ਦੀ ਮਮਤਾ ਤਾਂ ਉਸ ਛਾਂਦਾਰ ਰੁੱਖ ਦੀ ਤਰ੍ਹਾਂ ਹੁੰਦੀ ਹੈ ਜੋ ਸਭ ਨੂੰ ਛਾਂ ਦਿੰਦਾ ਹੈ ਪਰ ਆਪ ਧੁੱਪਾਂ ਜਰਦਾ ਹੈ। ਮਾਂ ਦੀ ਮਮਤਾ ਹੀ ਔਲਾਦ ਨੂੰ ਜ਼ਿੰਦਗੀ ਦੀਆਂ ਧੁੱਪਾਂ ਅਤੇ ਝੱਖੜਾਂ ਤੋਂ ਬਚਾਉਂਦੀ ਹੈ। ਇਹ ਸੱਚ ਹੈ ਕਿ ਮਾਂ ਦੀ ਬੁੱਕਲ ਵਿਚ ਹੀ ਅਸਲੀ ਸਵਰਗ ਹੈ। ਜਿਸ ਕੋਲ ਮਾਂ ਹੈ ਉਸ ਜਿਹਾ ਖ਼ੁਸ਼ਨਸੀਬ ਇਸ ਦੁਨੀਆ 'ਤੇ ਕੋਈ ਨਹੀ ਹੋ ਸਕਦਾ ਅਤੇ ਜਿਸ ਦੀ ਮਾਂ ਨਾ ਹੋਵੇ ਉਸ ਜਿਹਾ ਬਦਨਸੀਬ ਕੋਈ ਨਹੀ ਹੋ ਸਕਦਾ। ਜਿਸ ਇਨਸਾਨ ਨੇ ਸੱਚੇ ਦਿਲੋਂ ਮਾਂ ਦੀ ਸੇਵਾ ਕਰ ਲਈ ਉਸ ਨੂੰ ਤੀਰਥਾਂ 'ਤੇ ਜਾਣ ਦੀ ਜ਼ਰੂਰਤ ਨਹੀ ਕਿਉਂਕਿ ਅਸਲੀ ਤੀਰਥ ਤਾਂ ਮਾਂ ਦੇ ਪੈਰਾਂ ਵਿਚ ਹੁੰਦਾ ਹੈ। ਵੱਡੇ ਤੋਂ ਵੱਡੇ ਰਾਜੇ ਮਹਾਰਾਜੇ ਵੀ ਮਾਂ ਦੀ ਮਮਤਾ ਦੀ ਕੀਮਤ ਨਹੀ ਚੁੱਕਾ ਸਕਦੇ ਕਿਉਂਕਿ ਮਮਤਾ ਅਨਮੋਲ ਹੁੰਦੀ ਹੈ :

ਮਾਂ ਤੂੰ ਮਮਤਾ ਦੀ ਮੂਰਤ ਹੈਂ
ਮਾਂ ਤੂੰ ਮੇਰੀ ਜ਼ਰੂਰਤ ਹੈਂ
ਮਾਂ ਤੂੰ ਮੇਰਾ ਅਭਿਮਾਨ ਹੈਂ
ਮਾਂ ਤੂੰ ਮੇਰਾ ਭਗਵਾਨ ਹੈਂ।

**ਪਰਮਾਤਮਾ ਨੇ ਮਾਂ ਬਣਨ ਦਾ ਸੁਭਾਗ ਸਿਰਫ਼ ਔਰਤ ਨੂੰ ਹੀ ਬਖ਼ਸ਼ਿਆ ਹੈ ਕਿਉਂਕਿ ਔਰਤ ਅੰਦਰ ਮਰਦ ਨਾਲੋਂ ਕਿਤੇ ਜ਼ਿਆਦਾ ਸਹਿਣ-ਸ਼ਕਤੀ ਹੁੰਦੀ ਹੈ...**



99150 -33176

---

# ਮੇਰਾ ਪਹਿਲਾ ਗੁਰੂ ਮੇਰੀ ਮਾਂ

ਕਮਲ ਬਰਾੜ

ਬੱਚੇ ਦਾ ਪਹਿਲਾ ਗੁਰੂ, ਆਧਿਆਪਕ ਉਸ ਦੀ ਮਾਂ ਹੀ ਹੁੰਦੀ ਹੈ। ਬੱਚਾ ਮਾਂ ਕੋਲੋਂ ਬਹੁਤ ਕੁਝ ਸਿੱਖਦਾ ਹੈ। ਉਹ ਪਹਿਲਾ ਸ਼ਬਦ ਵੀ ਮਾਂ ਹੀ ਬੋਲਦਾ ਹੈ। ਬੱਚੇ ਦੀ ਸ਼ਖ਼ਸੀਅਤ ਤੇ ਬਹੁਤਾ ਪ੍ਰਭਾਵ ਉਸ ਦੀ ਮਾਂ ਦਾ ਹੀ ਹੁੰਦਾ ਹੈ ਤੇ ਉਸ ਦਾ ਵਿਕਾਸ ਵੀ ਉਸ ਦੀ ਮਾਂ ਦੀ ਸ਼ਖ਼ਸੀਅਤ 'ਤੇ ਨਿਰਭਰ ਕਰਦਾ ਹੈ। ਆਮ ਤੌਰ 'ਤੇ ਕੁਝ ਲੋਕ ਇਹ ਕਹਿ ਦਿੰਦੇ ਹਨ ਕਿ ਚੋਰ ਨੂੰ ਨਾ ਮਾਰੋ, ਚੋਰ ਦੀ ਮਾਂ ਨੂੰ ਮਾਰੋ ਪਰ ਕੋਈ ਵੀ ਮਾਂ ਨਹੀ ਚਾਹੁੰਦੀ ਕਿ ਉਸ ਦਾ ਪੁੱਤਰ ਚੋਰ ਬਣੇ। ਹਾਂ ਉਹ ਆਪਣੇ ਚੋਰ ਪੁੱਤਰ ਨੂੰ ਕਦੇ ਵੀ ਚੋਰ ਮੰਨਣ ਲਈ ਤਿਆਰ ਨਹੀ ਹੋਵੇਗੀ ਕਿਉਂਕਿ ਇੱਥੇ ਉਸ ਦੀ ਮਮਤਾ ਭਾਰੀ ਪੈ ਜਾਂਦੀ ਹੈ। ਮਾਂ ਅਤੇ ਮਮਤਾ ਦਾ ਸਿੱਧਾ ਸਬੰਧ ਹੈ।

### ਅਹਿਸਾਸ

ਨਿੱਕਾ ਹੁੰਦਾ ਮੈਂ ਦੇਖਦਾ ਸੀ ਕਿ ਮੇਰੀ ਮਾਂ ਹਮੇਸ਼ਾ ਅਜਿਹੀਆਂ ਗੱਲਾਂ ਕਰਦੀ ਤੇ ਉਸ ਦੀ ਮਮਤਾ ਸਪੱਸ਼ਟ ਝਲਕਦੀ। ਮੈਂ ਕਈ ਵਾਰੀ ਸੋਚਦਾ ਇਹ ਕਿਹੋ ਜਿਹੀਆਂ ਗੱਲਾਂ ਕਰਦੀ ਹੈ ਪਰ ਹੁਣ ਅਹਿਸਾਸ ਹੁੰਦਾ ਹੈ ਕਿ ਉਹ ਸਾਰੀ ਉਸ ਦੀ ਮਮਤਾ ਹੀ ਸੀ। ਕਦੇ ਤਾਪ ਚੜ੍ਹ ਜਾਣਾ ਤਾਂ ਸਾਰੀ-ਸਾਰੀ ਰਾਤ ਮੱਥੇ 'ਤੇ ਗਿੱਲੀਆਂ ਪੱਟੀਆਂ ਰੱਖੀ ਜਾਣੀਆਂ ਤੇ ਅੱਖਾਂ 'ਚੋਂ ਹੰਝੂ ਕੇਰੀ ਜਾਣੇ। ਮੈਂ ਸੋਚਦਾ ਤਾਪ ਹੀ ਚੜ੍ਹਿਆ ਹੈ ਮਰਨ ਥੋੜ੍ਹਾ ਲੱਗਾ ਹਾਂ ਪਰ ਇਕ ਮਾਂ ਕਿਵੇਂ ਬਰਦਾਸ਼ਤ ਕਰਦੀ ਕਿ ਉਸ ਦੇ ਪੁੱਤ ਨੂੰ ਤਾਪ ਚੜ੍ਹਿਆ ਰਹੇ। ਉਹ ਹਰ ਇਕ ਨੂੰ ਦੱਸਦੀ ਮੁੰਡੇ ਨੂੰ ਪੰਜ ਭੱਠ ਤਾਪ ਚੜ੍ਹਿਆ ਹੈ ਭੋਰਾ ਸੁਰਤ ਨਹੀ ਕਰਦਾ। ਇਹ ਹੁੰਦੀ ਹੈ ਮਾਂ ਦੀ ਮਮਤਾ।



### ਸਸਤੀਆਂ ਚੱਪਲਾਂ

ਮੇਰੀ ਮਾਂ ਕਈ ਵਾਰੀ ਗਲ਼ੀ ਵਿਚ ਵਿਕਣ ਆਈਆਂ ਸਸਤੀਆਂ ਚੱਪਲਾਂ ਖ਼ਰੀਦ ਲੈਂਦੀ। ਅਸੀ ਗੁੱਸੇ ਹੁੰਦੇ ਮਾਂ ਇਹ ਚੱਪਲਾ ਤੇਰੇ ਪਾਉਣ ਆਲੀਆਂ ਨਹੀ ਕਿਉਂ ਗਲ਼ੀ ਵਿਚ ਸਾਡੀ ਬੇਇੱਜ਼ਤੀ ਕਰਵਾਉਂਦੀ ਹੈ। ਮਾਂ ਚੁੱਪ ਰਹਿੰਦੀ ਤੇ ਸ਼ਾਮ ਨੂੰ ਉਹੀ ਚੱਪਲਾਂ ਕੰਮ ਵਾਲੀਆਂ ਸ਼ਿੰਦੋ, ਰਾਮਰੱਤੀ ਜਾਂ ਗੋਰਾਂ ਨੂੰ ਦੇ ਦਿੰਦੀ ਤੇ ਕਹਿੰਦੀ ਪੁੱਤ ਮੈਂ ਇਨ੍ਹਾਂ ਵਾਸਤੇ ਲਈਆਂ ਸਨ ਵਿਚਾਰੀਆਂ ਰੋਜ਼ ਨੰਗੇ ਪੈਰੀ ਕੰਮ ਕਰਦੀਆਂ ਹਨ ਤੇ ਕਈ ਵਾਰੀ ਮਾਂ ਆਪਣਾ ਪੁਰਾਣਾ ਸ਼ਾਲ, ਸਵੈਟਰ ਕੰਮ ਵਾਲੀਆਂ ਨੂੰ ਦੇ ਦਿੰਦੀ। ਤੇ ਸਾਨੂੰ ਹਮੇਸ਼ਾ ਗ਼ਰੀਬਾਂ ਦਾ ਭਲਾ ਕਰਨ ਦੀ ਨਸੀਅਤ ਦਿੰਦੀ। ਜੇ ਗਲ਼ੀ ਵਿਚ ਕੋਈ ਸਮਾਨ ਜਾਂ ਸ਼ਬਜ਼ੀ ਵੇਚਣ ਵਾਲੀ ਗ਼ਰੀਬ ਔਰਤ ਆਉਂਦੀ ਤਾਂ ਉਸ ਨੂੰ ਚਾਹ ਪਿਆਉਂਦੀ ਤੇ ਵੱਸ ਲੱਗਦਾ ਰੋਟੀ ਵੀ ਖਵਾਉਂਦੀ।

### ਮਾਂ ਨੂੰ ਡਰ ਸੀ

ਸਾਡੀ ਮੱਝ ਦਾ ਕੱਟਾ ਕਾਫ਼ੀ ਵੱਡਾ ਹੋ ਗਿਆ। ਮੱਝ ਦੂਜੀ ਵਾਰ ਵੀ ਸੂ ਪਈ ਪਰ ਮੇਰੀ ਮਾਂ ਨੇ ਕੱਟਾ ਨਾ ਵੇਚਿਆ। ਲੋਕੀ ਹੱਸਿਆ ਕਰਨ ਬਈ ਸੇਠ ਹੁਣ ਕੱਟਾ ਪਾਲਣਗੇ। ਮੇਰੀ ਮਾਂ ਨੂੰ ਡਰ ਸੀ ਕਿ ਜੇ ਉਸ ਨੇ ਕੱਟਾ ਵੇਚ ਦਿੱਤਾ ਤਾਂ ਉਹ ਕਸਾਈ ਉਸ ਨੂੰ ਵੱਢ ਦੇਣਗੇ। ਲੋਕਾਂ ਦੇ ਬਹੁਤਾ ਕਹਿਣ 'ਤੇ ਮਾਂ ਨੇ ਕੱਟਾ ਵੀਹ ਰੁਪਿਆ ਦਾ ਵੇਚ ਦਿੱਤਾ ਤੇ ਨਾਲੇ ਰੋਈ ਜਾਵੇ।

### ਮੇਰੀਆਂ ਗ਼ਲਤੀਆਂ

ਮੈਂ ਅਕਸਰ ਦੇਖਦਾ ਕਿ ਮਾਂ ਮੇਰੀਆਂ ਗ਼ਲਤੀਆਂ ਛਿਪਾਉਂਦੀ ਸੌ-ਸੌ ਝੂਠ ਬੋਲਦੀ। ਪਾਪਾ ਤੋਂ ਝਿੜਕਾਂ ਵੀ ਖਾ ਲੈਂਦੀ। ਹਰ ਵੇਲੇ ਮੈਨੂੰ ਪਾਪਾ ਦੇ ਗੁੱਸੇ ਤੋਂ ਬਚਾਉਂਦੀ ਸਾਰੇ ਇਲਜ਼ਾਮ ਆਪਣੇ ਸਿਰ ਲੈ ਲੈਂਦੀ ਹੈ ਪਰ ਮੈਨੂੰ ਤੱਤੀ ਵਾਅ ਨਾ ਲੱਗਣ ਦਿੰਦੀ। ਜਦੋਂ ਕਦੇ ਜੇਬ ਖ਼ਰਚੀ ਜਾ ਕਿਸੇ ਮੰਗ ਤੋਂ ਇਨਕਾਰੀ ਹੋ ਜਾਂਦੀ ਤਾਂ ਮਾਂ ਆਪਣੀ ਜ਼ਿੰਮੇਵਾਰੀ 'ਤੇ ਕਈ ਤਰ੍ਹਾਂ ਦੇ ਪਾਪੜ ਵੇਲ ਮੇਰੀ ਮੰਗ ਪੂਰੀ ਕਰਦੀ। ਹਮੇਸ਼ਾ ਵੱਡਿਆਂ ਦਾ ਸਤਿਕਾਰ ਕਰਨ ਤੇ ਛੋਟਿਆਂ ਨਾਲ ਪਿਆਰ ਕਰਨ ਦੀ ਨਸੀਹਤ ਦਿੰਦੀ। ਇਕ ਦਿਨ ਮੇਰੇ ਚਾਚੇ ਨੇ ਮੇਰੇ ਥੱਪੜ ਜੜ੍ਹ ਦਿੱਤਾ। ਮੇਰਾ ਕੋਈ ਕਸੂਰ ਨਹੀ ਸੀ। ਮੇਰੀ ਮਾਂ ਤੋਂ ਇਹ ਬਰਦਾਸ਼ਤ ਨਾ ਹੋਇਆ। ਉਸ ਨੇ ਚਾਚੇ ਨਾਲ ਖ਼ੂਬ ਲੜਾਈ ਕੀਤੀ ਤੇ ਉਸ ਨੂੰ ਉਸ ਦੀ ਗ਼ਲਤੀ ਦਾ ਅਹਿਸਾਸ ਕਰਵਾਕੇ ਦਮ ਲਿਆ।

### ਜਨਮਦਾਤੀ

ਮਾਂ ਨੂੰ ਰੱਬ ਦਾ ਦੂਜਾ ਰੂਪ ਕਿਹਾ ਗਿਆ ਹੈ ਪਰ ਮਾਂ ਤਾਂ ਰੱਬ ਤੋਂ ਵੀ ਉੱਚੀ ਤੇ ਵੱਡੀ ਹੁੰਦੀ ਹੈ। ਰੱਬ ਨਜ਼ਰ ਨਹੀ ਆਉਂਦਾ ਪਰ ਮਾਂ ਜਨਮ ਤੋਂ ਹੀ ਸਾਡੇ ਨਾਲ ਹੁੰਦੀ ਹੈ ਉਹ ਸਾਡੀ ਜਨਮਦਾਤੀ ਹੁੰਦੀ ਹੈ। ਫਿਰ ਰੱਬ ਜੋ ਸਿਰਫ਼ ਇਨਸਾਨ ਦੀ ਇਕ ਕਲਪਨਾ ਹੈ। ਉਸ ਦੀ ਹੋਂਦ ਬਾਰੇ ਵੀ ਕਈ ਵਾਰ ਖ਼ਦਸ਼ਾ ਪ੍ਰਗਟਾਇਆ ਜਾਂਦਾ ਹੈ। ਹਰ ਪ੍ਰਾਣੀ ਦੀ ਇਕ ਹੀ ਜਨਮਦਾਤੀ ਮਾਂ ਹੁੰਦੀ ਹੈ। ਜਿੱਥੇ ਮਾਂ ਹੁੰਦੀ ਹੈ ਉੱਥੇ ਮਮਤਾ ਵੀ ਹੁੰਦੀ ਹੈ। ਦੁਨਿਆ ਵਿਚ ਸਭ ਤੋਂ ਮਿੱਠੀ ਤੇ ਉੱਤਮ ਵਸਤੂ ਮਾਂ ਦੀ ਮਮਤਾ ਹੈ। ਜਿਸ ਦੀ ਕਦਰ ਕਰਨਾ ਮਨੁੱਖ ਦਾ ਫ਼ਰਜ਼ ਹੈ।

73077-36899

# ਪਹਿਲਗਾਮ ਹਮਲਾ: ਸੁਪਰੀਮ ਕੋਰਟ ਵੱਲੋਂ ਸੈਲਾਨੀਆਂ ਦੀ ਸੁਰੱਖਿਆ ਸਬੰਧੀ ਪਟੀਸ਼ਨ ਖ਼ਾਰਜ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਜੰਮੂ-ਕਸ਼ਮੀਰ ਦੇ ਦੂਰ-ਦੁਰਾਡੇ ਪਹਾੜੀ ਇਲਾਕਿਆਂ ਵਿੱਚ ਪਹਿਲਗਾਮ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਸੈਲਾਨੀਆਂ ਦੀ ਸੁਰੱਖਿਆ ਦੀ ਮੰਗ ਕਰਨ ਵਾਲੀ ਇੱਕ ਲੋਕ ਹਿੱਤ ਪਟੀਸ਼ਨ ਖਾਰਜ ਕਰ ਦਿੱਤੀ ਹੈ। ਗ਼ੌਰਤਲਬ ਹੈ ਕਿ ਹਾਲ ਹੀ ਵਿੱਚ ਹੋਏ ਪਹਿਲਗਾਮ ਹਮਲੇ ਵਿਚ 26 ਲੋਕਾਂ ਦੀ ਜਾਨ ਚਲੀ ਗਈ ਸੀ, ਜਿਨ੍ਹਾਂ ਵਿਚੋਂ ਬਹੁਤੇ ਮੁਲਕ ਦੇ ਵੱਖ-ਵੱਖ ਹਿੱਸਿਆਂ ਤੋਂ ਉਥੇ ਸੈਰ-ਸਪਾਟੇ ਲਈ ਗਏ ਸੈਲਾਨੀ ਸਨ।

ਜਸਟਿਸ ਸੂਰਿਆ ਕਾਂਤ ਅਤੇ ਐਨ. ਕੋਟੀਸ਼ਵਰ ਸਿੰਘ ਦੇ ਬੈਂਚ ਨੇ ਲੋਕ ਹਿੱਤ ਪਟੀਸ਼ਨ ਦਾਇਰ ਕਰਨ ਲਈ ਵਕੀਲ ਵਿਸ਼ਾਲ ਤਿਵਾੜੀ ਦੀ ਖਿਚਾਈ ਕੀਤੀ ਅਤੇ ਕਿਹਾ ਕਿ ਇਹ ਪਟੀਸ਼ਨ ਬਿਨਾਂ ਕਿਸੇ ਜਨਤਕ ਮਕਸਦ ਦੇ ਸਿਰਫ ਪ੍ਰਚਾਰ ਲਈ ਲਿਆਂਦੀ ਗਈ ਹੈ।



ਜਸਟਿਸ ਸੂਰਿਆ ਕਾਂਤ ਨੇ ਪਟੀਸ਼ਨਰ ਨੂੰ ਕਿਹਾ, ਤੁਸੀਂ ਇਸ ਤਰ੍ਹਾਂ ਦੀ ਲੋਕ ਹਿੱਤ ਪਟੀਸ਼ਨ ਕਿਉਂ ਦਾਇਰ ਕੀਤੀ ਹੈ? ਤੁਹਾਡਾ ਅਸਲ ਮਕਸਦ ਕੀ ਹੈ? ਕੀ ਤੁਸੀਂ ਮੁੱਦੇ ਦੀ ਸੰਵੇਦਨਸ਼ੀਲਤਾ ਨੂੰ ਨਹੀਂ ਸਮਝਦੇ? ਮੈਨੂੰ ਲੱਗਦਾ ਹੈ ਕਿ ਤੁਸੀਂ ਚਾਹੁੰਦੇ ਹੋ ਕਿ ਇਹ ਲੋਕ ਹਿੱਤ ਪਟੀਸ਼ਨ ਦਾਇਰ ਕਰਨ ਤੁਹਾਨੂੰ ਕੁਝ ਮਿਸਾਲੀ ਡੰਨ ਲਾਇਆ ਜਾਵੇ।"

ਪਟੀਸ਼ਨਰ ਦੇ ਵਕੀਲ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ, ਇਸ ਲਈ ਉਹ ਉਨ੍ਹਾਂ ਦੀ ਸੁਰੱਖਿਆ ਲਈ ਨਿਰਦੇਸ਼ ਮੰਗ ਰਿਹਾ ਸੀ। ਬੈਂਚ ਨੇ ਆਪਣੇ ਹੁਕਮ ਵਿੱਚ ਕਿਹਾ, ਪਟੀਸ਼ਨਰ ਇੱਕ ਤੋਂ ਬਾਅਦ ਇੱਕ ਲੋਕ ਹਿੱਤ ਪਟੀਸ਼ਨਾਂ ਦਾਇਰ ਕਰ ਰਿਹਾ ਹੈ ਜਿਸ ਵਿੱਚ ਮੁੱਖ ਉਦੇਸ਼ ਜਨਤਕ ਭਲਾਈ ਵਿੱਚ ਕੋਈ ਦਿਲਚਸਪੀ ਨਾ ਹੋਣ ਦੇ ਬਾਵਜੂਦ ਪ੍ਰਚਾਰ ਪ੍ਰਾਪਤ ਕਰਨਾ ਜਾਪਦਾ ਹੈ। ਗ਼ੌਰਤਲਬ ਹੈ ਕਿ ਅੱਤਵਾਦੀਆਂ ਨੇ ਬੀਤੀ 22 ਅਪਰੈਲ ਨੂੰ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਦੇ ਉੱਪਰਲੇ ਹਿੱਸੇ ਵਿੱਚ ਇੱਕ ਪ੍ਰਸਿੱਧ ਸੈਰ-ਸਪਾਟਾ ਸਥਾਨ ਬੈਸਰਨ ਮੈਦਾਨ ਵਿੱਚ ਗੋਲੀਬਾਰੀ ਕੀਤੀ, ਜਿਸ ਵਿੱਚ 26 ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਦੂਜੇ ਰਾਜਾਂ ਦੇ ਸੈਲਾਨੀ ਸਨ। ਇਸ ਘਟਨਾ ਨੇ ਭਾਰਤ-ਪਾਕਿਸਤਾਨ ਦਰਮਿਆਨ ਤਣਾਅ ਨੂੰ ਵਧਾ ਦਿੱਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਾਅਵਾ ਕੀਤਾ ਕਿ ਕਾਤਲਾਂ ਦਾ ਪਿੱਛਾ ਧਰਤੀ ਦੇ ਆਖ਼ਰੀ ਕੋਨੇ ਤੱਕ ਕੀਤਾ ਜਾਵੇਗਾ।

# ਬੀਬੀਐੱਮਬੀ ਦੇ ਫੈਸਲੇ ਸਮੇਤ ਪਾਣੀਆਂ ਦੇ ਮਾਮਲਿਆਂ 'ਤੇ ਸਰਬਸੰਮਤੀ ਨਾਲ ਮਤਾ ਪਾਸ, ਡੈਮ ਸੇਫਟੀ ਐਕਟ ਪੰਜਾਬ ਦੇ ਹੱਕਾਂ 'ਤੇ ਹਮਲਾ ਕਰਾਰ

**BBMB ਵੱਲੋਂ ਸੱਦੀ ਮੀਟਿੰਗ ਗ਼ੈਰਕਾਨੂੰਨੀ ਕਰਾਰ; ਬਾਜਵਾ ਵੱਲੋਂ ਮਤੇ ਦੀ ਹਮਾਇਤ; ਮਤੇ ਜ਼ਰੀਏ ਡੈਮ ਸੇਫਟੀ ਐਕਟ 2021 ਰੱਦ**

**ਚੰਡੀਗੜ੍ਹ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਨੇ ਅੱਜ ਬੀਬੀਐੱਮਬੀ ਦੇ ਫੈਸਲੇ ਸਮੇਤ ਪਾਣੀਆਂ ਦੇ ਮਾਮਲਿਆਂ ਨੂੰ ਲੈ ਕੇ ਸਰਬਸੰਮਤੀ ਨਾਲ ਮਤਾ ਪਾਸ ਕਰ ਦਿੱਤਾ ਹੈ। ਭਾਰਤੀ ਜਨਤਾ ਪਾਰਟੀ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਪ੍ਰਸਤਾਵ ਵਿਚ 'ਭਾਜਪਾ' ਸ਼ਬਦ ਹੋਣ 'ਤੇ ਇਤਰਾਜ਼ ਕੀਤਾ, ਪਰੰਤੂ ਉਨ੍ਹਾਂ ਨੇ ਵੀ ਇਸ ਮਤੇ 'ਤੇ ਸਹਿਮਤੀ ਦੇ ਦਿੱਤੀ। ਇਸ ਮਤੇ ਜ਼ਰੀਏ ਡੈਮ ਸੇਫਟੀ ਐਕਟ 2021 ਨੂੰ ਵੀ ਰੱਦ ਕਰ ਦਿੱਤਾ ਹੈ। ਇਸ ਦੌਰਾਨ ਕਾਂਗਰਸੀ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਮਸ਼ਵਰਾ ਦਿੱਤਾ ਕਿ ਸੂਬਾ ਸਰਕਾਰ ਆਪਣਾ ਡੈਮ ਸੈਫਟੀ ਐਕਟ ਲੈ ਕੇ ਆਵੇ, ਜਿਸ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਸਵਿਕਾਰ ਕਰ ਲਿਆ। ਸਦਨ ਨੇ ਸਰਬ ਸੰਮਤੀ ਨਾਲ ਕਿਹਾ ਕਿ ਹਰਿਆਣਾ ਨੂੰ ਦੇਣ ਲਈ ਪੰਜਾਬ ਕੋਲ ਪਾਣੀ ਦੀ ਇਕ ਬੂੰਦ ਵੀ ਫਾਲਤੂ ਨਹੀਂ ਹੈ। ਇਸ ਤੋਂ ਪਹਿਲਾਂ ਪੰਜਾਬ ਵਿਧਾਨ



ਸਭਾ ਦਾ ਸਪੈਸ਼ਲ ਸੈਸ਼ਨ ਸ਼ੁਰੂ ਹੋਣ ਮੌਕੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਖ਼ਿਲਾਫ਼ ਮਤਾ ਲਿਆਂਦਾ ਗਿਆ ਸੀ। ਪੰਜਾਬ ਦੇ ਜਲ ਸਿੰਜਾਈ ਮੰਤਰੀ ਬਰਿੰਦਰ ਗੋਇਲ ਨੇ ਮਤਾ ਪੇਸ਼ ਕਰਦਿਆਂ ਕਿਹਾ ਸੀ ਕਿ ਹਰਿਆਣਾ ਨੂੰ ਇਨਸਾਨੀਅਤ ਨਾਤੇ 4000 ਕਿਊਸਿਕ ਪਾਣੀ ਜਾਰੀ ਰਹੇਗਾ ਤੇ ਇਸ ਤੋਂ ਇਲਾਵਾ ਇਕ ਵੀ ਬੂੰਦ ਫਾਲਤੂ ਨਹੀਂ ਦਿੱਤੀ ਜਾਵੇਗੀ।

ਉਨ੍ਹਾਂ ਮੰਗ ਕੀਤੀ ਕਿ ਨਦੀਆਂ ਦੇ ਪਾਣੀ ਦੇ ਬਟਵਾਰੇ ਲਈ ਨਵੀਂ ਸੰਧੀ ਕੀਤੀ ਜਾਵੇ। ਉਨ੍ਹਾਂ ਪੇਸ਼ ਮਤੇ ਵਿਚ ਡੈਮ ਸੇਫਟੀ ਐਕਟ 2021 ਨੂੰ ਪੰਜਾਬ ਦੇ ਅਧਿਕਾਰਾਂ 'ਤੇ ਹਮਲਾ ਦੱਸਿਆ ਅਤੇ ਇਸ ਐਕਟ ਨੂੰ ਫੌਰੀ ਰੱਦ ਕਰਨ ਲਈ ਕਿਹਾ। ਪੇਸ਼ ਮਤੇ ਵਿਚ 22$2 ਵੱਲੋਂ ਬੁਲਾਈ ਮੀਟਿੰਗ ਨੂੰ ਗੈਰਕਾਨੂੰਨੀ ਦੱਸਿਆ। ਇਹ ਵੀ ਕਿਹਾ ਕਿ ਬੀਬੀਐੱਮਬੀ ਕੋਈ ਵੀ ਗੈਰਕਾਨੂੰਨੀ ਫੈਸਲਾ ਲੈਣ ਤੋਂ ਗੁਰੇਜ਼ ਕਰੇ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਬੀਬੀਐੱਮਬੀ ਪੰਜਾਬ ਨਾਲ ਥਾਣੇਦਾਰਾਂ ਵਰਗਾ ਵਿਵਹਾਰ ਕਰ ਰਿਹਾ। ਆਏ ਦਿਨ ਮੀਟਿੰਗਾਂ ਕਰਕੇ ਗੈਰਕਾਨੂੰਨੀ ਫੈਸਲਾ ਕਰ ਰਿਹਾ ਹੈ। ਪੰਜਾਬ ਨੇ ਮਤੇ ਰਾਹੀਂ ਯਮੁਨਾ ਦੇ ਪਾਣੀ 'ਚੋਂ ਹਿੱਸਾ ਮੰਗਿਆ। ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮਤੇ ਦੀ ਹਮਾਇਤ ਕੀਤੀ। ਉਨ੍ਹਾਂ ਬੀਬੀਐੱਮਬੀ ਤੇ ਡੈਮ ਸੇਫਟੀ ਐਕਟ ਰੱਦ ਕਰਨ ਦੀ ਮੰਗ ਵੀ ਕੀਤੀ।

ਭਾਜਪਾ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਮਤੇ ਵਿੱਚ ਸੈਂਟਰ ਦਾ ਜ਼ਿਕਰ ਹੋਣ 'ਤੇ ਇਤਰਾਜ਼ ਕੀਤਾ। ਵਿਧਾਨ ਸਭਾ ਚ ਅਹਿਮ ਮਤੇ 'ਤੇ ਬਹਿਸ ਮੌਕੇ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਮਜੀਠੀਆ ਸਦਨ 'ਚੋ ਗੈਰਹਾਜ਼ਰ ਰਹੇ।

ਮੁੱਖ ਮੰਤਰੀ ਭਗਵੰਤ ਮਾਨ ਤੇ ਕੈਬਨਿਟ ਮੰਤਰੀ ਕੁਲਦੀਪ ਧਾਲੀਵਾਲ ਵਿਸ਼ੇਸ਼ ਇਜਲਾਸ ਲਈ ਅਸੈਂਬਲੀ ਵਿਚ ਪਹੁੰਚਦੇ ਹੋਏ।

**ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ**

ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀਆਂ ਦੇਣ ਨਾਲ ਸ਼ੁਰੂ ਹੋਇਆ। ਸਦਨ ਨੇ 22 ਅਪਰੈਲ ਨੂੰ ਹੋਏ ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਦਨ ਬੇਸ਼ੱਕ ਮਾਸੂਮ ਸੈਲਾਨੀਆਂ 'ਤੇ ਹੋਈ ਹਿੰਸਾ ਦੀ ਨਿੰਦਾ ਕਰਦਾ ਹੈ ਪਰ ਸਦਨ ਨੂੰ ਉਮੀਦ ਹੈ ਕਿ ਕੇਂਦਰ ਅਤੇ ਸੂਬਾ (ਜੰਮੂ-ਕਸ਼ਮੀਰ) ਸਰਕਾਰ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੋਸ਼ਿਸ਼ ਕਰੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਅਜਿਹੀਆਂ ਭਿਆਨਕ ਘਟਨਾਵਾਂ ਮੁੜ ਨਾ ਵਾਪਰਨ।

ਕਾਬਿਲੇਗੌਰ ਹੈ ਕਿ ਇਹ ਇੱਕ ਦਿਨ ਦਾ ਵਿਸ਼ੇਸ਼ ਇਜਲਾਸ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐੱਮਬੀ) ਵੱਲੋਂ 30 ਅਪਰੈਲ ਨੂੰ ਜਾਰੀ ਕੀਤੇ ਗਏ ਹੁਕਮ 'ਤੇ ਚਰਚਾ ਕਰਨ ਲਈ ਬੁਲਾਇਆ ਗਿਆ ਸੀ, ਜਿਸ ਵਿੱਚ ਪੰਜਾਬ ਨੂੰ ਹਰਿਆਣਾ ਨੂੰ ਕੁੱਲ 8500 ਕਿਊਸਿਕ ਵਾਧੂ ਪਾਣੀ ਦੇਣ ਲਈ ਕਿਹਾ ਗਿਆ ਹੈ। ਜਦੋਂ ਕਿ ਪੰਜਾਬ ਭਾਖੜਾ ਡੈਮ ਤੋਂ ਗੁਆਂਢੀ ਸੂਬੇ ਨੂੰ 4000 ਕਿਊਸਿਕ ਵਾਧੂ ਪਾਣੀ ਦੇ ਰਿਹਾ ਸੀ। ਸੂਬੇ ਨੇ ਹਰਿਆਣਾ ਦੀ 4500 ਕਿਊਸਿਕ ਹੋਰ ਪਾਣੀ ਦੇਣ ਦੀ ਮੰਗ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ।

ਸੂਬੇ ਦੀਆਂ ਸਾਰੀਆਂ ਵਿਰੋਧੀ ਸਿਆਸੀ ਪਾਰਟੀਆਂ ਪਹਿਲਾਂ ਹੀ ਇਸ ਮੁੱਦੇ 'ਤੇ ਸੱਤਾਧਾਰੀ ਪਾਰਟੀ, ਆਮ ਆਦਮੀ ਪਾਰਟੀ ਦਾ ਸਮਰਥਨ ਕਰ ਚੁੱਕੀਆਂ ਹਨ।

ਵਿਸ਼ੇਸ਼ ਇਜਲਾਸ ਦੌਰਾਨ ਸਦਨ ਨੇ ਪੰਜਾਬ ਦੇ ਸਾਬਕਾ ਸੰਸਦ ਮੈਂਬਰ ਮਾਸਟਰ ਭਗਤ ਰਾਮ ਅਤੇ ਸਾਬਕਾ ਮੰਤਰੀ ਰਣਧੀਰ ਸਿੰਘ ਚੀਮਾ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ। ਸਾਰੇ ਵਿਧਾਇਕਾਂ ਵੱਲੋਂ ਵਿਛੜੀਆਂ ਰੂਹਾਂ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।

# ਟਰੰਪ ਨੇ ਹੁਣ ਵਿਦੇਸ਼ੀ ਫਿਲਮਾਂ ਖ਼ਿਲਾਫ਼ ਖੋਲ੍ਹਿਆ ਮੋਰਚਾ, ਦਿੱਤੀ 100% ਟੈਕਸ ਲਾਉਣ ਦੀ ਧਮਕੀ

**ਨਿਊਯਾਰਕ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਆਪਣੀ ਟੈਰਿਫ ਜੰਗ ਵਿੱਚ ਇੱਕ ਨਵਾਂ ਮੋਰਚਾ ਖੋਲ੍ਹ ਰਹੇ ਹਨ, ਜਿਸ ਤਹਿਤ ਉਨ੍ਹਾਂ ਅਮਰੀਕਾ ਤੋਂ ਬਾਹਰ ਬਣੀਆਂ ਫਿਲਮਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਹੈ। ਉਨ੍ਹਾਂ ਇਹ ਗੱਲ ਐਤਵਾਰ ਰਾਤ ਨੂੰ ਆਪਣੇ ਟਰੁੱਥ ਸੋਸ਼ਲ ਪਲੇਟਫਾਰਮ 'ਤੇ ਇੱਕ ਪੋਸਟ ਵਿੱਚ ਕਹੀ ਹੈ।

ਟਰੰਪ ਨੇ ਆਪਣੀ ਪੋਸਟ ਵਿਚ ਕਿਹਾ ਕਿ ਉਨ੍ਹਾਂ ਵਣਜ ਵਿਭਾਗ ਅਤੇ ਅਮਰੀਕੀ ਵਪਾਰ ਪ੍ਰਤੀਨਿਧੀ ਦੇ ਦਫਤਰ ਨੂੰ ਸਾਡੇ ਮੁਲਕ ਵਿੱਚ ਆਉਣ ਵਾਲੀ ਕਿਸੇ ਵੀ ਅਤੇ ਸਾਰੀਆਂ ਫਿਲਮਾਂ, ਜੋ ਵਿਦੇਸ਼ੀ ਧਰਤੀ ਉਤੇ ਬਣੀਆਂ ਹੋਣ, ਉਤੇ 100 ਫ਼ੀਸਦੀ ਟੈਰਿਫ ਲਗਾਉਣ ਦਾ ਅਧਿਕਾਰ ਦਿੱਤਾ ਹੈ।

ਉਨ੍ਹਾਂ ਆਪਣੀ ਪੋਸਟ ਵਿਚ ਲਿਖਿਆ ਹੈ: ਅਮਰੀਕਾ ਵਿੱਚ ਫਿਲਮ ਸਨਅਤ ਬਹੁਤ ਤੇਜ਼ੀ ਨਾਲ ਮੌਤ ਦੇ ਮੂੰਹ ਜਾ ਰਹੀ ਹੈ। ਨਾਲ ਹੀ ਉਨ੍ਹਾਂ ਸ਼ਿਕਾਇਤ ਕੀਤੀ ਕਿ ਦੂਜੇ ਮੁਲਕ



ਫਿਲਮ ਨਿਰਮਾਤਾਵਾਂ ਅਤੇ ਸਟੂਡੀਓਜ਼ ਨੂੰ ਅਮਰੀਕਾ ਤੋਂ ਦੂਰ ਖਿੱਚਣ ਲਈ ਹਰ ਤਰ੍ਹਾਂ ਦੀਆਂ ਹੱਲਾਸ਼ੇਰੀਆਂ ਦੀ ਪੇਸ਼ਕਸ਼ ਕਰ ਰਹੇ ਹਨ।

ਉਂਝ ਇਹ ਫ਼ੌਰੀ ਤੌਰ 'ਤੇ ਸਾਫ਼ ਨਹੀਂ ਹੋ ਸਕਿਆ ਸੀ ਕਿ ਕੌਮਾਂਤਰੀ ਨਿਰਮਾਣ 'ਤੇ ਅਜਿਹਾ ਕੋਈ ਟੈਰਿਫ ਕਿਵੇਂ ਲਾਗੂ ਕੀਤਾ ਜਾ ਸਕਦਾ ਹੈ। ਵੱਡੀਆਂ ਅਤੇ ਛੋਟੀਆਂ ਦੋਵਾਂ ਫਿਲਮਾਂ ਦਾ ਅਮਰੀਕਾ ਅਤੇ ਦੂਜੇ ਦੇਸ਼ਾਂ ਦੋਵਾਂ ਵਿੱਚ ਨਿਰਮਾਣ ਸ਼ਾਮਲ ਕਰਨਾ ਆਮ ਗੱਲ ਹੈ। ਮਸਲਿਨ, ਆਉਣ ਵਾਲੀ ਮਿਸ਼ਨ: ਇੰਪੌਸੀਬਲ - ਦ ਫਾਈਨਲ ਰਿਕੋਨਿੰਗ ਵਰਗੀਆਂ ਵੱਡੀਆਂ-ਬਜਟ ਫਿਲਮਾਂ ਦੁਨੀਆ ਭਰ ਵਿੱਚ ਸ਼ੂਟ ਕੀਤੀਆਂ ਜਾਂਦੀਆਂ ਹਨ।

ਸਾਲਾਂ ਤੋਂ ਪ੍ਰੋਤਸਾਹਨ ਪ੍ਰੋਗਰਾਮਾਂ ਨੇ ਫਿਲਮਾਂ ਦੀ ਸ਼ੂਟਿੰਗ ਦੇ ਸਥਾਨ ਨੂੰ ਪ੍ਰਭਾਵਿਤ ਕੀਤਾ ਹੈ, ਜਿਸ ਨਾਲ ਫਿਲਮ ਨਿਰਮਾਣ ਕੈਲੀਫੋਰਨੀਆ ਤੋਂ ਬਾਹਰ ਅਤੇ ਕੈਨੇਡਾ ਤੇ ਯੂਨਾਈਟਿਡ ਕਿੰਗਡਮ ਵਰਗੇ ਅਨੁਕੂਲ ਟੈਕਸ ਹੱਲਾਸ਼ੇਰੀ ਵਾਲੇ ਹੋਰ ਰਾਜਾਂ ਅਤੇ ਦੇਸ਼ਾਂ ਵਿੱਚ ਵਧਦਾ ਜਾ ਰਿਹਾ ਹੈ। ਗ਼ੌਰਤਲਬ ਹੈ ਕਿ ਚੀਨ ਨੇ ਵੀ ਆਪਣੇ ਘਰੇਲੂ ਫਿਲਮ ਨਿਰਮਾਣ ਨੂੰ ਵਧਾ ਦਿੱਤਾ ਹੈ, ਜਿਸਦੇ ਨਤੀਜੇ ਵਜੋਂ ਐਨੀਮੇਟਿਡ ਬਲਾਕਬਸਟਰ ਨੇ ਨੇ ਇਸ ਸਾਲ 2 ਅਰਬ ਤੋਂ ਵੱਧ ਅਮਰੀਕੀ ਡਾਲਰ ਦੀ ਕਮਾਈ ਕੀਤੀ। ਪਰ ਫਿਰ ਗੱਲ ਵੀ ਹੈ ਕਿ ਇਸ ਨੇ ਇਹ ਕਮਾਈ ਮੁੱਖ ਤੌਰ 'ਤੇ ਲਗਭਗ ਪੂਰੀ ਤਰ੍ਹਾਂ ਮੁੱਖ ਭੂਮੀ ਚੀਨ ਵਿਚੋਂ ਹੀ ਕੀਤੀ ਹੈ। ਉੱਤਰੀ ਅਮਰੀਕਾ ਮਹਾਂਦੀਪ (ਜਿਸ ਵਿਚ ਅਮਰੀਕਾ, ਕੈਨੇਡਾ ਤੇ ਮੈਕਸੀਕੋ ਵਰਗੇ ਮੁਲਕ ਆਉਂਦੇ ਹਨ) ਵਿੱਚ ਇਸ ਨੇ ਸਿਰਫ 2.09 ਕਰੋੜ ਡਾਲਰ ਦੀ ਹੀ ਕਮਾਈ ਕੀਤੀ।

# ਜਸਟਿਸ ਵਰਮਾ ਖ਼ਿਲਾਫ਼ ਦੋਸ਼ਾਂ ਬਾਰੇ ਸੁਪਰੀਮ ਕੋਰਟ ਵੱਲੋਂ ਨਿਯੁਕਤ ਪੈਨਲ ਨੇ ਰਿਪੋਰਟ CJI ਨੂੰ ਸੌਂਪੀ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਲਾਹਾਬਾਦ ਹਾਈ ਕੋਰਟ ਦੇ ਜੱਜ ਜਸਟਿਸ ਯਸ਼ਵੰਤ ਵਰਮਾ ਦੀ ਰਿਹਾਇਸ਼ ਤੋਂ ਨਕਦੀ ਮਿਲਣ ਦੇ ਦੋਸ਼ਾਂ ਦੀ ਜਾਂਚ ਲਈ ਸੁਪਰੀਮ ਕੋਰਟ ਵੱਲੋਂ ਨਿਯੁਕਤ ਤਿੰਨ ਜੱਜਾਂ ਦੇ ਪੈਨਲ ਨੇ ਆਪਣੀ ਜਾਂਚ ਰਿਪੋਰਟ ਭਾਰਤ ਦੇ ਚੀਫ਼ ਜਸਟਿਸ ਸੰਜੀਵ ਖੰਨਾ ਨੂੰ ਸੌਂਪ ਦਿੱਤੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਜਸਟਿਸ ਸ਼ੀਲ ਨਾਗੂ, ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਜਸਟਿਸ ਜੀਐਸ ਸੰਧਾਵਾਲੀਆ ਅਤੇ ਕਰਨਾਟਕ ਹਾਈ ਕੋਰਟ ਦੇ ਜਸਟਿਸ ਅਨੂ ਸ਼ਿਵਰਾਮਨ 'ਤੇ ਆਧਾਰਿਤ ਤਿੰਨ ਮੈਂਬਰੀ ਪੈਨਲ ਨੇ 3 ਮਈ ਨੂੰ ਆਪਣੀ ਰਿਪੋਰਟ ਨੂੰ ਅੰਤਿਮ ਰੂਪ ਦਿੱਤਾ ਸੀ। ਰਿਪੋਰਟ 4 ਮਈ ਨੂੰ ਸੀਜੇਆਈ ਨੂੰ ਸੌਂਪ ਦਿੱਤੀ ਗਈ ਸੀ ਅਤੇ ਹੁਣ ਜੇ ਇਸ ਸਬੰਧੀ ਕੋਈ ਕਾਰਵਾਈ ਕੀਤੀ ਜਾਣੀ ਬਣਦੀ ਹੋਈ ਤਾਂ ਉਹ ਕੀਤੀ ਜਾਵੇਗੀ। ਰਿਪੋਰਟ ਵਿੱਚ ਜਸਟਿਸ ਵਰਮਾ ਦੀ ਲੁਟੀਅਨਜ਼ ਦਿੱਲੀ ਸਥਿਤ ਰਿਹਾਇਸ਼ 'ਤੇ 14 ਮਾਰਚ ਨੂੰ \ਅੱਗ ਲੱਗਣ ਤੋਂ ਬਾਅਦ ਕਥਿਤ ਤੌਰ 'ਤੇ ਨਕਦੀ ਮਿਲਣ ਦੇ ਵਿਵਾਦ ਸਬੰਧੀ ਪੈਨਲ ਦੇ ਨਤੀਜੇ ਸ਼ਾਮਲ ਹਨ। ਦੱਸਣਯੋਗ ਹੈ ਕਿ ਅੱਗ ਲੱਗਣ ਤੋਂ ਬਾਅਦ ਫਾਇਰ ਬ੍ਰਿਗੇਡ ਅਧਿਕਾਰੀਆਂ ਨੂੰ ਮੌਕੇ 'ਤੇ ਪਹੁੰਚ ਕੇ ਅੱਗ ਬੁਝਾਉਣ ਲਈ ਕਿਹਾ ਗਿਆ ਸੀ। ਬਾਅਦ ਵਿਚ ਨਕਦੀ ਮਿਲਣ ਸਬੰਧੀ ਇੱਕ ਮੀਡੀਆ ਰਿਪੋਰਟ ਕਾਰਨ ਇਸ ਬਾਰੇ ਵਿਵਾਦ ਖੜ੍ਹਾ ਹੋ ਗਿਆ ਸੀ।

# ਭਾਰਤ ਵੱਲੋਂ ਹਮਲਾ ਕਰਨ ਜਾਂ ਪਾਣੀ ਰੋਕਣ 'ਤੇ ਪਾਕਿ ਨੇ ਦਿੱਤੀ ਪਰਮਾਣੂ ਹਮਲੇ ਦੀ ਧਮਕੀ

**ਮਾਸਕੋ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਨਵੀਂ ਦਿੱਲੀ ਅਤੇ ਇਸਲਾਮਾਬਾਦ ਵਿਚਕਾਰ ਤਣਾਅ ਦੇ ਦੌਰਾਨ ਪਾਕਿਸਤਾਨ ਦੇ ਰੂਸ ਵਿਚਲੇ ਰਾਜਦੂਤ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਭਾਰਤ ਨੇ ਉਨ੍ਹਾਂ ਦੇ ਮੁਲਕ ਉਤੇ ਹਮਲਾ ਕੀਤਾ ਜਾਂ ਇਸ ਦੇ ਅਹਿਮ ਪਾਣੀ ਦੇ ਵਹਾਅ ਵਿੱਚ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਪਾਕਿਸਤਾਨ 'ਪੂਰੀ ਤਾਕਤ' ਨਾਲ ਜਵਾਬ ਦੇਵੇਗਾ, ਜਿਸ ਵਿੱਚ ਪਰਮਾਣੂ ਹਮਲਾ ਵੀ ਸ਼ਾਮਲ ਹੈ।

ਰੂਸ ਵਿਚ ਪਾਕਿਸਤਾਨੀ ਰਾਜਦੂਤ ਮੁਹੰਮਦ ਖਾਲਿਦ ਜਮਾਲੀ ਨੇ ਰੂਸ ਦੀ ਸਰਕਾਰੀ ਖ਼ਬਰ ਏਜੰਸੀ ਨੂੰ ਦਿੱਤੀ ਇੱਕ ਇੰਟਰਵਿਊ ਦੌਰਾਨ ਇਹ ਟਿੱਪਣੀਆਂ ਕੀਤੀਆਂ ਹਨ।

ਇਹ ਚੇਤਾਵਨੀ ਦਿੰਦਿਆਂ ਕਿ ਪਾਕਿਸਤਾਨ ਕਿਸੇ ਵੀ ਹਮਲੇ ਦਾ ਜਵਾਬ ਦੇਣ ਲਈ ਤਿਆਰ ਹੈ, ਰਾਜਦੂਤ ਨੇ ਕਿਹਾ, ਅਸੀਂ ਪਾਕਿਸਤਾਨ ਵਿੱਚ ਤਾਕਤ ਦੇ ਪੂਰੇ ਸਪੈਕਟ੍ਰਮ ਦੀ ਵਰਤੋਂ ਕਰਾਂਗੇ, ਰਵਾਇਤੀ ਅਤੇ ਪਰਮਾਣੂ ਦੋਵੇਂ ਤਰੀਕਿਆਂ ਨਾਲ। ਗ਼ੌਰਤਲਬ ਹੈ ਕਿ ਬੀਤੀ 22 ਅਪਰੈਲ ਨੂੰ ਜੰਮੂ-ਕਸ਼ਮੀਰ ਵਿੱਚ ਪਹਿਲਗਾਮ ਵਿਚ ਸੈਲਾਨੀਆਂ



ਉਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਦੇ ਆਪਸੀ ਰਿਸ਼ਤੇ ਬੁਰੀ ਤਰ੍ਹਾਂ ਵਿਗੜ ਗਏ ਸਨ।

ਇਸ ਹਮਲੇ ਵਿੱਚ 26 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਭਾਰਤ ਦੇ ਵੱਖ-ਵੱਖ ਹਿੱਸਿਆਂ ਤੋਂ ਉਥੇ ਘੁੰਮਣ ਗਏ ਸੈਲਾਨੀ ਸਨ। ਜਮਾਲੀ ਨੇ ਇਸ ਮੌਕੇ ਸਿੰਧ ਜਲ ਸੰਧੀ ਬਾਰੇ ਇਸਲਾਮਾਬਾਦ ਦੀ ਸਥਿਤੀ ਨੂੰ ਦੁਹਰਾਇਆ। ਗ਼ੌਰਤਲਬ ਹੈ ਕਿ ਇਹ ਦਰਿਆਵਾਂ ਦੇ ਪਾਣੀਆਂ ਦੀ ਵੰਡ ਬਾਰੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਇੱਕ ਅਹਿਮ ਸਮਝੌਤਾ ਹੈ, ਜਿਸ ਨੂੰ ਨਵੀਂ ਦਿੱਲੀ ਨੇ ਪਿਛਲੇ ਹਫ਼ਤੇ ਅੱਤਵਾਦੀ ਹਮਲੇ ਪ੍ਰਤੀ ਆਪਣੇ ਸਫ਼ਾਰਤੀ ਜਵਾਬ ਦੇ ਹਿੱਸੇ ਵਜੋਂ ਮੁਅੱਤਲ ਕਰ ਦਿੱਤਾ ਸੀ।

ਜਮਾਲੀ ਨੇ ਕਿਹਾ, ਹੇਠਲੇ ਰਿਪੇਰੀਅਨ ਦੇ ਪਾਣੀ ਨੂੰ ਹੜੱਪਣ, ਜਾਂ ਇਸਨੂੰ ਰੋਕਣ, ਜਾਂ ਇਸਨੂੰ ਮੋੜਨ ਦੀ ਕੋਈ ਵੀ ਕੋਸ਼ਿਸ਼ ਪਾਕਿਸਤਾਨ ਵਿਰੁੱਧ ਜੰਗ ਦੀ ਕਾਰਵਾਈ ਮੰਨੀ ਜਾਵੇਗੀ ਅਤੇ ਇਸਦਾ ਜਵਾਬ ਪੂਰੀ ਤਾਕਤ ਨਾਲ ਦਿੱਤਾ ਜਾਵੇਗਾ, ਜਿਸ ਵਿੱਚ ਪਰਮਾਣੂ ਵੀ ਸ਼ਾਮਲ ਹੈ।

ਉਂਝ ਨਾਲ ਹੀ ਰਾਜਦੂਤ ਨੇ ਤਣਾਅ ਘਟਾਉਣ ਦੀ ਅਪੀਲ ਕੀਤੀ, ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਕੋਲ ਪਰਮਾਣੂ ਹਥਿਆਰ ਹੋਣ ਦੇ ਸੰਭਾਵੀ ਖ਼ਤਰੇ ਨੂੰ ਧਿਆਨ ਵਿੱਚ ਰੱਖਦਿਆਂ ਤਣਾਅ ਘਟਾਇਆ ਜਾਣਾ ਚਾਹੀਦਾ ਹੈ।

# ਅਮਰੀਕੀ ਸ਼ਹਿਰ ਫੀਨਿਕਸ ਦੇ ਰੈਸਟੋਰੈਂਟ 'ਚ 9 ਲੋਕਾਂ ਨੂੰ ਗੋਲੀ ਮਾਰੀ

**ਗਲੈਂਡੇਲ (ਅਮਰੀਕਾ), 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕੀ ਸੂਬੇ ਐਰੀਜ਼ੋਨਾ ਦੇ ਸ਼ਹਿਰ ਫੀਨਿਕਸ ਦੇ ਇੱਕ ਉਪਨਗਰ ਵਿੱਚ ਇੱਕ ਰੈਸਟੋਰੈਂਟ ਵਿੱਚ ਨੌਂ ਲੋਕਾਂ ਨੂੰ ਗੋਲੀ ਮਾਰ ਦਿੱਤੀ ਗਈ। ਇਹ ਜਾਣਕਾਰੀ ਪੁਲੀਸ ਨੇ ਦਿੱਤੀ ਹੈ। ਗਲੈਂਡੇਲ ਪੁਲੀਸ ਵਿਭਾਗ ਦੇ ਅਧਿਕਾਰੀ ਮੋਰੋਨੀ ਮੈਂਡੇਜ਼ ਨੇ ਘਟਨਾ ਸਥਾਨ 'ਤੇ ਇੱਕ ਬ੍ਰੀਫਿੰਗ ਦੌਰਾਨ ਕਿਹਾ ਕਿ ਪੁਲੀਸ ਨੂੰ ਸ਼ਾਮ 7:45 ਵਜੇ ਦੇ ਕਰੀਬ ਐਲ ਕੈਮਰੋਨ ਗਿਗਾਂਟੇ ਮੈਰੀਸਕੋਸ ਐਂਡ ਸਟੀਕਹਾਊਸ ਵਿਖੇ ਗੋਲੀਬਾਰੀ ਦੀਆਂ ਰਿਪੋਰਟਾਂ ਮਿਲੀਆਂ।

ਮੈਂਡੇਜ਼ ਨੇ ਕਿਹਾ ਕਿ ਸ਼ੁਰੂਆਤੀ ਜਾਂਚ ਜਾਰੀ ਹੈ,ਪਰ ਹਾਲੇ ਤੱਕ ਪੀੜਤਾਂ ਦੀ ਗਿਣਤੀ ਤੁਰੰਤ ਸਪੱਸ਼ਟ ਨਹੀਂ ਹੋ ਸਕੀ ਪਰ ਇਹ ਲਗਭਗ ਨੌਂ ਜਾਪਦੀ ਹੈ। ਪੀੜਤਾਂ ਦੀ ਡਾਕਟਰੀ ਸਥਿਤੀ ਤੁਰੰਤ ਉਪਲਬਧ ਨਹੀਂ ਸੀ।

ਪੁਲੀਸ ਦਾ ਮੰਨਣਾ ਹੈ ਕਿ ਗੋਲੀਬਾਰੀ ਵਿਚ ਇੱਕ ਤੋਂ ਵੱਧ ਸ਼ੂਟਰ ਸ਼ਾਮਲ ਸਨ। ਮੈਂਡੇਜ਼ ਨੇ ਕਿਹਾ ਕਿ ਜਾਂਚਕਰਤਾਵਾਂ ਨੇ ਖ਼ਬਰ ਲਿਖੇ ਜਾਣ ਤੱਕ ਕਿਸੇ ਮਸ਼ਕੂਕ ਨੂੰ ਹਿਰਾਸਤ ਵਿੱਚ ਨਹੀਂ ਲਿਆ ਸੀ, ਪਰ ਕਈ ਲੋਕਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਸੀ।

# ਜਲ ਤੇ ਹਵਾਈ ਸੈਨਾ ਦੇ ਮੁਖੀਆਂ ਮਗਰੋਂ ਰੱਖਿਆ ਸਕੱਤਰ ਵੱਲੋਂ ਮੋਦੀ ਨਾਲ ਮੁਲਾਕਾਤ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਹਿਲਗਾਮ ਦਹਿਸ਼ਤੀ ਮਗਰੋਂ ਬਣੇ ਹਾਲਾਤ 'ਤੇ ਨਜ਼ਰਸਾਨੀ ਤੇ ਅਗਲੇਰੀ ਰਣਨੀਤੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 7, ਲੋਕ ਕਲਿਆਣ ਮਾਰਗ ਸਥਿਤ ਅਧਿਕਾਰਤ ਰਿਹਾਇਸ਼ 'ਤੇ ਚੱਲ ਰਹੀਆਂ ਮੀਟਿੰਗਾਂ ਦੀ ਲੜੀ ਵਿੱਚ ਅੱਜ ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਸ੍ਰੀ ਮੋਦੀ ਵੱਲੋਂ ਪਿਛਲੇ ਦੋ ਦਿਨਾਂ ਵਿੱਚ ਕੀਤੀ ਗਈ ਇਹ ਤੀਜੀ ਉੱਚ ਪੱਧਰੀ ਨਿੱਜੀ ਮੀਟਿੰਗ ਹੈ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੇ ਪਿਛਲੇ ਦੋ ਦਿਨਾਂ ਵਿਚ ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ.ਤ੍ਰਿਪਾਠੀ ਅਤੇ ਹਵਾਈ ਸੈਨਾ ਮੁਖੀ ਏਅਰ ਚੀਫ ਮਾਰਸ਼ਲ ਏਪੀ ਸਿੰਘ ਨਾਲ ਮੁਲਾਕਾਤ ਕੀਤੀ ਹੈ।

ਸੂਤਰਾਂ ਨੇ ਕਿਹਾ ਕਿ ਇਨ੍ਹਾਂ ਬੈਠਕਾਂ ਦੌਰਾਨ ਪਹਿਲਗਾਮ ਦੇ ਬੈਸਰਨ ਵਿੱਚ 26 ਸੈਲਾਨੀਆਂ ਦੀ ਹੱਤਿਆ ਦੇ ਮੱਦੇਨਜ਼ਰ ਭਾਰਤ ਕੋਲ ਉਪਲਬਧ ਵਿਕਲਪਾਂ ਤੇ ਪਾਕਿਸਤਾਨ ਦੀ ਸੰਭਾਵੀ ਜਵਾਬੀ ਕਾਰਵਾਈ ਦੇ ਮੱਦੇਨਜ਼ਰ ਭਾਰਤ ਦੀ ਤਿਆਰੀ ਨੂੰ ਲੈ ਕੇ ਵਿਚਾਰ ਵਟਾਂਦਰਾ



ਕੀਤਾ ਗਿਆ ਹੈ। ਇਹ ਮੀਟਿੰਗ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਉਸ ਟਿੱਪਣੀ ਤੋਂ ਇੱਕ ਦਿਨ ਬਾਅਦ ਹੋਈ ਹੈ ਜਿਸ ਵਿਚ ਉਨ੍ਹਾਂ ਕਿਹਾ ਸੀ ਕਿ 'ਤੁਹਾਨੂੰ ਉਹ ਜਵਾਬ ਮਿਲੇਗਾ ਜਿਸ ਦੀ ਤੁਸੀਂ ਮੰਗ ਕਰ ਰਹੇ ਹੋ।" ਸਿੰਘ ਨੇ ਐਤਵਾਰ ਨੂੰ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਇਸ ਮੋੜ 'ਤੇ ਹਥਿਆਰਬੰਦ ਬਲਾਂ ਨਾਲ ਖੜ੍ਹੇ ਹੋਣਾ ਉਨ੍ਹਾਂ ਦਾ ਫਰਜ਼ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਦੀਆਂ ਜੋਖ਼ਮ ਲੈਣ ਦੀਆਂ ਸਮਰੱਥਾਵਾਂ ਦਾ ਵੀ ਹਵਾਲਾ ਦਿੱਤਾ।

ਕਾਬਿਲੇਗੌਰ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਿਛਲੇ ਦਿਨੀਂ ਫੌਜ ਮੁਖੀਆਂ ਨਾਲ ਮੁਲਾਕਾਤ ਮਗਰੋਂ ਕਿਹਾ ਸੀ ਕਿ ਦੇਸ਼ ਦੇ ਹਥਿਆਰਬੰਦਾਂ ਨੂੰ ਪਾਕਿਸਤਾਨ ਖਿਲਾਫ਼ ਜਵਾਬੀ ਕਾਰਵਾਈ ਬਾਰੇ ਫੈਸਲਾ ਲੈਣ ਦੀ ਪੂਰੀ ਖੁੱਲ੍ਹ ਹੈ। ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਅਜਿਹੇ ਮੌਕੇ ਕੀਤੀ ਹੈ ਜਦੋਂ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਵਿਚ ਪਹਿਲਗਾਮ ਦਹਿਸ਼ਤੀ ਹਮਲੇ ਨੂੰ ਲੈ ਕੇ ਭਾਰਤ ਤੇ ਪਾਕਿਸਤਾਨ ਵਿਚ ਬਣੇ ਤਣਾਅ ਬਾਰੇ ਬੰਦ ਕਮਰਾ ਮੀਟਿੰਗ ਅੱਜ ਲਈ ਤਜਵੀਜ਼ਤ ਹੈ।

## ਪੂਤਿਨ ਵੱਲੋਂ ਮੋਦੀ ਨਾਲ ਫੋਨ 'ਤੇ ਗੱਲਬਾਤ ਦੌਰਾਨ ਪਹਿਲਗਾਮ ਹਮਲੇ ਦੀ ਸਖ਼ਤ ਨਿੰਦਾ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੇ ਸੋਮਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਫ਼ੋਨ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਪਹਿਲਗਾਮ ਅਤਿਵਾਦੀ ਹਮਲੇ ਦੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿਚ ਲਿਆਂਦਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਇਸ ਭਿਆਨਕ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ। ਵਿਦੇਸ਼ ਮੰਤਰਾਲੇ (ਐੱਮਈਏ) ਦੇ ਅਨੁਸਾਰ ਪੂਤਿਨ ਨੇ ਮੋਦੀ ਨੂੰ ਇਹ ਵੀ ਕਿਹਾ ਕਿ ਰੂਸ ਅਤਿਵਾਦ ਵਿਰੁੱਧ ਭਾਰਤ ਦੀ ਲੜਾਈ ਦਾ ਪੂਰਾ ਸਮਰਥਨ ਕਰਦਾ ਹੈ।

# ਸੁਪਰੀਮ ਕੋਰਟ ਨੇ ਯੂਟਿਊਬ ਚੈੱਨਲ ਬਲਾਕ ਕਰਨ 'ਤੇ ਕੇਂਦਰ ਤੋਂ ਜਵਾਬ ਮੰਗਿਆ

**ਨਵੀਂ ਦਿੱਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**


ਸੁਪਰੀਮ ਕੋਰਟ ਨੇ ਸੋਮਵਾਰ ਨੂੰ ਯੂਟਿਊਬ ਚੈਨਲ '4ਪੀਐੱਮ' 'ਤੇ ਰੋਕ ਲਗਾਉਣ ਦੇ ਆਦੇਸ਼ ਨੂੰ ਰੱਦ ਕਰਨ ਦੀ ਪਟੀਸ਼ਨ 'ਤੇ ਕੇਂਦਰ ਅਤੇ ਹੋਰ ਪੱਖਾਂ ਤੋਂ ਜਵਾਬ ਮੰਗਿਆ ਹੈ। ਜਸਟਿਸ ਬੀਆਰ ਗਵਈ ਅਤੇ ਜਸਟਿਸ ਕੇਵੀ ਵਿਸ਼ਵਨਾਥਨ ਦੇ ਬੈਂਚ ਨੇ ਅਰਜ਼ੀ 'ਤੇ ਸੁਣਵਾਈ ਕਰਨ ਲਈ ਸਹਿਮਤੀ ਜਤਾਈ ਅਤੇ ਕੇਂਦਰ ਸਮੇਤ ਹੋਰ ਪੱਖਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ।

ਯੂਟਿਊਬ ਚੈਨਲ ਦੇ ਸੰਚਾਲਕ ਸੰਜੈ ਸ਼ਰਮਾ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਵਿਚ ਕੇਂਦਰ ਨੂੰ ਦਿੱਤੇ ਗਏ ਸਬੰਧਤ ਹੁਕਮ ਦੇ ਕਾਰਨਾਂ ਅਤੇ ਰਿਕਾਰਡ (ਜੇਕਰ ਕੋਈ ਹੈ) ਸਮੇਤ ਹੁਕਮ ਪੇਸ਼ ਕਰਨ ਲਈ ਕਿਹਾ ਗਿਆ ਹੈ। ਇਸ ਵਿਚ ਇਹ ਵੀ ਅਪੀਲ ਕੀਤੀ ਗਈ ਹੈ ਕਿ ਹੁਕਮਾਂ ਨੂੰ ਰੱਦ ਕੀਤਾ ਜਾਵੇ ਕਿਉਂਕਿ ਇਹ ਮਨਮਾਨੀ ਅਤੇ ਅਸੰਵਿਧਾਨਕ ਹੈ।

ਸੰਜੈ ਸ਼ਰਮਾ ਵੱਲੋਂ ਸੀਨੀਅਰ ਵਕੀਲ ਕਪਿਲ ਸਿਬਲ ਨੇ ਕਿਹਾ ਕਿ ਚੈੱਨਲ ਨੂੰ ਬਲਾਕ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਕੋਈ ਨੋਟਿਸ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ, ਪੂਰਾ ਚੈਨਲ ਬਿਨਾਂ ਕਿਸੇ ਕਾਰਨ ਦੇ ਬਲਾਕ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ, ਇਹ ਪਹਿਲੀ ਨਜ਼ਰ ਵਿਚ ਹੀ ਅਸੰਵਿਧਾਨਕ ਲੱਗਦਾ ਹੈ।

ਬੈਂਚ ਨੇ ਨੋਟਿਸ ਜਾਰੀ ਕਰਦੇ ਹੋਏ ਕਿਹਾ ਕਿ ਅਗਲੇ ਹਫ਼ਤੇ ਇਸ ਮਾਮਲੇ ਦੀ ਸੁਣਵਾਈ ਕੀਤੀ ਜਾਵੇਗੀ। ਅਰਜ਼ੀ ਵਿਚ ਜਾਣਕਾਰੀ ਤੱਕ ਪਹੁੰਚ ਨੂੰ ਰੋਕਣ ਦੀ ਪ੍ਰਕਿਰਿਆ ਅਤੇ ਸੁਰੱਖਿਆ ਉਪਾਵਾਂ ਨਾਲ ਸਬੰਧਤ 2009 ਦੇ ਆਈਟੀ ਨਿਯਮਾਂ ਦੇ ਨਿਯਮ 16 ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਨਿਯਮ 16 ਅਨੁਸਾਰ ਮਿਲੀਆਂ ਸਾਰੀਆਂ ਅਰਜ਼ੀਆਂ, ਸ਼ਿਕਾਇਤਾਂ ਅਤੇ ਉਨ੍ਹਾਂ 'ਤੇ ਕੀਤੀ ਕਾਰਵਾਈ ਬਾਰੇ ਸਖ਼ਤ ਰਾਜਦਾਰੀ ਬਣਾਈ ਰੱਖਣੀ ਹੁੰਦੀ ਹੈ।

# ਪੰਜਾਬ ਭਾਜਪਾ ਪੰਜਾਬੀਆਂ ਨਾਲ ਖੜ੍ਹੀ ਹੈ: ਅਸ਼ਵਨੀ ਸ਼ਰਮਾ



**ਚੰਡੀਗੜ੍ਹ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਮੁੱਦੇ 'ਤੇ ਪੰਜਾਬ ਭਾਜਪਾ ਪੰਜਾਬੀਆਂ ਨਾਲ ਖੜ੍ਹੀ ਹੈ। ਇਥੇ ਪੰਜਾਬ ਵਿਧਾਨ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਪੰਜਾਬ ਕੋਲ ਵਾਧੂ ਪਾਣੀ ਨਹੀਂ ਹੈ ਅਤੇ ਉਹ ਇਸ ਮਾਮਲੇ 'ਤੇ ਆਪਣਾ ਸਟੈਂਡ ਪਹਿਲਾਂ ਹੀ ਸਰਬ ਪਾਰਟੀ ਮੀਟਿੰਗ ਵਿੱਚ ਸਪਸ਼ਟ ਕਰ ਚੁੱਕੇ ਹਨ। ਇਸ ਦੇ ਨਾਲ ਹੀ ਅਸ਼ਵਨੀ ਸ਼ਰਮਾ ਨੇ ਸਵਾਲ ਚੁੱਕਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਨੂੰ ਤਿੰਨ ਸਾਲ ਬੀਤ ਚੁੱਕੇ ਹਨ ਅਤੇ ਪਹਿਲਾਂ ਵੀ ਹਰਿਆਣਾ ਨੂੰ ਵਾਧੂ ਪਾਣੀ ਦਿੱਤਾ ਜਾਂਦਾ ਰਿਹਾ ਹੈ, ਪਰ ਇਸ ਸਾਲ ਇਹ ਵਿਵਾਦ ਖੜ੍ਹਾ ਕਰਨ ਦਾ ਕਾਰਨ ਕਿਉਂ ਬਣਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਹੀ ਮਸਲਿਆਂ ਨੂੰ ਬੈਠ ਕੇ ਗੱਲਬਾਤ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ।

# ਸ਼ੰਭੂ ਧਰਨੇ ਤੋਂ ਇਕ ਦਿਨ ਪਹਿਲਾਂ ਕਿਸਾਨ ਆਗੂ ਡੱਲੇਵਾਲ ਤੇ ਸਾਥੀ ਘਰਾਂ 'ਚ ਨਜ਼ਰਬੰਦ

**ਫਰੀਦਕੋਟ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪੁਲੀਸ ਨੇ ਅੱਜ ਸਵੇਰੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਅਤੇ ਉਨ੍ਹਾਂ ਦੇ 10 ਸਾਥੀਆਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਹੀ ਨਜ਼ਰਬੰਦ ਕਰ ਦਿੱਤਾ ਹੈ। ਜਗਜੀਤ ਸਿੰਘ ਡੱਲੇਵਾਲ ਨੇ 6 ਮਈ ਨੂੰ ਸ਼ੰਭੂ ਥਾਣੇ ਅੱਗੇ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਸੀ।

ਇਸ ਧਰਨੇ ਤੋਂ ਪਹਿਲਾਂ ਹੀ ਅੱਜ ਪੁਲੀਸ ਨੇ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ, ਲਾਲ ਸਿੰਘ ਗੋਲੇਵਾਲਾ, ਇੰਦਰਜੀਤ ਸਿੰਘ ਘਣੀਆਂ, ਬਲਦੇਵ ਸਿੰਘ ਅਤੇ ਕੁਝ ਹੋਰ ਕਿਸਾਨਾਂ ਨੂੰ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ।

ਕਿਸਾਨ ਆਗੂ ਲਾਲ ਸਿੰਘ ਗੋਲੇਵਾਲਾ ਨੇ ਇਸ ਨਜ਼ਰਬੰਦੀ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੁਲੀਸ ਦੀ ਅਜਿਹੀ ਕਾਰਵਾਈ ਨਾਲ ਕਿਸਾਨਾਂ ਦਾ ਅੰਦੋਲਨ ਰੁਕਣ ਵਾਲਾ



ਨਹੀਂ ਅਤੇ ਉਨ੍ਹਾਂ ਦੇ ਸਾਥੀ ਕਿਸਾਨ ਸ਼ੰਭੂ ਥਾਣੇ ਅੱਗੇ ਹਰ ਹਾਲਤ ਵਿੱਚ ਧਰਨਾ ਦੇਣਗੇ।

**ਪੁਲੀਸ ਨੇ ਕਿਸਾਨ ਆਗੂਆਂ ਦੇ ਘਰਾਂ ਨੂੰ ਜਾਂਦੇ ਰਸਤੇ ਕੀਤੇ ਸੀਲ**

ਮਾਲੇਰਕੋਟਲਾ ਤੇ ਲੁਧਿਆਣਾ ਜ਼ਿਲ੍ਹਿਆਂ ਵਿਚ ਪੈਂਦੇ ਇਸ ਇਲਾਕੇ ਦੀ ਪੁਲੀਸ ਅੱਜ ਤੜਕਸਾਰ ਪੱਬਾਂ ਭਾਰ ਦੇਖੀ ਗਈ ਜਦੋਂ ਕਿ ਸੀਨੀਅਰ ਅਧਿਕਾਰੀਆਂ ਦੀ ਅਗਵਾਈ ਹੇਠ ਵੱਖ ਵੱਖ ਟੀਮਾਂ ਨੇ ਮੁੱਖ ਮਾਰਗਾਂ ਉੱਪਰ ਨਾਕੇ ਲਗਾਉਣ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਕਿਸਾਨ ਆਗੂਆਂ ਦੇ ਘਰਾਂ ਨੂੰ ਜਾਂਦੇ ਰਸਤੇ ਲਗਭਗ ਸੀਲ ਕਰ ਦਿੱਤੇ।

ਭਾਵੇਂ ਪ੍ਰਸ਼ਾਸਨ ਨੇ ਅੱਜ ਤੜਕਸਾਰ ਕੀਤੀ ਇਸ ਕਾਰਵਾਈ ਨੂੰ ਰੁਟੀਨ ਅਮਲ ਦੱਸਿਆ ਹੈ ਪਰ ਸੂਤਰ ਦੱਸਦੇ ਹਨ ਕਿ ਮੰਗਲਵਾਰ ਨੂੰ ਸ਼ੰਭੂ ਥਾਣੇ ਅੱਗੇ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਲਈ ਕਿਸਾਨ ਆਗੂਆਂ ਵੱਲੋਂ ਇੱਕ ਦਿਨ ਪਹਿਲਾਂ ਹੀ ਕੂਚ ਕਰਨ ਦੀਆਂ ਖਬਰਾਂ ਮਿਲਣ ਤੋਂ ਬਾਅਦ ਅੱਜ ਦੀ ਕਾਰਵਾਈ ਕੀਤੀ ਗਈ ਹੈ।

**ਪੁਲੀਸ ਵੱਲੋਂ ਅਹਿਮਦਗੜ੍ਹ ਵਿਖੇ ਰਾਏਕੋਟ ਰੋਡ 'ਤੇ ਲਾਇਆ ਗਿਆ ਨਾਕਾ।**

ਨਾਲ ਹੀ ਉਂਜ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਘਰ ਵਿੱਚ ਹੀ ਨਜ਼ਰਬੰਦ ਕੀਤੇ ਜਾਣ ਸਬੰਧੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਇਹ ਸਪਸ਼ਟ ਹੋ ਗਿਆ ਹੈ ਕਿ ਪੁਲੀਸ ਅਧਿਕਾਰੀਆਂ ਵੱਲੋਂ ਇਸ ਖੇਤਰ ਦੇ ਕਰੀਬ ਦਸ ਕਿਸਾਨ ਆਗੂਆਂ ਨੂੰ ਘਰਾਂ ਵਿੱਚ ਰੱਖਣ ਲਈ ਲੋੜੀਂਦੇ ਇੰਤਜ਼ਾਮ ਕਰ ਦਿੱਤੇ ਗਏ ਹਨ।

ਇਸ ਇਲਾਕੇ ਵਿੱਚ ਨਾਕਿਆਂ ਦੀ ਨਿਗਰਾਨੀ ਕਰ ਰਹੇ ਡੀਐਸਪੀ (ਸਪੈਸ਼ਲ) ਨੇ ਕਿਹਾ ਕਿ ਲੁਧਿਆਣਾ-ਮਾਲੇਰਕੋਟਲਾ, ਮਾਲੇਰਕੋਟਲਾ-ਖੰਨਾ, ਅਹਿਮਦਗੜ੍ਹ-ਰਾਏਕੋਟ ਅਤੇ ਕੁੱਪ-ਪਾਇਲ ਸੜਕਾਂ 'ਤੇ ਵਿਸ਼ੇਸ਼ ਨਾਕੇ ਲਗਾਏ ਗਏ ਹਨ ਪਰ ਉਨ੍ਹਾਂ ਕਿਸੇ ਵੀ ਕਿਸਾਨ ਆਗੂ ਨੂੰ ਨਜ਼ਰਬੰਦ ਕੀਤੇ ਜਾਣ ਦੀ ਗੱਲ ਤੋਂ ਟਾਲਾ ਵੱਟ ਲਿਆ।

ਉੱਧਰ ਐਸਕੇਐਮ (ਗੈਰ-ਰਾਜਨੀਤਿਕ) ਆਗੂ ਜਗਜੀਤ ਡੱਲੇਵਾਲ ਨੂੰ ਤੜਕੇ 4 ਵਜੇ ਦੇ ਕਰੀਬ ਘਰ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ ਸੀ ਜਿਸ ਬਾਰੇ ਡੱਲੇਵਾਲ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਪਾਏ ਹਨ।

ਬੀਤੇ ਸ਼ਨਿੱਚਰਵਾਰ ਨੂੰ ਕਿਸਾਨ ਮਜ਼ਦੂਰ ਮੋਰਚਾ (ਭਾਰਤ) ਅਤੇ ਐਸਕੇਐਮ (ਗੈਰ-ਰਾਜਨੀਤਿਕ) ਨੇ ਮੰਗਲਵਾਰ 6 ਮਈ ਨੂੰ ਸ਼ੰਭੂ ਪੁਲੀਸ ਸਟੇਸ਼ਨ ਦੇ ਬਾਹਰ ਵਿਰੋਧ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਸੀ। ਇਸ ਦੇ ਨਾਲ ਹੀ ਸਰਕਾਰ 'ਤੇ ਹਾਲ ਹੀ ਵਿੱਚ ਹੋਏ ਕਿਸਾਨ ਅੰਦੋਲਨ ਦੌਰਾਨ ਦਮਨਕਾਰੀ ਉਪਾਅ ਵਰਤਣ ਦਾ ਦੋਸ਼ ਲਗਾਇਆ ਗਿਆ ਸੀ ਅਤੇ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਸੀ।

# ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਧਰਨਾ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਚੇਤਾਵਨੀ

**ਟਵੀਟ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਵਾਸਤੇ ਤਿਆਰ ਰਹਿਣ ਲਈ ਕਿਹਾ**

**ਚੰਡੀਗੜ੍ਹ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਮੁੱਦੇ 'ਤੇ ਸੱਦੇ ਵਿਸ਼ੇਸ਼ ਇਜਲਾਸ ਤੋਂ ਪਹਿਲਾਂ ਅੱਜ ਇਕ ਟਵੀਟ ਵਿਚ ਧਰਨਾ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਨਹੀਂ ਹੋਣ ਦਿੱਤਾ ਜਾਵੇਗਾ।

ਮਾਨ ਨੇ ਐਕਸ 'ਤੇ ਇਕ ਪੋਸਟ ਵਿਚ ਕਿਹਾ ਕਿ ਪੰਜਾਬ ਵਿੱਚ ਸੜਕਾਂ ਰੋਕਣ ਜਾਂ ਰੇਲਾਂ ਰੋਕਣ ਜਾਂ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰਨ ਵਾਲੇ ਅਤੇ ਰੋਜ਼ਾਨਾ ਦੇ ਕੰਮਾਂ ਕਾਰਾਂ 'ਚ ਵਿਘਨ ਪਾਉਣ ਵਾਲੇ ਕਿਸੇ ਵੀ ਐਲਾਨ, ਧਰਨੇ ਜਾਂ ਹੜਤਾਲਾਂ ਨੂੰ ਪਬਲਿਕ ਦੇ ਵਿਰੁੱਧ ਮੰਨਿਆ ਜਾਵੇਗਾ। ਉਨ੍ਹਾਂ ਸਾਰੀਆਂ ਸੰਸਥਾਵਾਂ, ਜਥੇਬੰਦੀਆਂ ਅਤੇ ਯੂਨੀਅਨਾਂ ਨੂੰ ਕਿਹਾ ਹੈ ਕਿ ਵਿਰੋਧ ਕਰਨ ਦੇ ਹੋਰ ਵੀ ਤਰੀਕੇ ਹਨ ਸਿਰਫ਼ ਲੋਕਾਂ ਨੂੰ ਤੰਗ ਕਰਨਾ ਸਹੀ ਨਹੀਂ। ਉਨ੍ਹਾਂ ਕਿਹਾ ਕਿ ਜੇ ਲੋਕਾਂ ਨੂੰ ਤੰਗ ਕੀਤਾ ਗਿਆ ਤਾਂ ਸਖ਼ਤ ਕਾਨੂੰਨੀ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਨੇ ਪੰਜਾਬ ਦੇ ਮਿਹਨਤੀ ਲੋਕਾਂ ਦੇ ਹਿੱਤ ਦਾ ਹਵਾਲਾ ਦਿੱਤਾ ਹੈ।



# ਪੰਜਾਬ ਸਰਕਾਰ ਅੱਜ ਤੋਂ ਪਿੰਡ/ਵਾਰਡਵਾਰ ਨਸ਼ਾ ਮੁਕਤੀ ਯਾਤਰਾ ਸ਼ੁਰੂ ਕਰੇਗੀ: ਸਿਹਤ ਮੰਤਰੀ

**ਮੁਹਾਲੀ, 6 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਇੱਥੇ ਕਿਹਾ ਕਿ ਪੰਜਾਬ ਸਰਕਾਰ 7 ਮਈ ਤੋਂ ਪਿੰਡ ਅਤੇ ਵਾਰਡਵਾਰ ਨਸ਼ਾ ਮੁਕਤੀ ਯਾਤਰਾ ਸ਼ੁਰੂ ਕਰੇਗੀ ਤਾਂ ਜੋ ਪੰਜਾਬ ਦੀ ਪਵਿੱਤਰ ਧਰਤੀ ਤੋਂ ਨਸ਼ਿਆਂ ਨੂੰ ਖ਼ਤਮ ਕਰਨ ਲਈ ਉਨ੍ਹਾਂ ਦੇ ਸਹਿਯੋਗ ਹਾਸਲ ਕਰਕੇ 'ਯੁਧ ਨਸ਼ਿਆਂ ਵਿਰੁਧ' ਮੁਹਿੰਮ ਨੂੰ ਇੱਕ ਜਨਰਕ ਲਹਿਰ ਬਣਾਇਆ ਜਾ ਸਕੇ। ਮੋਹਾਲੀ ਦੇ ਗ੍ਰੈਂਡ ਰੋਮਾਨੀਆ ਰਿਜ਼ੌਰਟ ਵਿਖੇ ਪਿੰਡ/ਵਾਰਡ ਰੱਖਿਆ ਕਮੇਟੀਆਂ (ਪੰਚਾਇਤਾਂ ਅਤੇ ਕੌਂਸਲਰਾਂ) ਦੀ ਜ਼ਿਲ੍ਹਾ ਪੱਧਰੀ ਵਿਸ਼ਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਦੋ-ਪੱਖੀ ਰਣਨੀਤੀ 'ਤੇ ਕੰਮ ਕਰਕੇ ਨਸ਼ਿਆਂ ਵਿਰੁੱਧ ਜੰਗ ਛੇੜੀ ਹੈ, ਪਹਿਲੇ ਪੜਾਅ ਚ ਨਸ਼ਾ ਤਸਕਰਾਂ ਦੁਆਲੇ ਸ਼ਿਕੰਜਾ ਕੱਸ ਕੇ ਨਸ਼ਾ ਤਸਕਰਾਂ ਦਾ ਨੈੱਟਵਰਕ ਖਤਮ ਕਰਨਾ ਹੈ ਅਤੇ ਦੂਜੇ ਪੜਾਅ ਵਿੱਚ ਪੀੜਤਾਂ ਦਾ ਇਲਾਜ ਕਰਨਾ, ਮੁੜ ਵਸੇਬੇ ਦੌਰਾਨ ਹੁਨਰ ਸਿਖਲਾਈ ਦੇਣਾ ਅਤੇ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ ਲਈ ਸਵੈ-ਨਿਰਭਰ ਬਣਾਉਣ ਲਈ ਨੌਕਰੀਆਂ/ਕਰਜ਼ੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨਸ਼ਾ ਤਸਕਰਾਂ ਦੀ ਗ੍ਰਿਫ਼ਤਾਰੀ ਦੇ ਨਾਲ-ਨਾਲ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕਰਕੇ ਚੰਗਾ ਕੰਮ ਕਰ ਰਹੀ ਹੈ ਜਦੋਂ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਨਸ਼ਾ ਮੁਕਤੀ ਕੇਂਦਰਾਂ ਵਿੱਚ ਬਿਸਤਰਿਆਂ ਦੀ ਸਮਰੱਥਾ ਵਧਾਉਣ ਲਈ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਨੇ ਮੌਜੂਦਾ ਸਮਰੱਥਾ ਨੂੰ ਤਿੰਨ ਗੁਣਾ ਵਧਾ ਦਿੱਤਾ ਹੈ ਅਤੇ ਹੁਣ ਸਾਡੇ ਕੋਲ ਨਸ਼ਾ ਪੀੜਤਾਂ ਦੇ ਇਲਾਜ ਲਈ 5000 ਬੈੱਡਜ਼ ਦਾ ਪ੍ਰਬੰਧ ਹੈ। ਇਸੇ ਤਰ੍ਹਾਂ, ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ, ਮੁੜ ਵਸੇਬਾ ਕੇਂਦਰਾਂ ਵਿੱਚ ਹੁਨਰ ਸਿਖਲਾਈ ਕੇਂਦਰ ਵੀ ਸ਼ੁਰੂ ਕੀਤੇ ਗਏ ਹਨ। ਸਿਹਤ ਮੰਤਰੀ ਨੇ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਨਸ਼ਾ ਮੁਕਤੀ ਯਾਤਰਾ ਮੁਹਿੰਮ ਬਾਰੇ ਜਾਗਰੂਕ ਕਰਨਾ, ਭਾਈਚਾਰਕ ਚੌਕਸੀ ਲਈ ਪਿੰਡ ਪੱਧਰੀ ਲੀਡਰਸ਼ਿਪ ਨੂੰ ਲਾਮਬੰਦ ਕਰਨਾ, ਪਿੰਡ ਪੱਧਰੀ ਅਤੇ ਵਾਰਡ ਪੱਧਰੀ ਸੁਰੱਖਿਆ ਕਮੇਟੀਆਂ (ਵੀ ਡੀ ਸੀ/ਡਬਲਯੂ ਡੀ ਸੀ) ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ ਅਤੇ ਪਿੰਡ ਪੱਧਰ 'ਤੇ ਨਸ਼ਿਆਂ ਵਿਰੁੱਧ ਸਮੂਹਿਕ ਸਟੈਂਡ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਵੀ ਡੀ ਸੀ ਅਤੇ ਡਬਲਯੂ ਡੀ ਸੀ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੀ ਬੁਰਾਈ ਨਾਲ ਨਜਿੱਠਣ ਲਈ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਹਾਇਤਾ ਕਰਨ ਅਤੇ ਨਸ਼ਿਆਂ ਦੇ ਪੀੜਤਾਂ ਲਈ ਮਦਦ ਦਾ ਹੱਥ ਵਧਾਉਣ। ਇਸੇ ਤਰ੍ਹਾਂ, ਅਪਰਾਧੀਆਂ ਨੂੰ ਐਨ ਡੀ ਪੀ ਐਸ ਮਾਮਲਿਆਂ ਤੋਂ ਜ਼ਮਾਨਤ ਪ੍ਰਾਪਤ ਕਰਨ ਵਿੱਚ ਵੀ ਸਹਿਯੋਗ ਨਾ ਦਿੱਤਾ ਜਾਵੇ।

## ਮਾਨਸਾ ਪੁਲਸ ਨਾਟਕ ਮਸਤਾਨੇ ਰਾਹੀਂ ਨਸ਼ਿਆਂ ਖਿਲਾਫ ਲੋਕਾਂ ਨੂੰ ਕਰ ਰਹੀ ਹੈ ਜਾਗਰੂਕ

ਮਾਨਸਾ 6 ਮਈ। ਨਸ਼ੇ ਜਿੱਥੇ ਸਮਾਜ ਨੂੰ ਖੋਖਲਾ ਕਰਦੇ ਅਤੇ ਨੁਕਸਾਨ ਪਹੁੰਚਾਉਂਦੇ ਹਨ। ਇਸ ਨੂੰ ਲੈ ਕੇ ਪੰਜਾਬ ਪੁਲਸ ਵੱਲੋਂ ਨਸ਼ਿਆਂ ਖਿਲਾਫ ਨਾਟਕ ÷ਮਸਤਾਨੇ÷ ਰਾਹੀਂ ਆਮ ਲੋਕਾਂ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਐੱਸ.ਐੱਸ.ਪੀ ਮਾਨਸਾ ਭਾਗੀਰਥ ਸਿੰਘ ਮੀਨਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ 31 ਮਈ ਤੱਕ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਅਤੇ ਟੀਚਾ ਮਿੱਥਿਆ ਗਿਆ ਹੈ। ਨਸ਼ਿਆਂ ਦਾ ਪੁਲਸ ਪਹਿਲਾਂ



ਹੀ ਖਾਤਮਾ ਕਰ ਚੁੱਕੀ ਹੈ। ਹੁਣ ਨਾਟਕ ਰਾਹੀਂ ਸਮਾਜ ਅਤੇ ਨੌਜਵਾਨਾਂ ਤੇ ਨਸ਼ੇ ਦੇ ਪੈਂਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਵੀ ਇਕ ਸਮਾਜਿਕ ਬੁਰਾਈ ਹੈ ਅਤੇ ਇਸ ਨੂੰ ਜੜ੍ਹੋਂ ਪੁੱਟਿਆ ਜਾ ਰਿਹਾ ਹੈ। ਨਸ਼ੇ ਦਾ ਨਾਸੂਰ ਦੁਬਾਰਾ ਪੈਦਾ ਨਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਮਾਨਸਾ ਪੁਲਸ ਇਸ ਮੁਹਿਮ ਨੂੰ ਲੈ ਕੇ ਹਰ ਪਿੰਡ, ਸ਼ਹਿਰ, ਸਕੂਲਾਂ ਅਤੇ ਪਬਲਿਕ ਥਾਵਾਂ 'ਤੇ ਨਸ਼ਿਆਂ ਖ਼?ਲਾਫ ਜਾਗਰੂਕ ਸਮਾਗਮ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ 31 ਮਈ ਤੱਕ ਨਸ਼ੇ ਦਾ ਜੜ੍ਹ ਤੋਂ ਖਾਤਮਾ ਕਰ ਦਿੱਤਾ ਜਾਵੇਗਾ ਅਤੇ ਨੌਜਵਾਨਾਂ ਨੂੰ ਨਸ਼ੇ ਤਿਆਗ ਕੇ ਸੁਨਹਿਰੀ ਜ਼ਿੰਦਗੀ ਬਣਾਉਣ, ਪੜ੍ਹਨ-ਲਿਖਣ ਅਤੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਜਾਵੇਗਾ।

# ਪੰਜਾਬ 'ਚ ਰਜਿਸਟਰੀਆਂ ਬਣਵਾਉਣ ਵਾਲਿਆਂ ਲਈ ਵੱਡੀ ਖ਼ਬਰ, ਪਈ ਨਵੀਂ ਮੁਸੀਬਤ

**ਸਰਦੂਲ ਸਿੰਘ**

ਜਲੰਧਰ 6 ਮਈ। ਜਲੰਧਰ ਦੇ ਸਬ-ਰਜਿਸਟਰਾਰ ਦਫ਼ਤਰਾਂ ਵਿਚ ਤਾਇਨਾਤ ਜੁਆਇੰਟ ਸਬ-ਰਜਿਸਟਰਾਰ ਨੇ ਰਜਿਸਟ?ਰੇਸ਼ਨ ਕਾਰਜ ਨਾਲ ਜੁੜੇ ਅਰਜ਼ੀਨਵੀਸਾਂ ਅਤੇ ਵਕੀਲਾਂ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕਰਦੇ ਹੋਏ ਉਨ੍ਹਾਂ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਅਰਜ਼ੀਨਵੀਸ ਜਾਂ ਵਕੀਲ ਅਧੂਰੀ ਜਾਣਕਾਰੀ ਜਾਂ ਦਸਤਾਵੇਜ਼ਾਂ ਨਾਲ ਰਜਿਸਟਰੀ ਕਰਵਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਇਹ ਚਿਤਾਵਨੀ ਉਸ ਪਿਛੋਕੜ ਵਿਚ ਆਈ ਹੈ, ਜਦੋਂ ਲਗਾਤਾਰ ਇਹ ਵੇਖਣ ਵਿਚ ਆ ਰਿਹਾ ਸੀ ਕਿ ਕਈ ਵਾਰ ਰਜਿਸਟਰੀਆਂ ਨਾਲ ਜ਼ਰੂਰੀ ਦਸਤਾਵੇਜ਼ ਅਧੂਰੇ ਹੁੰਦੇ ਹਨ, ਜਿਸ ਨਾਲ ਨਾ ਸਿਰਫ਼ ਪ੍ਰਕਿਰਿਆ ਵਿਚ ਰੁਕਾਵਟ ਪੈਂਦੀ ਹੈ, ਸਗੋਂ ਆਮ ਜਨਤਾ ਨੂੰ ਵੀ ਗੈਰ-ਜ਼ਰੂਰੀ ਪ੍ਰੇਸ਼ਾਨੀ ਉਠਾਉਣੀ ਪੈਂਦੀ ਹੈ। ਜੁਆਇੰਟ ਸਬ-ਰਜਿਸਟਰਾਰ ਨੇ ਕਿਹਾ ਕਿ ਰਜਿਸਟਰੀ ਪ੍ਰਕਿਰਿਆ ਵਿਚ ਲਾਏ ਜਾਣ ਵਾਲੇ ਪ੍ਰਾਪਰਟੀ ਫੋਟੋ ਅਕਸਰ ਇੰਨੇ ਨੇੜਿਓਂ ਲਏ ਜਾਂਦੇ ਹਨ, ਉਸ ਨਾਲ ਪ੍ਰਾਪਰਟੀ ਦੀ ਸਪੱਸ਼ਟ ਸਥਿਤੀ ਦਾ ਅੰਦਾਜ਼ਾ ਨਹੀਂ ਲੱਗਦਾ। ਇਸ ਸਥਿਤੀ ਨੂੰ ਸੁਧਾਰਦੇ ਹੋਏ ਉਨ੍ਹਾਂ ਹੁਕਮ ਦਿੱਤੇ ਕਿ ਹੁਣ ਤੋਂ ਰਜਿਸਟਰੀ ਦਸਾਤਵੇਜ਼ ਦੇ ਨਾਲ ਪ੍ਰਾਪਰਟੀ ਦੀ ਪੂਰੀ ਫੋਟੋ, ਜਿਸ ਵਿਚ ਆਲੇ-ਦੁਆਲੇ ਦੀਆਂ ਪ੍ਰਾਪਰਟੀਆਂ ਅਤੇ ਲੋਕੇਸ਼ਨ ਦਾ ਸਪੱਸ਼ਟ ਵੇਰਵਾ ਹੋਵੇ, ਜ਼ਰੂਰੀ ਰੂਪ ਨਾਲ ਨੱਥੀ ਕੀਤਾ ਜਾਵੇ। ਇਸ ਦੇ ਨਾਲ ਦੋਵਾਂ ਸਬੰਧਤ ਧਿਰਾਂ ਖਰੀਦਦਾਰ ਅਤੇ ਵਿਕ੍ਰੇਤਾ ਦੀ ਤਸਵੀਰ ਵੀ ਫੋਟੋ ਵਿਚ ਹੋਣੀ ਚਾਹੀਦੀ ਹੈ ਤਾਂ ਕਿ ਬਾਅਦ ਵਿਚ ਕਿਸੇ ਵੀ ਤਰ੍ਹਾਂ ਦੇ ਵਿਵਾਦ ਦੀ ਸਥਿਤੀ ਵਿਚ ਸਬੂਤ ਦੇ ਤੌਰ 'ਤੇ ਕੰਮ ਆ ਸਕੇ। 2 ਮਰਲੇ ਤੋਂ ਘੱਟ ਜ਼ਮੀਨ ਦੀ ਰਜਿਸਟਰੀ ਦੇ ਮਾਮਲਿਆਂ ਵਿਚ ਵਿਸ਼ੇਸ਼ ਸਾਵਧਾਨੀ ਵਰਤਣ ਦੇ ਨਿਰਦੇਸ਼ ਦਿੱਤੇ ਗਏ ਹਨ। ਜੁਆਇੰਟ ਸਬ-ਰਜਿਸਟਰਾਰ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿਚ ਲੋਕੇਸ਼ਨ, ਸਾਈਟ ਪਲਾਨ ਅਤੇ ਲਾਇਸੈਂਸਸ਼ੁਦਾ ਨਕਸ਼ਾ ਨਵੀਸ ਵੱਲੋਂ ਅਟੈਸਟ ਕੀਤਾ ਗਿਆ ਨਕਸ਼ਾ ਨਾਲ ਲਾਉਣਾ ਜ਼ਰੂਰੀ ਹੋਵੇਗਾ। ਇਹ ਸਾਰੇ ਦਸਤਾਵੇਜ਼ ਇਹ ਸਿੱਧ



ਕਰਨ ਲਈ ਜ਼ਰੂਰੀ ਹਨ ਕਿ ਜ਼ਮੀਨ ਦੀ ਸਹੀ ਸਥਿਤੀ ਕੀ ਹੈ ਅਤੇ ਉਸ ਦਾ ਸਟੀਕ ਆਕਾਰ ਕਿੰਨਾ ਹੈ। ਰਜਿਸਟਰੀ ਦੇ ਨਾਲ ਲਾਈ ਜਾਣ ਵਾਲੀ ਫਰਦ 15 ਦਿਨਾਂ ਤੋਂ ਵੱਧ ਪੁਰਾਣੀ ਨਹੀਂ ਹੋਣੀ ਚਾਹੀਦੀ ਅਤੇ ਉਸ ਦੀ ਅਸਲ ਕਾਪੀ ਨਾਲ ਲਾਈ ਜਾਵੇ। ਇਸ ਤੋਂ ਇਲਾਵਾ ਪ੍ਰਾਪਰਟੀ ਦੇ ਮਾਲਕਾਨਾ ਹੱਕ ਨੂੰ ਪਰੂਵ ਕਰਨ ਵਾਲੇ ਸਾਰੇ ਦਸਤਾਵੇਜ਼ ਵੀ ਨਾਲ ਲਾਉਣਾ ਜ਼ਰੂਰੀ ਹੋਵੇਗਾ। ਇਸ ਤੋਂ ਇਲਾਵਾ ਅਰਜ਼ੀਨਵੀਸ ਅਤੇ ਵਕੀਲ ਵੱਲੋਂ ਬਿਨੈਕਾਰ ਤੋਂ ਲਈ ਗਈ ਫ਼ੀਸ ਦੀ ਰਸੀਦ ਦਸਤਾਵੇਜ਼ਾਂ ਦੇ ਨਾਲ ਲਾਈ ਜਾਵੇ। ਉਨ੍ਹਾਂ ਕਿਹਾ ਕਿ ਧਿਆਨ ਰੱਖਿਆ ਜਾਵੇ ਕਿ ਕੋਈ ਵੀ ਰਜਿਸਟਰੀ ਜ਼ਿਲ੍ਹਾ ਕੁਲੈਕਟਰ ਵੱਲੋਂ ਤੈਅ ਰੇਟ ਤੋਂ ਘੱਟ ਦਰ 'ਤੇ ਨਾ ਲਿਖੀ ਜਾਵੇ। ਰਜਿਸਟਰੀ ਪ੍ਰਕਿਰਿਆ ਵਿਚ ਹੁਣ ਸਰਕਾਰ ਵੱਲੋਂ ਤੈਅ ਫਾਰਮ-1 ਅਤੇ ਸਵੈ-ਘੋਸ਼ਣਾ ਪੱਤਰ ਲਾਉਣਾ ਜ਼ਰੂਰੀ ਹੋਵੇਗਾ। ਜੁਆਇੰਟ ਸਬ-ਰਜਿਸਟਰਾਰ ਨੇ ਇਹ ਵੀ ਸਪੱਸ਼ਟ ਕੀਤਾ ਕਿ ਸਾਰੀਆਂ ਧਿਰਾਂ ਖ਼ਰੀਦਦਾਰ ਅਤੇ ਵਿਕ੍ਰੇਤਾ ਦੇ ਪਛਾਣ-ਪੱਤਰਾਂ ਦੀਆਂ ਸੈਲਫ ਅਟੈਸਟਡ ਕਾਪੀਆਂ, ਉਨ੍ਹਾਂ ਦੇ ਮੋਬਾਈਲ ਨੰਬਰਾਂ ਦੇ ਨਾਲ ਦਸਤਾਵੇਜ਼ ਵਿਚ ਸਪੱਸ਼ਟ ਰੂਪ ਨਾਲ ਅੰਕਿਤ ਹੋਣੀਆਂ ਚਾਹੀਦੀਆਂ ਹਨ। ਅਜਿਹਾ ਕਰਨ ਤੋਂ ਬਾਅਦ ਵਿਚ ਕਿਸੇ ਵੀ ਧਿਰ ਨਾਲ ਸੰਪਰਕ ਕਰਨਾ ਆਸਾਨ ਹੋਵੇਗਾ ਅਤੇ ਸੰਭਾਵਿਤ ਧੋਖਾਧੜੀ ਦੀ ਰੋਕਥਾਮ ਕੀਤੀ ਜਾ ਸਕੇਗੀ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਕਿ ਕਈ ਵਾਰ ਇਹ ਦੇਖਣ ਵਿਚ ਆਇਆ ਹੈ ਕਿ ਜ਼ਮੀਨ ਜਾਂ ਪ੍ਰਾਪਰਟੀ ਦੀ ਖਰੀਦੋ-ਫਰੋਖਤ ਵਿਚ 'ਬਿਆਨਾ' ਪਹਿਲਾਂ ਤੋਂ ਹੋ ਚੁੱਕਿਆ ਹੁੰਦਾ ਹੈ ਪਰ ਰਜਿਸਟਰੀ ਦੇ ਸਮੇਂ ਵਿਖਾਏ ਗਏ ਮੁੱਲ ਵਿਚ ਅੰਤਰ ਹੁੰਦਾ ਹੈ। ਇਸ 'ਤੇ ਸਖ਼ਤ ਰੁਖ਼ ਅਪਨਾਉਂਦੇ ਹੋਏ ਜੁਆਇੰਟ ਸਬ-ਰਜਿਸਟਰਾਰ ਨੇ ਕਿਹਾ ਕਿ ਜੇਕਰ ਕਿਸੇ ਵੀ ਸੌਦੇ ਵਿਚ ਬਿਆਨਾ ਹੋ ਚੁੱਕਾ ਹੈ ਤਾਂ ਰਜਿਸਟਰੀ ਦੀ ਕੀਮਤ ਬਿਆਨੇ ਵਿਚ ਦਿੱਤੀ ਗਈ ਰਕਮ ਤੋਂ ਘੱਟ ਨਹੀਂ ਹੋਣੀ ਚਾਹੀਦੀ। ਇਸ ਨਾਲ ਰੈਵੇਨਿਊ ਲਾਸ ਨੂੰ ਰੋਕਿਆ ਜਾਵੇਗਾ ਅਤੇ ਪਾਰਦਰਸ਼ਿਤਾ ਬਣੀ ਰਹੇਗੀ। ਰਜਿਸਟਰੀ ਦੇ ਨਾਲ ਪ੍ਰਾਪਰਟੀ ਦੀ ਐੱਨ. ਓ. ਸੀ. ਲਾਜ਼ਮੀ ਰੂਪ ਨਾਲ ਲਾਉਣੀ ਹੋਵੇਗੀ। ਇਸ ਤੋਂ ਇਲਾਵਾ ਦਸਤਾਵੇਜ਼ਾਂ ਵਿਚ ਦੋਵਾਂ ਧਿਰਾਂ ਦਾ ਪੂਰਾ ਪਤਾ, ਗਲੀ, ਮੁਹੱਲਾ, ਸ਼ਹਿਰ, ਪਿਨ ਕੋਡ ਸਮੇਤ ਸਪੱਸ਼ਟ ਰੂਪ ਨਾਲ ਲਿਖਿਆ ਹੋਣਾ ਚਾਹੀਦਾ ਹੈ। ਅਧੂਰੇ ਪਤੇ ਦੇ ਮਾਮਲੇ ਵਿਚ ਦਸਾਤਵੇਜ਼ ਅਧੂਰਾ ਮੰਨਿਆ ਜਾਵੇਗਾ ਅਤੇ ਰਜਿਸਟਰੀ ਦੀ ਪ੍ਰਕਿਰਿਆ ਨਹੀਂ ਕੀਤੀ ਜਾਵੇਗੀ।

## ਭਗਵਾਨ ਦੇ ਦਰਸ਼ਨ ਕਰਨ ਗਏ ਕਾਂਗਰਸੀ ਵਿਧਾਇਕ ਦੀ ਕੱਟੀ ਗਈ ਜੇਬ !

ਬਦਰੀਨਾਥ 6 ਮਈ। ਬਦਰੀਨਾਥ ਧਾਮ ਦੇ ਐਤਵਾਰ ਨੂੰ ਕਿਵਾੜ ਖੁੱਲ੍ਹਣ ਦੌਰਾਨ ਮੌਕੇ 'ਤੇ ਮੌਜੂਦ ਕਾਂਗਰਸੀ ਵਿਧਾਇਕ ਲਖਪਤ ਬੁਟੋਲਾ ਦੀ ਜੇਬ ਕੱਟ ਗਈ ਅਤੇ ਉਨ੍ਹਾਂ ਦੇ ਕਰੀਬ 50 ਹਜ਼ਾਰ ਰੁਪਏ ਚੋਰੀ ਹੋ ਗਏ। ਸਰਦੀਆਂ 'ਚ 6 ਮਹੀਨੇ ਬੰਦ ਰਹਿਣ ਤੋਂ ਬਾਅਦ ਸਵੇਰੇ 6 ਵਜੇ



ਮੰਦਰ ਦੇ ਕਿਵਾੜ ਸ਼ਰਧਾਲੂਆਂ ਲਈ ਖੋਲ੍ਹ ਦਿੱਤੇ ਗਏ। ਇਸ ਮੌਕੇ ਬਦਰੀਨਾਥ ਦੇ ਵਿਧਾਇਕ ਬੁਟੋਲਾ ਵੀ ਆਪਣੇ ਪਰਿਵਾਰ ਨਾਲ ਭਗਵਾਨ ਦੇ ਦਰਸ਼ਨ ਕਰਨ ਲਈ ਮੰਦਰ ਪਹੁੰਚੇ। ਇਸੇ ਦੌਰਾਨ ਕਿਸੇ ਨੇ ਉਨ੍ਹਾਂ ਦੀ ਜੇਬ ਕੱਟ ਦਿੱਤੀ। ਵੱਡੀ ਗਿਣਤੀ 'ਚ ਪੁਲਸ ਫ਼ੋਰਸ ਦੀ ਮੌਜੂਦਗੀ ਦੇ ਬਾਵਜੂਦ ਪਹਿਲੇ ਦਿਨ ਹੀ ਬਦਰੀਨਾਥ 'ਚ ਇਹ ਘਟਨਾ ਵਾਪਰੀ। ਵਿਧਾਇਕ ਨੇ ਇਸ ਮੁੱਦੇ ਨੂੰ ਜ਼ਿਆਦਾ ਨਾ ਵਧਾਉਣ ਦੀ ਬੇਨਤੀ ਕਰਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਜਦੋਂ ਉਹ ਭਗਵਾਨ ਦੇ ਦਰਸ਼ਨ ਕਰ ਰਹੇ ਸਨ ਤਾਂ ਉਨ੍ਹਾਂ ਦੀ ਜੇਬ 'ਚੋਂ 48 ਹਜ਼ਾਰ ਰੁਪਏ ਗਾਇਬ ਹੋ ਗਏ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਬਾਰੇ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ। ਮੰਦਰ ਦੇ ਕਿਵਾੜ ਖੁੱਲ੍ਹਣ ਤੋਂ ਬਾਅਦ, ਭਗਵਾਨ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਭਾਰੀ ਭੀੜ ਇਕੱਠੀ ਹੋ ਰਹੀ ਹੈ। ਮੌਕੇ 'ਤੇ ਮੌਜੂਦ ਪੁਲਸ ਸ਼ਰਧਾਲੂਆਂ ਨੂੰ ਜੇਬ ਕਤਰਿਆਂ ਤੋਂ ਸਾਵਧਾਨ ਰਹਿਣ ਦੀ ਅਪੀਲ ਕਰ ਰਹੀ ਹੈ।

## ਤੰਦੂਰੀ ਰੋਟੀ ਬਣੀ ਮੌਤ ਦਾ ਕਾਰਨ ! ਵਿਆਹ ਸਮਾਗਮ 'ਚ ਭਿੜ ਗਏ ਦੋ ਨੌਜਵਾਨ, ਦੋਵਾਂ ਦੀ ਮੌਤ

**ਕਿਸ਼ਨ ਪਾਲ**

ਵੈੱਬ ਡੈਸਕ 6 ਮਈ। ਉੱਤਰ ਪ੍ਰਦੇਸ਼ ਦੇ ਅਮੇਠੀ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ। ਇੱਥੇ ਇੱਕ ਵਿਆਹ ਸਮਾਰੋਹ ਦੌਰਾਨ, ਦੋ ਨੌਜਵਾਨਾਂ ਦੀ ਇਸ ਝਗੜੇ 'ਚ ਜਾਨ ਚਲੀ ਗਈ ਕਿ ਪਹਿਲਾਂ ਤੰਦੂਰੀ ਰੋਟੀ ਕੌਣ ਲਵੇਗਾ। ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ, ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਇਹ ਸਨਸਨੀਖੇਜ਼ ਘਟਨਾ ਜਾਮੋ ਥਾਣਾ ਖੇਤਰ ਦੇ ਬਲਭਦਰਪੁਰ ਪਿੰਡ ਵਿੱਚ ਵਾਪਰੀ, ਜਿੱਥੇ ਇੱਕ ਆਮ ਮਾਮਲੇ ਨੇ ਹਿੰਸਕ ਰੂਪ ਲੈ ਲਿਆ ਅਤੇ ਪਰਿਵਾਰ ਦੀ ਖੁਸ਼ੀ ਸੋਗ 'ਚ ਬਦਲ ਗਈ। ਦਰਅਸਲ, ਇਹ ਘਟਨਾ ਸ਼ਨੀਵਾਰ ਸ਼ਾਮ ਨੂੰ ਵਾਪਰੀ ਜਦੋਂ ਬਲਭਦਰਪੁਰ ਪਿੰਡ ਦੇ ਵਸਨੀਕ ਰਾਮਜੀਵਨ ਵਰਮਾ ਦੀ ਧੀ ਦਾ ਵਿਆਹ ਹੋ ਰਿਹਾ ਸੀ। ਵਿਆਹ ਦੀ ਬਰਾਤ ਸ਼ਾਂਤੀਪੂਰਵਕ ਪਹੁੰਚੀ ਅਤੇ ਰਸਮਾਂ ਨਿਭਾਈਆਂ ਜਾ ਰਹੀਆਂ ਸਨ। ਪਰ ਜਿਵੇਂ ਹੀ ਰਾਤ ਦੇ ਖਾਣੇ ਦਾ ਸਮਾਂ ਆਇਆ, ਤੰਦੂਰੀ ਰੋਟੀਆਂ ਵਰਤਾਈਆਂ ਜਾਣ ਲੱਗੀਆਂ। ਇਸ ਦੌਰਾਨ 18 ਸਾਲਾ ਰਵੀ ਕੁਮਾਰ



ਉਰਫ਼ ਕੱਲੂ ਅਤੇ 17 ਸਾਲਾ ਆਸ਼ੀਸ਼ ਕੁਮਾਰ ਵਿਚਕਾਰ ਇਸ ਗੱਲ ਨੂੰ ਲੈ ਕੇ ਬਹਿਸ ਹੋ ਗਈ ਕਿ ਪਹਿਲਾਂ ਰੋਟੀ ਕਿਸਨੂੰ ਮਿਲੇਗੀ। ਮਾਮੂਲੀ ਝਗੜਾ ਇੰਨਾ ਵੱਧ ਗਿਆ ਕਿ ਦੋਵਾਂ ਨੌਜਵਾਨਾਂ ਨੇ ਇੱਕ ਦੂਜੇ 'ਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ। ਹਿੰਸਕ ਲੜਾਈ 'ਚ ਆਸ਼ੀਸ਼ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਗੰਭੀਰ ਜ਼ਖਮੀ ਰਵੀ ਨੂੰ ਲਖਨਊ ਟਰਾਮਾ ਸੈਂਟਰ ਲਿਜਾਇਆ ਜਾ ਰਿਹਾ ਸੀ। ਪਰ, ਉਸਦੀ ਵੀ ਰਸਤੇ ਵਿੱਚ ਮੌਤ ਹੋ ਗਈ। ਜਿਵੇਂ ਹੀ ਪਰਿਵਾਰ ਨੂੰ ਇਸ ਹੈਰਾਨ ਕਰਨ ਵਾਲੇ ਹਾਦਸੇ ਦੀ ਖ਼ਬਰ ਮਿਲੀ, ਘਰ ਵਿੱਚ ਹਫੜਾ-ਦਫੜੀ ਮਚ ਗਈ। ਵਿਆਹ ਵਾਲਾ ਘਰ ਇੱਕ ਪਲ 'ਚ ਹੀ ਸੋਗ ਦੀ ਜਗ?ਹਾ 'ਚ ਬਦਲ ਗਿਆ। ਪੁਲਸ ਨੇ ਦੋਵੇਂ ਲਾਸ਼ਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਗੌਰੀਗੰਜ ਸਰਕਲ ਦੇ ਸੀਓ ਅਖਿਲੇਸ਼ ਵਰਮਾ ਨੇ ਦੱਸਿਆ ਕਿ ਵਿਆਹ ਦੀ ਬਰਾਤ ਦੌਰਾਨ ਦੋ ਨੌਜਵਾਨਾਂ ਦੀ ਲੜਾਈ ਹੋ ਗਈ ਜਿਸ 'ਚ ਦੋ ਨੌਜਵਾਨਾਂ ਦੀ ਮੌਤ ਹੋ ਗਈ। ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਸ਼ਿਕਾਇਤ ਅਤੇ ਪੋਸਟਮਾਰਟਮ ਰਿਪੋਰਟ ਦੇ ਆਧਾਰ 'ਤੇ ਜਾਂਚ ਕੀਤੀ ਜਾਵੇਗੀ। ਮਾਮਲੇ ਵਿੱਚ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ।

## ਭਿਆਨਕ ਗਰਮੀ ਨੂੰ ਦੇਖਦਿਆਂ ਲਿਆ ਜਾ ਸਕਦੈ ਇਹ ਵੱਡਾ ਫ਼ੈਸਲਾ

ਚੰਡੀਗੜ੍ਹ 6 ਮਈ। ਪੰਜਾਬ ਵਿਚ ਲਗਾਤਾਰ ਵੱਧ ਰਹੀ ਗਰਮੀ ਅਤੇ ਲੂ ਦੀ ਸਥਿਤੀ ਨੂੰ ਦੇਖਦੇ ਹੋਏ ਸਕੂਲਾਂ ਦੇ ਸਮੇਂ ਵਿਚ ਬਦਲਾਅ ਹੋ ਸਕਦਾ ਹੈ। ਦਰਅਸਲ ਪਿਛਲੇ ਕੁਝ ਦਿਨਾਂ ਤੋਂ ਹੋ ਰਹੀ ਬਾਰਿਸ਼ ਕਾਰਣ ਭਾਵੇਂ ਗਰਮੀ ਤੋਂ ਕੁਝ ਰਾਹਤ ਮਿਲੀ ਹੈ ਪਰ ਮੌਸਮ ਵਿਭਾਗ ਨੇ ਅਗਲੇ ਦਿਨਾਂ ਵਿਚ ਭਿਆਨਕ ਗਰਮੀ ਅਤੇ ਲੂ ਚੱਲਣ ਦੀ ਚਿਤਾਵਨੀ ਦਿੱਤੀ ਹੈ। ਵਿਭਾਗੀ ਸੂਤਰਾਂ ਅਨੁਸਾਰ ਜੇਕਰ ਆਉਂਦੇ ਦਿਨਾਂ ਦੌਰਾਨ ਗਰਮੀ ਹੋਰ ਵੱਧਦੀ ਹੈ ਤਾਂ ਸਰਕਾਰ ਸਕੂਲਾਂ ਵਿਚ ਸਮੇਂ ਤੋਂ ਪਹਿਲਾਂ ਗਰਮੀਆਂ ਦੀ ਛੁੱਟੀਆਂ ਕੀਤੀਆਂ ਕਰ ਸਕਦੀ ਹੈ ਜਾਂ ਫਿਰ ਸਮੇਂ ਵਿਚ ਬਦਲਾਅ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਛੋਟੇ



ਬੱਚਿਆਂ ਲਈ ਆਨਲਾਈਨ ਕਲਾਸ ਲਗਾਉਣ 'ਤੇ ਵੀ ਵਿਚਾਰ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਜਾਰੀ ਵਿਸ਼ੇਸ਼ ਹਦਾਇਤਾਂ ਵਿਚ ਸਕੂਲਾਂ ਨੂੰ ਆਖਿਆ ਗਿਆ ਹੈ ਕਿ ਉਹ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪਾਣੀ ਪੀਣ ਲਈ ਉਤਸ਼ਾਹਿਤ ਕਰਨ, ਭਾਵੇਂ ਉਨ੍ਹਾਂ ਨੂੰ ਪਿਆਸ ਨਾ ਵੀ ਲੱਗੀ ਹੋਵੇ। ਓ.ਆਰ.ਐੱਸ, ਨਿੰਬੂ ਪਾਣੀ, ਲੱਸੀ ਵਰਗੇ ਘਰੇਲੂ ਤਰਲ ਪਦਾਰਥਾਂ ਦਾ ਸੇਵਨ ਕਰਨ ਲਈ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਜਾਵੇ। ਬੱਚਿਆਂ ਨੂੰ ਹਲਕੇ ਰੰਗਾਂ ਦੇ, ਢਿੱਲੇ ਅਤੇ ਸੂਤੀ ਕੱਪੜੇ ਪਹਿਨਣ ਦੀ ਸਲਾਹ ਦਿੱਤੀ ਜਾਵੇ। ਧੁੱਪ ਵਿਚ ਬਾਹਰ ਨਿਕਲਦੇ ਸਮੇਂ ਸਿਰ ਢੱਕਣ ਲਈ ਟੋਪੀ, ਕੱਪੜਾ ਜਾਂ ਛਤਰੀ ਦੀ ਵਰਤੋਂ ਕੀਤੀ ਜਾਵੇ। ਘਰ ਦੇ ਅੰਦਰ ਜਾਂ ਛਾਂ ਵਿਚ ਰਹੋ: ਦਿਨ ਦੇ ਗਰਮ ਸਮੇਂ ਦੌਰਾਨ (ਖਾਸ ਕਰਕੇ ਦੁਪਹਿਰ 12 ਤੋਂ 3 ਵਜੇ ਤੱਕ) ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ ਜਾਵੇ। ਸਰੀਰਕ ਗਤੀਵਿਧੀਆਂ ਜਾਂ ਬਾਹਰੀ ਖੇਡਾਂ ਨੂੰ ਦਿਨ ਦੇ ਠੰਡੇ ਸਮੇਂ, ਯਾਨੀ ਸਵੇਰ ਜਾਂ ਸ਼ਾਮ ਤੱਕ ਮੁਲਤਵੀ ਕੀਤਾ ਜਾਵੇ। ਸਥਾਨਕ ਮੌਸਮ ਦੀ ਜਾਣਕਾਰੀ ਲਈ ਰੇਡੀਓ, ਟੀਵੀ ਜਾਂ ਅਖ਼ਬਾਰ ਸੁਣਨ/ਪੜ੍ਹਨ ਲਈ ਪ੍ਰੇਰਿਤ ਕੀਤਾ ਜਾਵੇ।

## ਪੰਜਾਬ ਦੇ ਇਸ ਮਸ਼ਹੂਰ ਹੋਟਲ 'ਚ ਚੱਲ ਰਿਹਾ ਸੀ ਗੰਦਾ ਕੰਮ

ਡੇਰਾਬਸੀ 6 ਮਈ। ਪੁਲਸ ਨੇ ਇਕ ਹੋਟਲ 'ਚੋਂ ਦੇਹ ਵਪਾਰ ਦਾ ਰੈਕਟ ਚਲਾਉਣ ਵਾਲੇ ਦਾ ਪਰਦਾਫਾਸ਼ ਕਰਦਿਆਂ ਮੁਲਜ਼ਮਾਂ ਨੂੰ ਕਾਬੂ ਕਰਕੇ ਮਾਮਲਾ ਦਰਜ ਕੀਤਾ ਹੈ। ਡਰਾਈਵ ਇਨ 22 ਨਾਮਕ ਹੋਟਲ 'ਚ ਅੱਠ ਔਰਤਾਂ ਤੋਂ ਜ਼ਬਰੀ ਦੇਹ ਵਪਾਰ ਦਾ ਧੰਦਾ ਕਰਵਾਇਆ ਜਾ ਰਿਹਾ ਸੀ। ਡੀ.ਐੱਸ.ਪੀ. ਵਿਕਰਮ ਸਿੰਘ ਬਰਾੜ ਨੇ ਦੱਸਿਆ ਕਿ ਗੁਪਤ ਸੂਚਨਾ ਮਿਲੀ ਸੀ ਕਿ ਝਰਮੜੀ ਨਜ਼ਦੀਕ ਡਰਾਈਵ ਇਨ 22 ਹੋਟਲ ਲਾਲੜੂ 'ਚ ਦੇਹ ਵਪਾਰ ਦਾ ਧੰਦਾ ਚੱਲਦਾ ਹੈ ਤੇ ਗੁਪਤ ਸੂਚਨਾ ਦੇ ਅਧਾਰ 'ਤੇ ਪੁਲਸ ਵੱਲੋਂ ਹੋਟਲ 'ਚ ਰੇਡ ਕੀਤੀ ਗਈ ਅਤੇ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਛਾਪੇ ਦੌਰਾਨ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਥੇ 8 ਔਰਤਾਂ ਵੀ ਸਨ, ਜਿਨ੍ਹਾਂ ਤੋਂ ਜ਼ਬਰਦਸਤੀ ਧੰਦਾ ਕਰਵਾਇਆ ਜਾ ਰਿਹਾ ਸੀ। ਮੁਲਜ਼ਮਾਂ ਦੀ ਪਛਾਣ ਨਰੇਸ਼ ਕੁਮਾਰ ਵਾਸੀ ਫਰੈਂਡਜ਼ ਕਾਲੋਨੀ ਕੈਥਲ ਹਰਿਆਣਾ, ਅਮਨ ਸਿੰਗਲਾ ਵਾਸੀ ਸਰਗੁਡਾ ਕੈਥਲ ਹਰਿਆਣਾ, ਅਮਿਤ ਸ਼ੀਤਲ ਵਾਸੀ ਮਾਡਲ ਟਾਊਨ ਜੀਂਦ ਰੋਡ ਕੈਥਲ ਹਰਿਆਣਾ ਵਜੋਂ ਹੋਈ ਹੈ। ਪੁਲਸ ਨੇ ਦੱਸਿਆ ਕਿ ਚਾਰ ਹੋਰ ਵਿਅਕਤੀ ਰਵੀ, ਲਵਲੀ, ਪ੍ਰੇਮ ਵਾਸੀ ਜ਼ੀਰਕਪੁਰ ਸਮੇਤ ਹੋਟਲ ਮਾਲਕ ਖ਼ਿਲਾਫ਼ ਵੀ ਮਾਮਲਾ ਦਰਜ ਕੀਤਾ ਗਿਆ ਹੈ, ਜੋ ਕਿ ਅਜੇ ਫ਼ਰਾਰ ਚੱਲ ਰਹੇ ਹਨ।

## ਜਲੰਧਰ 'ਚ ਸਬ-ਏਜੰਟ ਨੇ ਕੀਤੀ ਖ਼ੁਦਕੁਸ਼ੀ, ਸੁਸਾਈਡ ਨੋਟ 'ਚ ਕੀਤਾ ਹੈਰਾਨ ਕਰਦਾ ਖ਼ੁਲਾਸਾ

ਜਲੰਧਰ 6 ਮਈ। ਸੂਰਾਨੁੱਸੀ ਦੇ ਅਮਨ ਨਗਰ ਦੇ ਰਹਿਣ ਵਾਲੇ ਇਕ ਸਬ-ਏਜੰਟ ਨੇ ਮੁੱਖ ਏਜੰਟਾਂ ਤੋਂ ਪ੍ਰੇਸ਼ਾਨ ਹੋ ਕੇ ਜ਼ਹਿਰੀਲਾ ਪਦਾਰਥ ਨਿਗਲ ਲਿਆ। ਪੀੜਤ ਨੇ ਜ਼ਹਿਰੀਲਾ ਪਦਾਰਥ ਨਿਗਲਣ ਤੋਂ ਪਹਿਲਾਂ ਇਕ ਖ਼ੁਦਕੁਸ਼ੀ ਨੋਟ ਵੀ ਲਿਖਿਆ, ਜਿਸ ਵਿਚ ਯੂ. ਏ. ਈ. ਦੇ ਏਜੰਟ ਗਗਨਦੀਪ ਸਮੇਤ 6 ਏਜੰਟਾਂ ਦਾ ਨਾਂ ਲਿਖਿਆ ਹੈ। ਸਬ-ਏਜੰਟ ਪ੍ਰਦੀਪ ਅਵਸਥੀ ਪੁੱਤਰ ਅੰਬਿਕਾ ਨਿਵਾਸੀ ਅਮਨ ਨਗਰ ਨੇ ਲਿਖਿਆ ਕਿ ਉਸ ਨੂੰ ਜਾਲ ਵਿਚ ਫਸਾਇਆ ਗਿਆ। ਏਜੰਟ ਜੈਦੀਪ ਅਕਸਰ ਉਸ ਕੋਲ ਆਉਂਦਾ ਸੀ, ਜਿਸ ਨੇ ਉਸ ਨੂੰ ਏਜੰਟੀ ਕਰਨ ਦੀ ਆਫਰ ਦਿੱਤੀ ਅਤੇ ਦੱਸਿਆ ਕਿ ਉਸ ਦਾ ਬੌਸ ਗਗਨਦੀਪ ਵਿਦੇਸ਼ ਵਿਚ ਲੋਕਾਂ ਨੂੰ ਭੇਜਦਾ ਹੈ। ਉਸ ਨੂੰ ਕਮੀਸ਼ਨ ਵਿਚ ਵੱਡੀ ਰਕਮ ਮਿਲੇਗੀ। ਪ੍ਰਦੀਪ ਨੇ ਜੈਦੀਪ ਦੀਆਂ ਗੱਲਾਂ ਵਿਚ ਆ ਕੇ ਕੁਝ ਲੋਕਾਂ ਨੂੰ ਉਨ੍ਹਾਂ ਨਾਲ ਮਿਲਵਾ ਦਿੱਤਾ। ਸਾਰੀ ਰਕਮ ਲੈ ਕੇ ਮੁਲਜ਼ਮਾਂ ਨੇ ਪ੍ਰਦੀਪ ਵੱਲੋਂ ਮਿਲਵਾਏ ਲੋਕਾਂ ਨੂੰ ਫਰਜ਼ੀ ਦਸਤਾਵੇਜ਼ ਫੜਾ ਦਿੱਤੇ। ਉਨ੍ਹਾਂ ਦਾ ਵੀਜ਼ਾ ਵੀ ਨਹੀਂ ਲੱਗਾ। ਦੋਸ਼ ਹੈ ਕਿ ਜੈਦੀਪ ਨੇ ਸਾਰੇ ਪੈਸੇ ਲਏ ਸਨ। ਜਿਨ੍ਹਾਂ ਲੋਕਾਂ ਨੂੰ ਪ੍ਰਦੀਪ ਨੇ ਵਿਦੇਸ਼ ਦੇ ਸੁਫ਼ਨੇ ਵਿਖਾਏ ਸਨ, ਉਹ ਪ੍ਰਦੀਪ ਤੋਂ ਪੈਸੇ ਮੰਗਣ ਲੱਗੇ। ਪ੍ਰਦੀਪ ਨੇ ਖ਼ੁਦਕੁਸ਼ੀ ਨੋਟ ਵਿਚ ਲਿਖਿਆ ਕਿ ਉਸ ਨੇ ਏਜੰਟ ਗਗਨਦੀਪ, ਜੈਦੀਪ, ਰੇਣੂ, ਵਿਨੋਦ, ਲਖਨ ਅਤੇ ਹੁਸ਼ਿਆਰਪੁਰ ਦੇ ਪ੍ਰਿਤਪਾਲ ਨੂੰ ਕਈ ਵਾਰ ਪੈਸੇ ਵਾਪਸ ਕਰਨ ਲਈ ਕਿਹਾ ਪਰ ਉਸ ਦੀ ਕਿਸੇ ਨਾ ਸੁਣੀ। ਇਸੇ ਵਿਚਕਾਰ ਜੈਦੀਪ ਨੂੰ ਇਕ ਹੋਰ ਫਰਾਡ ਦੇ ਕੇਸ ਵਿਚ ਗ੍ਰਿਫ਼ਤਾਰ ਕਰ ਲਿਆ ਗਿਆ ਪਰ ਲੋਕ ਉਸ ਨੂੰ ਪ੍ਰੇਸ਼ਾਨ ਕਰਨ ਲੱਗੇ। ਇਸੇ ਕਾਰਨ ਪ੍ਰਦੀਪ ਨੇ ਜ਼ਹਿਰੀਲਾ ਪਦਾਰਥ ਨਿਗਲ ਲਿਆ। ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਪ੍ਰਦੀਪ ਨੇ ਲਿਖਿਆ ਕਿ ਉਸ ਨੂੰ ਬਹੁਤ ਸਾਰੇ ਸੁਫ਼ਨੇ ਵਿਖਾਏ ਗਏ ਪਰ ਉਸ ਨਾਲ ਧੋਖਾ ਕੀਤਾ ਗਿਆ। ਜ਼ਹਿਰੀਲਾ ਪਦਾਰਥ ਨਿਗਲਣ ਤੋਂ ਪਹਿਲਾਂ ਪ੍ਰਦੀਪ ਨੇ ਇਕ ਦੋਸਤ ਨੂੰ ਫੋਨ ਵੀ ਕੀਤਾ ਸੀ। ਦੋਸਤ ਨੇ ਉਸ ਨੂੰ ਵਾਰ-ਵਾਰ ਖ਼ੁਦਕੁਸ਼ੀ ਕਰਨ ਤੋਂ ਰੋਕਿਆ ਅਤੇ ਮਾਮਲੇ ਦਾ ਹੱਲ ਕੱਢਣ ਦਾ ਭਰੋਸਾ ਵੀ ਦਿੱਤਾ ਪਰ ਉਸ ਦੇ ਬਾਅਦ ਵੀ ਪ੍ਰਦੀਪ ਨੇ ਜ਼ਹਿਰੀਲਾ ਪਦਾਰਥ ਨਿਗਲ ਲਿਆ। ਦੂਜੇ ਪਾਸੇ ਥਾਣਾ ਨੰਬਰ 1 ਦੀ ਪੁਲਸ ਪ੍ਰਦੀਪ ਦੇ ਬਿਆਨ ਲੈਣ ਗਈ ਪਰ ਉਸ ਦੀ ਹਾਲਤ ਬੇਹੱਦ ਗੰਭੀਰ ਬਣੀ ਹੋਈ ਹੈ।

## ਪਟਵਾਰ ਸਰਕਲ 110 ਦੀ ਜਮਹਾਬੰਦੀ ਤਿਆਰ ਕਰਨ ਵਾਲਾ ਪਟਵਾਰੀ ਅੰਦਰ

**ਏਜੰਸੀਆਂ**

ਅੰਮ੍ਰਿਤਸਰ 6 ਮਈ। ਇਕ ਪਾਸੇ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਖ਼ਤ ਹੁਕਮ ਜਾਰੀ ਕੀਤੇ ਹੋਏ ਹਨ ਕਿ ਜ਼ਮੀਨ-ਜਾਇਦਾਦ ਦੇ ਇੰਤਕਾਲ ਨਿਰਧਾਰਤ ਸਮੇਂ ਦੇ ਅੰਦਰ ਭਾਵ 30 ਦਿਨ ਅਤੇ ਵੱਧ ਤੋਂ ਵੱਧ 45 ਦਿਨ ਦੇ ਅੰਦਰ ਦਰਜ ਅਤੇ ਮਨਜ਼ੂਰ ਹੋਣੇ ਚਾਹੀਦੇ ਹਨ ਤਾਂ ਉਥੇ ਹੀ ਮਹਾਨਗਰ ਦੇ ਸਭ ਤੋਂ ਵੱਡੇ ਸ਼ਹਿਰੀ ਪਟਵਾਰ ਸਰਕਲਾਂ 'ਚੋਂ ਇਕ ਪਟਵਾਰ ਸਰਕਲ 110 ਦੀ ਜਮ?ਹਾਬੰਦੀ, ਜੋ ਕਿ ਪਿਛਲੇ ਤਿੰਨ ਸਾਲਾਂ ਤੋਂ ਪੈਂਡਿੰਗ ਸੀ, ਨੂੰ ਤਿਆਰ ਕਰਨ ਵਾਲਾ ਪਟਵਾਰੀ ਹਰਪ੍ਰੀਤ ਸਿੰਘ ਨੂੰ ਵਿਜੀਲੈਂਸ ਵੱਲੋਂ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਇਕ ਵਾਰ ਫਿਰ ਲਾਵਾਰਿਸ ਹੋ ਗਈ ਹੈ। ਜਾਣਕਾਰੀ ਅਨੁਸਾਰ ਸਾਬਕਾ ਤਹਿਸੀਲਦਾਰ ਮਨਜੀਤ ਸਿੰਘ ਅਤੇ ਕੁਝ ਹੋਰ ਤਹਿਸੀਲਦਾਰਾਂ ਵੱਲੋਂ ਪਰਤ ਪਟਵਾਰ ਇੰਤਕਾਲ ਜਮ?ਹਾ ਨਾ ਕਰਵਾਉਣ ਕਾਰਨ ਇਹ ਜਮ?ਹਾਬੰਦੀ ਪਹਿਲਾਂ ਤਾਂ ਤਿਆਰ ਨਹੀਂ ਹੋ ਰਹੀ ਸੀ, ਹੁਣ ਜਿੱਥੇ ਸਾਰੇ ਇੰਤਕਾਲ ਮਿਲਣ ਤੋਂ ਬਾਅਦ ਪਟਵਾਰੀ ਅਤੇ ਕਾਨੂੰਨਗੋ ਨੇ ਜਮ?ਹਾਬੰਦੀ ਨੂੰ ਤਿਆਰ ਕਰ ਲਿਆ ਅਤੇ ਤਹਿਸੀਲਦਾਰ ਵੱਲੋਂ ਇਸ ਜਮ?ਹਾਬੰਦੀ ਨੂੰ ਮਨਜ਼ੂਰ ਕੀਤਾ ਗਿਆ ਸੀ ਤਾਂ ਹੁਣ ਪਟਵਾਰੀ ਫੜਿਆ ਗਿਆ, ਜਿਸ ਕਾਰਨ ਇਹ ਜਮ?ਹਾਬੰਦੀ ਹੁਣ ਪਟਵਾਰੀ ਦੇ ਬੰਦ ਕਮਰੇ 'ਚ ਰੱਖੀ ਹੋਈ ਹੈ, ਜਿਸਦੀ ਦੇਖਭਾਲ ਖੁਦ ਪਟਵਾਰ ਯੂਨੀਅਨ ਦੇ ਸੂਬਾਈ ਆਗੂ ਹਰਪਾਲ ਸਿੰਘ ਸਮਰਾ ਕਰ ਰਹੇ ਹਨ। ਪਟਵਾਰ ਸਰਕਲ 110 ਦੀ ਜਮ?ਹਾਬੰਦੀ ਨੂੰ ਮਨਜ਼ੂਰ ਕਰਨ ਲਈ ਡੀ. ਸੀ. ਵੱਲੋਂ ਪਹਿਲਾਂ ਸਾਬਕਾ ਤਹਿਸੀਲਦਾਰ-1 ਰਾਜਵਿੰਦਰ ਕੌਰ ਨੂੰ ਨਿਰਦੇਸ਼ ਜਾਰੀ ਕੀਤੇ ਗਏ ਪਰ ਉਨ੍ਹਾਂ ਨੇ ਵੀ ਜਮ?ਹਾਬੰਦੀ ਵੱਲ ਧਿਆਨ ਨਹੀਂ ਦਿੱਤਾ। ਇਸ ਤੋਂ ਬਾਅਦ ਨਵੇਂ ਆਏ ਤਹਿਸੀਲਦਾਰ ਜੰਗਲਾਤ ਅੰਮ੍ਰਿਤਬੀਰ ਸਿੰਘ ਨੂੰ ਜਮ?ਹਾਬੰਦੀ ਨੂੰ ਮਨਜ਼ੂਰੀ ਦੇਣ ਲਈ ਕਿਹਾ ਗਿਆ ਪਰ ਉਨ੍ਹਾਂ ਦਾ ਵੀ ਇਕ ਮਹੀਨੇ ਦੇ ਅੰਦਰ ਹੀ ਤਬਾਦਲਾ ਹੋ ਗਿਆ। ਹੁਣ ਉਨ੍ਹਾਂ ਦੀ ਜਗ?ਹਾ ਤਹਿਸੀਲਦਾਰ-1 ਮਨਮੋਹਨ ਕੁਮਾਰ ਆ ਗਏ ਹਨ ਪਰ ਇਹ ਜਮ?ਹਾਬੰਦੀ ਮਨਜ਼ੂਰ ਕੌਣ ਕਰੇਗਾ। ਇਸ ਬਾਰੇ ਅਜੇ ਕੋਈ ਫੈਸਲਾ ਨਹੀਂ ਲਿਆ ਗਿਆ ਹੈ, ਜਿਸ ਕਾਰਨ ਲੋਕ ਮੰਗ ਕਰ ਰਹੇ ਹਨ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਜਮ?ਹਾਬੰਦੀ ਨੂੰ ਮਨਜ਼ੂਰ ਕੀਤੇ ਜਾਣ ਸਬੰਧੀ ਫੈਸਲਾ ਲੈਣ ਤਾਂ ਜੋ ਆਮ ਲੋਕਾਂ ਨੂੰ ਰਾਹਤ ਮਿਲ ਸਕੇ। ਇੰਨੇ ਮਹੱਤਵਪੂਰਨ ਸਰਕਲ ਦੇ ਇੰਤਕਾਲ ਰੱਖਣਾ ਇਕ ਵੱਡੇ ਘਪਲੇ ਵੱਲ ਤਾਂ ਇਸ਼ਾਰਾ ਕਰਦਾ ਹੀ ਹੈ, ਉਥੇ ਹੀ ਅਧਿਕਾਰੀਆਂ ਦੀ ਇਸ ਢੀਠਤਾ ਕਾਰਨ ਹੁਣ ਤੱਕ ਉਕਤ ਪਟਵਾਰ ਸਰਕਲ ਦੀ ਜਮ?ਹਾਬੰਦੀ ਨਾ ਬਣਨ ਕਾਰਨ ਹਜ਼ਾਰਾਂ ਲੋਕਾਂ ਨੂੰ 2015-16 ਦੀ ਜਮ?ਹਾਬੰਦੀ ਦੇ ਦਸਤਾਵੇਜ਼ਾਂ



ਨਾਲ ਗੁਜ਼ਾਰਾ ਕਰਨਾ ਪੈ ਰਿਹਾ ਹੈ। ਇਸ ਸਰਕਲ 'ਚ ਤਾਇਨਾਤ ਪਟਵਾਰੀ ਵਿਵੇਕ ਭਾਟੀਆ ਨੂੰ ਹਰ ਰੋਜ਼ ਇਸ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਲੋਕ ਨਵੀਂ ਜਮ?ਹਾਬੰਦੀ ਬਾਰੇ ਸਵਾਲ ਪੁੱਛਦੇ ਹਨ ਕਿ ਇਹ ਜਮ?ਹਾਬੰਦੀ ਅਜੇ ਤੱਕ ਕਿਉਂ ਤਿਆਰ ਨਹੀਂ ਕੀਤੀ ਗਈ ਹੈ। ਮਾਲ ਵਿਭਾਗ ਦੇ ਪਟਵਾਰ ਸਰਕਲ 110 ਦੀ ਗੱਲ ਕਰੀਏ ਤਾਂ ਇਸ ਸਰਕਲ 'ਚ ਮਹਾਂਨਗਰ ਦੇ ਪਾਸ਼ ਇਲਾਕੇ ਮਾਲ ਰੋਡ, ਜੋਸ਼ੀ ਕਾਲੋਨੀ, ਸ਼ਿਵਾਲਾ ਕਾਲੋਨੀ, ਬੱਸ ਸਟੈਂਡ, ਗੋਲਡਨ ਐਵੇਨਿਊ, ਆਈ. ਡੀ. ਐੱਚ. ਮਾਰਕੀਟ, ਤਿਲਕ ਨਗਰ ਅਤੇ ਕ੍ਰਿਸ਼ਨਾ ਨਗਰ ਵਰਗੇ ਪਾਸ਼ ਇਲਾਕੇ ਸ਼ਾਮਲ ਹਨ, ਜਿੱਥੇ ਜ਼ਮੀਨ ਦੇ ਰੇਟ ਬਹੁਤ ਜ਼ਿਆਦਾ ਹਨ ਪਰ ਉਕਤ ਅਧਿਕਾਰੀਆਂ ਦੀ ਲਾਪ੍ਰਵਾਹੀ ਕਾਰਨ ਲੋਕਾਂ ਨੂੰ ਪਿਛਲੀ ਜਮ?ਹਾਬੰਦੀ ਦਾ ਹਵਾਲਾ ਦੇ ਕੇ ਮੌਜੂਦਾ ਪਟਵਾਰੀ ਦਸਤਾਵੇਜ਼ ਜਾਰੀ ਕਰ ਰਹੇ ਹਨ, ਜਦੋਂ ਕਿ ਆਮ ਲੋਕਾਂ ਦਾ ਇਸ 'ਚ ਕੋਈ ਕਸੂਰ ਨਹੀਂ ਹੈ। ਇੰਨੇ ਸਾਲਾਂ ਤੋਂ ਜਮ?ਹਾਂਬੰਦੀ ਤਿਆਰ ਨਹੀਂ ਹੋ ਸਕੀ। ਇਸ 'ਚ ਇਕ ਵੱਡੀ ਲਾਪ੍ਰਵਾਹੀ ਤਾਂ ਸਾਹਮਣੇ ਆ ਚੁੱਕੀ ਹੈ, ਉਥੇ ਹੀ ਸਮੇਂ-ਸਮੇਂ 'ਤੇ ਸਾਬਕਾ ਡਿਪਟੀ ਕਮਿਸ਼ਨਰਾਂ ਨੇ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ। ਇਹ ਵੀ ਇਕ ਵੱਡਾ ਸਵਾਲ ਹੈ। ਫਿਲਹਾਲ ਡੀ. ਸੀ. ਸਾਕਸ਼ੀ ਸਾਹਨੀ ਨੇ ਇਸ ਮਾਮਲੇ 'ਚ ਜ਼ਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ ਰੰਧਾਵਾ ਨੂੰ ਸਖ਼ਤੀ ਨਾਲ ਜਾਂਚ ਕਰਨ ਅਤੇ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਖ਼?ਲਾਫ਼ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ। ਜਮ?ਹਾਬੰਦੀ ਤਿਆਰ ਹੋ ਚੁੱਕੀ ਹੈ

# ਸਬ-ਰਜਿਸਟਰਾਰ-2 ਦਫ਼ਤਰ 'ਚ ਗਵਾਹੀ ਨੂੰ ਲੈ ਕੇ ਭਿੜੇ ਨੰਬਰਦਾਰ, ਧੜੇਬੰਦੀ ਨੇ ਵਧਾਈ ਬਿਨੈਕਾਰਾਂ ਦੀ ਪ੍ਰੇਸ਼ਾਨੀ

**ਏਜੰਸੀਆਂ**

ਜਲੰਧਰ 6 ਮਈ। ਸਬ-ਰਜਿਸਟਰਾਰ ਜਲੰਧਰ-2 ਦਫ਼ਤਰ ਵਿਚ ਗਵਾਹੀ ਪ੍ਰਕਿਰਿਆ ਨੂੰ ਲੈ ਕੇ ਚੱਲ ਰਹੀ ਅੰਦਰੂਨੀ ਖਿੱਚੋਤਾਣ ਅੱਜ ਇਕ ਵਾਰ ਫਿਰ ਸਾਹਮਣੇ ਆ ਗਈ। ਰਜਿਸਟਰੀ ਦੇ ਦਸਤਾਵੇਜ਼ਾਂ ਵਿਚ ਗਵਾਹੀ ਪਾਉਣ ਸਬੰਧੀ 2 ਨੰਬਰਦਾਰਾਂ ਦੇ ਧੜਿਆਂ ਵਿਚ ਜੰਮ ਕੇ ਬਹਿਸਬਾਜ਼ੀ ਅਤੇ ਵਿਵਾਦ ਹੋਇਆ। ਇਸ ਪੂਰੇ ਘਟਨਾਕ੍ਰਮ ਨੇ ਨਾ ਸਿਰਫ਼ ਦਫ਼ਤਰ ਦਾ ਮਾਹੌਲ ਤਣਾਅਪੂਰਨ ਬਣਾ ਦਿੱਤਾ, ਸਗੋਂ ਰਜਿਸਟਰੀ ਕਰਵਾਉਣ ਆਏ ਆਮ ਬਿਨੈਕਾਰਾਂ ਨੂੰ ਵੀ ਭਾਰੀ ਪ੍ਰੇਸ਼ਾਨੀ ਝੱਲਣੀ ਪਈ। ਗਵਾਹੀ ਦੀ ਇਸ ਰੱਸਾਕਸ਼ੀ ਦੇ ਕੇਂਦਰ ਵਿਚ ਖਾਂਬਰਾ ਤੇ ਵਡਾਲਾ ਇਲਾਕੇ ਨਾਲ ਜੁੜੀ ਇਕ ਰਿਹਾਇਸ਼ੀ ਪ੍ਰਾਪਰਟੀ ਦੀ ਰਜਿਸਟਰੀ ਸੀ, ਜਿਥੇ ਨੰਬਰਦਾਰਾਂ ਦੇ 2 ਧੜੇ ਗੁਰਦੇਵ ਲਾਲ ਤੇ ਮਦਨ ਲਾਲ ਇਕ-ਦੂਜੇ ਦੇ ਸਾਹਮਣੇ ਆ ਡਟੇ। ਜ਼ਿਕਰਯੋਗ ਹੈ ਕਿ ਸਬ-ਰਜਿਸਟਰਾਰ ਦਫ਼ਤਰਾਂ ਵਿਚ ਰਜਿਸਟਰੀ, ਵਸੀਅਤ, ਪਾਵਰ ਆਫ਼ ਅਟਾਰਿਨੀ, ਤਬਦੀਲ ਮਲਕੀਅਤ ਆਦਿ ਦਸਤਾਵੇਜ਼ਾਂ ਦੀ ਆਨਲਾਈਨ ਅਪਰੂਵਲ ਸਿਸਟਮ ਨਾਲ ਹੁੰਦੀ ਹੈ। ਇਸ ਵਿਵਸਥਾ ਵਿਚ ਪ੍ਰਾਪਰਟੀ ਨਾਲ ਸਬੰਧਤ ਗਵਾਹੀ ਨੰਬਰਦਾਰਾਂ ਤੋਂ ਲਈ ਜਾਂਦੀ ਹੈ, ਜਿਸ ਨਾਲ ਦਸਤਾਵੇਜ਼ ਦੀ ਪ੍ਰਮਾਣਿਕਤਾ ਯਕੀਨੀ ਬਣਾਈ ਜਾ ਸਕੇ। ਹਾਲਾਂਕਿ ਇਸ ਪ੍ਰਕਿਰਿਆ ਵਿਚ ਪਾਰਦਰਸ਼ਿਤਾ ਲਿਆਉਣ ਦਾ ਉਦੇਸ਼ ਸੀ ਪਰ ਵਿਵਹਾਰਿਕ ਪੱਧਰ 'ਤੇ ਇਹ ਪ੍ਰਣਾਲੀ ਵਿਵਾਦ ਅਤੇ ਟਕਰਾਅ ਦਾ ਕਾਰਨ ਬਣਦੀ ਜਾ ਰਹੀ ਹੈ। ਕਈ ਵਾਰ ਦੇਖਿਆ ਗਿਆ ਕਿ ਇਕ ਇਲਾਕੇ ਦਾ ਨੰਬਰਦਾਰ ਕਿਸੇ ਹੋਰ ਇਲਾਕੇ ਦੀ ਪ੍ਰਾਪਰਟੀ ਵਿਚ ਵੀ ਗਵਾਹੀ ਪਾਉਣ ਲੱਗਦਾ ਹੈ। ਇਸ ਰੁਝਾਨ ਕਾਰਨ ਹੁਣ ਨੰਬਰਦਾਰਾਂ ਵਿਚ ਧੜੇਬੰਦੀ ਵਧਣ ਲੱਗੀ ਹੈ ਅਤੇ ਗਵਾਹੀ ਇਕ ਰਸਮੀ ਪ੍ਰਕਿਰਿਆ ਤੋਂ ਜ਼ਿਆਦਾ 'ਕੰਟਰੋਲ ਅਤੇ ਕਮਾਈ' ਦਾ ਜ਼ਰੀਆ ਬਣਦੀ ਜਾ ਰਹੀ ਹੈ। ਉਥੇ ਹੀ, ਦਫਤਰ ਵਿਚ ਮੌਜੂਦ ਕੁਝ ਲੋਕਾਂ ਦਾ ਕਹਿਣਾ ਸੀ ਕਿ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਉਹ ਨੰਬਰਦਾਰਾਂ ਦੇ ਧੜਿਆਂ ਦੀ ਮਨਮਾਨੀ 'ਤੇ ਰੋਕ ਲਾਵੇ ਅਤੇ ਇਕ ਰੋਟੇਸ਼ਨ ਸਿਸਟਮ ਜਾਂ ਡਿਜੀਟਲ ਰੈਂਡਮ ਅਲਾਟਮੈਂਟ ਪ੍ਰਣਾਲੀ ਲਾਗੂ ਕਰੇ, ਜਿਸ ਨਾਲ ਗਵਾਹੀ ਪ੍ਰਕਿਰਿਆ ਨਿਰਪੱਖ ਰੂਪ ਨਾਲ ਕੀਤੀ ਜਾ ਸਕੇ। ਇਸ ਤੋਂ ਇਲਾਵਾ ਅਜਿਹੀਆਂ ਘਟਨਾਵਾਂ 'ਤੇ ਸਖ਼ਤ ਕਾਰਵਾਈ ਵੀ ਕੀਤੀ ਜਾਣੀ ਚਾਹੀਦੀ ਹੈ ਤਾਂ ਕਿ ਸਰਕਾਰੀ ਪ੍ਰਕਿਰਿਆ ਦਾ ਮਜ਼ਾਕ ਨਾ ਬਣੇ। ਸਬ-ਰਜਿਸਟਰਾਰ ਜਲੰਧਰ-2 ਦਫ਼ਤਰ ਵਿਚ ਇਸ ਸਮੇਂ 2 ਪ੍ਰਮੁੱਖ ਧੜੇ ਬਣ ਚੁੱਕੇ ਹਨ। ਇਕ ਗਰੁੱਪ ਦੀ ਅਗਵਾਈ ਨੰਬਰਦਾਰ ਯੂਨੀਅਨ ਦੇ ਪ੍ਰਧਾਨ ਗੁਰਦੇਵ ਕਰ ਰਹੇ ਹਨ, ਜਦੋਂ ਕਿ ਦੂਜਾ ਧੜਾ ਮਦਨ ਲਾਲ ਦੀ ਅਗਵਾਈ ਵਿਚ ਸਰਗਰਮ ਹੈ। ਰੋਜ਼ਾਨਾ ਰਜਿਸਟਰੀ ਦਸਤਾਵੇਜ਼ਾਂ ਵਿਚ ਗਵਾਹੀ ਪਾਉਣ ਸਬੰਧੀ ਇਨ੍ਹਾਂ ਦੋਵਾਂ ਵਿਚਕਾਰ ਤਣਾਤਣੀ ਚੱਲ ਰਹੀ ਹੈ। ਆਪਸੀ ਮਨਮੁਟਾਅ ਹੁਣ ਖੁੱਲ੍ਹ ਕੇ ਸਾਹਮਣੇ ਆ ਚੁੱਕਾ ਹੈ ਅਤੇ ਹਰ



ਦਸਤਾਵੇਜ਼ ਵਿਚ ਕੌਣ ਗਵਾਹੀ ਪਾਵੇਗਾ, ਇਸ ਨੂੰ ਲੈ ਕੇ ਲਗਾਤਾਰ ਟਕਰਾਅ ਹੋ ਰਿਹਾ ਹੈ। ਅੱਜ ਦਾ ਵਿਵਾਦ ਵੀ ਇਸੇ ਧੜੇਬੰਦੀ ਦੀ ਉਪਜ ਸੀ। ਰਜਿਸਟਰੀ ਦਸਤਾਵੇਜ਼ ਵਿਚ ਪਹਿਲਾਂ ਸੁਰਿੰਦਰ ਸਿੰਘ ਨਾਂ ਦੇ ਨੰਬਰਦਾਰ ਦੀ ਗਵਾਹੀ ਦਰਜ ਕੀਤੀ ਗਈ ਸੀ ਪਰ ਐਨ ਵਕਤ 'ਤੇ ਸੁਰਿੰਦਰ ਦੀ ਪਤਨੀ ਦੀ ਤਬੀਅਤ ਖਰਾਬ ਹੋਣ ਕਾਰਨ ਉਹ ਦਫ਼ਤਰ ਤੋਂ ਚਲਾ ਗਿਆ। ਅਜਿਹੇ ਵਿਚ ਗੁਰਦੇਵ ਲਾਲ ਧੜੇ ਦੇ ਇਕ ਨੰਬਰਦਾਰ ਨੇ ਉਸ ਦੀ ਜਗ?ਹਾ ਸਵੈ-ਘੋਸ਼ਣਾ ਪੱਤਰ ਦੇ ਨਾਲ ਗਵਾਹੀ ਦੇਣ ਦੀ ਕੋਸ਼ਿਸ਼ ਕੀਤੀ। ਇਸ 'ਤੇ ਮਦਨ ਲਾਲ ਧੜੇ ਨੇ ਤਿੱਖਾ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸੁਰਿੰਦਰ ਉਨ੍ਹਾਂ ਦੇ ਗਰੁੱਪ ਨਾਲ ਸਬੰਧਤ ਹੈ, ਇਸ ਲਈ ਗਵਾਹੀ ਉਨ੍ਹਾਂ ਦਾ ਹੀ ਨੰਬਰਦਾਰ ਦੇਵੇਗਾ। ਇਹ ਵਿਵਾਦ ਉਸ ਸਮੇਂ ਹੋਰ ਜ਼ਿਆਦਾ ਗੰਭੀਰ ਹੋ ਗਿਆ, ਜਦੋਂ ਦੋਵਾਂ ਧੜਿਆਂ ਵਿਚਕਾਰ ਬਹਿਸਬਾਜ਼ੀ ਜੁਆਇੰਟ ਸਬ-ਰਜਿਸਟਰਾਰ ਰਵਨੀਤ ਕੌਰ ਅਤੇ ਜਗਤਾਰ ?ਸੰਘ ਦੇ ਸਾਹਮਣੇ ਹੋਣ ਲੱਗੀ ਪਰ ਦੋਵੇਂ ਜੁਆਇੰਟ ਸਬ-ਰਜਿਸਟਰਾਰ ਇਸ ਮਾਮਲੇ ਵਿਚ ਮੂਕਦਰਸ਼ਕ ਬਣੇ ਰਹੇ ਅਤੇ ਆਪਣਾ ਹੋਰ ਕੰਮ ਨਿਪਟਾਉਂਦੇ ਰਹੇ। ਇੰਨਾ ਹੀ ਨਹੀਂ, ਰਜਿਸਟਰੀ ਕਲਰਕ ਨਾਲ ਵੀ ਇਕ ਨੰਬਰਦਾਰ ਦੀ ਜ਼ੋਰਦਾਰ ਬਹਿਸ ਹੋ ਗਈ, ਜਿਸ ਨਾਲ ਪੂਰੇ ਦਫ਼ਤਰ ਦਾ ਮਾਹੌਲ ਲਗਭਗ ਅੱਧੇ ਘੰਟੇ ਤਕ ਤਣਾਅਪੂਰਨ ਬਣਿਆ ਰਿਹਾ। ਅੱਜ ਦੀ ਘਟਨਾ ਨੇ ਇਹ ਉਜਾਗਰ ਕਰ ਦਿੱਤਾ ਕਿ ਇਹ ਲੜਾਈ ਸਿਰਫ਼ ਗਵਾਹੀ ਪਾਉਣ ਤਕ ਸੀਮਤ ਨਹੀਂ ਹੈ, ਅਸਲ ਵਿਚ ਇਹ ਉਸ ਆਰਥਿਕ ਲਾਭ ਦੀ ਲੜਾਈ ਹੈ, ਜੋ ਹਰ ਰਜਿਸਟਰੀ ਦਸਤਾਵੇਜ਼ ਵਿਚ ਗਵਾਹੀ ਪਾਉਣ ਬਦਲੇ ਮਿਲਦਾ ਹੈ। ਸੂਤਰਾਂ ਅਨੁਸਾਰ ਇਕ ਗਵਾਹੀ ਦੇ ਬਦਲੇ ਨੰਬਰਦਾਰਾਂ ਨੂੰ ਤੈਅ ਫ਼ੀਸ ਤੋਂ ਕਿਤੇ ਜ਼ਿਆਦਾ 1000 ਰੁਪਏ ਤਕ ਮਿਲਦੇ ਹਨ। ਅਜਿਹੀ ਸਥਿਤੀ ਵਿਚ ਵੱਧ ਤੋਂ ਵੱਧ ਗਵਾਹੀਆਂ 'ਤੇ ਕਬਜ਼ਾ ਬਣਾਈ ਰੱਖਣ ਲਈ ਧੜੇਬੰਦੀ ਸੁਭਾਵਿਕ ਰੂਪ ਨਾਲ ਜਨਮ ਲੈ ਰਹੀ ਹੈ। ਇੰਨਾ ਹੀ ਨਹੀਂ, ਇਸ ਹੰਗਾਮੇ ਦੌਰਾਨ ਮਦਨ ਲਾਲ ਨੇ ਜਨਤਕ ਤੌਰ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਭਾਵੇਂ ਨੰਬਰਦਾਰਾਂ ਦਾ ਸਾਰਾ ਕੰਮ ਬੰਦ ਹੋ ਜਾਵੇ, ਸਾਨੂੰ ਕੋਈ ਪ੍ਰਵਾਹ ਨਹੀਂ ਪਰ ਸਾਡੇ ਗਰੁੱਪ ਦੇ ਦਸਤਾਵੇਜ਼ ਵਿਚ ਕਿਸੇ ਹੋਰ ਦੀ ਗਵਾਹੀ ਨਹੀਂ ਪਾਉਣ ਦਿੱਤੀ ਜਾਵੇਗੀ। ਇਹ ਕਥਨ ਇਸ ਗੱਲ ਦਾ ਸਾਫ਼ ਸੰਕੇਤ ਹੈ ਕਿ ਇਹ ਮਾਮਲਾ ਪ੍ਰਤਿਸ਼ਠਾ ਤੋਂ ਵੱਧ 'ਦਖਲ ਅਤੇ ਦਬਦਬੇ' ਦਾ ਹੈ। ਨੰਬਰਦਾਰਾਂ ਦੀ ਇਸ ਆਪਸੀ ਖਿੱਚੋਤਾਣ ਦਾ ਸਭ ਤੋਂ ਵੱਡਾ ਖਮਿਆਜ਼ਾ ਉਨ੍ਹਾਂ ਬਿਨੈਕਾਰਾਂ ਨੂੰ ਭੁਗਤਣਾ ਪੈ ਰਿਹਾ ਹੈ, ਜੋ ਆਪਣੀ ਜ਼ਮੀਨ ਜਾਂ ਪ੍ਰਾਪਰਟੀ ਦੀ ਕਾਨੂੰਨੀ ਪ੍ਰਕਿਰਿਆ ਨੂੰ ਪੂਰਾ ਕਰਵਾਉਣ ਦਫਤਰ ਆਉਂਦੇ ਹਨ। ਅੱਜ ਦੀ ਘਟਨਾ ਵਿਚ ਵੀ ਉਹ ਸਿਰਫ ਦਰਸ਼ਕ ਬਣ ਕੇ ਰਹਿ ਗਏ। ਕੁਝ ਨੇ ਤਾਂ ਇਸ ਸਥਿਤੀ ਤੋਂ ਤੰਗ ਆ ਕੇ ਇਹ ਤਕ ਕਿਹਾ ਕਿ ਇਹ ਤਾਂ ਕੋਰਟ ਤੋਂ ਵੀ ਜ਼ਿਆਦਾ ਉਲਝਣ ਭਰਿਆ ਕੰਮ ਹੋ ਗਿਆ ਹੈ।